ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 17 ਮਾਰਚ 2026 (ਨਾਨਕਸ਼ਾਹੀ ਸੰਮਤ : ੫੫੮, 4 ਚੇਤ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਚੀਨ 'ਚ ਹੁਣ ਗੂੰਜੇਗੀ 'ਪੰਜਾਬੀ'; ਚੀਨੀ ਯੂਨੀਵਰਸਿਟੀ ਨੇ ਵਿਦੇਸ਼ੀ ਭਾਸ਼ਾ ਦੇ ਕੋਰਸਾਂ 'ਚ ਪੰਜਾਬੀ ਨੂੰ ਕੀਤਾ ਸ਼ਾਮਲ

**ਬੀਜਿੰਗ, 16 ਮਾਰਚ (ਆਵਾਜ਼ਿ ਕੌਮ ਬਿਊਰੋ)**-ਚੀਨ ਤੋਂ ਪੰਜਾਬੀਆਂ ਲਈ ਇੱਕ ਬੇਹੱਦ ਮਾਣ ਵਾਲੀ ਅਤੇ ਖ਼ੁਸ਼ੀ ਦੀ ਖ਼ਬਰ ਸਾਹਮਣੇ ਆਈ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਚੀਨ ਦੀ ਬੀਜਿੰਗ ਫਾਰੇਨ ਸਟੱਡੀਜ਼ ਯੂਨੀਵਰਸਿਟੀ (ਬੀ.ਐਫ.ਐਸ.ਯੂ.) ਨੇ ਆਪਣੇ ਵਿਦੇਸ਼ੀ ਭਾਸ਼ਾ ਦੇ ਕੋਰਸਾਂ ਵਿੱਚ ਪੰਜਾਬੀ ਨੂੰ ਸ਼ਾਮਲ ਕਰ ਲਿਆ ਹੈ। ਬੀ.ਐਫ.ਐਸ.ਯੂ. ਨੇ ਪੰਜਾਬੀ ਭਾਸ਼ਾ ਪੜ੍ਹਾਉਣ ਲਈ ਸੈਂਟਰਲ ਯੂਨੀਵਰਸਿਟੀ ਆਫ਼ ਪੰਜਾਬ, ਬਠਿੰਡਾ ਦੇ ਸਕੂਲ ਆਫ਼ ਲੈਂਗੂਏਜ, ਲਿਟਰੇਚਰ ਐਂਡ ਕਲਚਰ ਦੇ ਸਾਬਕਾ ਡੀਨ ਪ੍ਰੋਫੈਸਰ ਜ਼ਮੀਰਪਾਲ ਕੌਰ ਸੰਧੂ ਬਾਜਵਾ ਨੂੰ ਨਿਯੁਕਤ ਕੀਤਾ ਹੈ। ਕੌਰ ਨੇ ਇੱਥੇ ਪੀ.ਟੀ.ਆਈ. ਨੂੰ ਦੱਸਿਆ ਕਿ ਭਾਸ਼ਾ ਪੜ੍ਹਾਉਣ ਤੋਂ ਇਲਾਵਾ, ਉਹ ਪੰਜਾਬੀ ਇਤਿਹਾਸ ਅਤੇ ਸੱਭਿਆਚਾਰ ਵਿੱਚ ਕਲਾਸਾਂ ਲਵੇਗੀ ਅਤੇ ਚੀਨੀ ਅਧਿਆਪਕਾਂ ਨੂੰ ਪੰਜਾਬੀ ਭਾਸ਼ਾ ਸਿਖਾਉਣ ਲਈ ਸਿਖਲਾਈ ਦੇਵੇਗੀ। ਹੁਣ ਚੀਨੀ ਵਿਦਿਆਰਥੀ ਵੀ ਪੰਜਾਬੀ ਭਾਸ਼ਾ ਦੀ ਬਾਰੀਕੀ ਨੂੰ ਸਮਝਣਗੇ ਅਤੇ ਇਸ ਨੂੰ ਸਿੱਖਣਗੇ। ਇਹ ਕਦਮ ਪੰਜਾਬੀ ਭਾਸ਼ਾ ਦੇ ਅੰਤਰਰਾਸ਼ਟਰੀ ਪੱਧਰ 'ਤੇ ਵਧ ਰਹੇ ਪ੍ਰਭਾਵ ਨੂੰ ਦਰਸਾਉਂਦਾ ਹੈ। ਯੂਨੀਵਰਸਿਟੀ ਵੱਲੋਂ ਪੰਜਾਬੀ ਨੂੰ ਆਪਣੇ ਪਾਠਕ੍ਰਮ ਦਾ ਹਿੱਸਾ ਬਣਾਉਣਾ ਦੋਵਾਂ ਦੇਸ਼ਾਂ ਦੇ ਸੱਭਿਆਚਾਰਕ ਸਾਂਝ ਨੂੰ ਵਧਾਉਣ ਵਿੱਚ ਵੀ ਸਹਾਇਕ ਸਾਬਤ ਹੋ ਸਕਦਾ ਹੈ। ਮਾਹਰਾਂ ਅਨੁਸਾਰ, ਚੀਨ ਵਿੱਚ ਪੰਜਾਬੀ ਪੜ੍ਹਾਏ ਜਾਣ ਨਾਲ ਉੱਥੋਂ ਦੇ ਵਿਦਿਆਰਥੀਆਂ ਲਈ ਪੰਜਾਬੀ ਸੱਭਿਆਚਾਰ, ਸਾਹਿਤ ਅਤੇ ਲੋਕਾਂ ਨੂੰ ਸਮਝਣਾ ਆਸਾਨ ਹੋ ਜਾਵੇਗਾ। ਇਹ ਪਹਿਲੀ ਵਾਰ ਹੈ ਜਦੋਂ ਕਿਸੇ ਪ੍ਰਮੁੱਖ ਚੀਨੀ ਵਿਦਿਅਕ ਸੰਸਥਾ ਨੇ ਪੰਜਾਬੀ ਨੂੰ ਇੱਕ ਰਸਮੀ ਵਿਦੇਸ਼ੀ ਭਾਸ਼ਾ ਵਜੋਂ ਅਪਣਾਇਆ ਹੈ।

## ਜਲੰਧਰ ਅਤੇ ਮੋਗਾ ਦੇ ਸਕੂਲਾਂ ਨੂੰ ਮਿਲੀ ਬੰਬ ਨਾਲ ਉਡਾਉਣ ਦੀ ਧਮਕੀ

# ਟ੍ਰੇਨ ਨੂੰ ਵੀ ਉਡਾਉਣ ਦੀ ਦਿੱਤੀ ਚੇਤਾਵਨੀ

**ਨਵੀਂ ਦਿੱਲੀ, 16 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਸਕੂਲਾਂ ਨੂੰ ਲਗਾਤਾਰ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਮਿਲ ਰਹੀਆਂ ਹਨ। ਇਹ ਸਿਲਸਿਲਾ ਲਗਾਤਾਰ ਜਾਰੀ ਵੀ ਹੈ। ਇਸੇ ਦੇ ਚੱਲਦੇ ਹੁਣ ਜਲੰਧਰ ਦੇ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ ਹੈ। ਮਿਲੀ ਜਾਣਕਾਰੀ ਮੁਤਾਬਿਕ ਈਮੇਲ ਦੇ ਜਰੀਏ ਸਕੂਲਾਂ ਨੂੰ ਧਮਕੀ ਹਾਸਿਲ ਹੋਈ ਹੈ। ਜਿਸ 'ਚ ਟ੍ਰੇਨ ਨੂੰ ਵੀ ਉਡਾਉਣ ਦੀ ਚਿਤਾਵਨੀ ਦਿੱਤੀ ਗਈ ਹੈ। ਦੱਸ ਦਈਏ ਕਿ ਸਕੂਲਾਂ ਨੂੰ ਮੇਲ ਸਵੇਰੇ 7:37 ਵਜੇ ਮਿਲੀ ਹੈ। ਜਿਸ 'ਚ ਕਿਹਾ ਗਿਆ ਹੈ ਕਿ ਮੁੱਖ ਮੰਤਰੀ ਭਗਵੰਤ ਮਾਨ ਨਿਸ਼ਾਨੇ 'ਤੇ ਹਨ। ਪੰਜਾਬ ਨੂੰ ਖਾਲਿਸਤਾਨ ਬਣਾਉਣ ਦਾ ਵੀ ਜਿਕਰ ਕੀਤਾ ਗਿਆ ਹੈ। ਨਾਲ ਹੀ ਕਿਹਾ ਕਿ ਆਪਣੇ ਬੱਚਿਆਂ ਨੂੰ ਬਚਾਓ। ਡਾ ਬੀ.ਆਰ ਅੰਬੇਡਕਰ ਦੇ




ਬੁੱਤਾਂ ਨੂੰ 14 ਅਪ੍ਰੈਲ ਤੱਕ ਪੰਜਾਬ ਵਿੱਚੋ ਹਟਾ ਦਿਓ। ਨਹੀਂ ਤਾਂ 14 ਅਪ੍ਰੈਲ ਨੂੰ ਸਾਰੇ ਬੁੱਤਾਂ ਨੂੰ ਬੰਬ ਨਾਲ ਉਡਾਇਆ ਜਾਵੇਗਾ। ਮੇਲ 'ਚ ਧਮਾਕੇ ਦੇ ਸਮੇਂ ਦਾ ਵੀ ਜ਼ਿਕਰ ਕੀਤਾ ਗਿਆ ਹੈ। ਸਕੂਲਾਂ 'ਚ 1:11 ਵਜੇ, ਵਿਧਾਨਸਭਾ 'ਚ 2.11 ਤੇ ਦਿੱਲੀ ਟ੍ਰੇਨ 'ਚ 9.11 ਵਜੇ ਧਮਾਕਾ ਕਰਨ ਦੀ ਚਿਤਾਵਨੀ ਦਿੱਤੀ ਗਈ ਹੈ। ਦੱਸ ਦਈਏ ਕਿ ਜਲੰਧਰ ਮਗਰੋਂ ਹੁਣ ਮੋਗਾ ਦੇ 3 ਤਿੰਨ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਦਿੱਤੀ ਗਈ ਹੈ। ਮਿਲੀ ਜਾਣਕਾਰੀ ਮੁਤਾਬਿਕ ਜ਼ਿਲ੍ਹੇ ਦੇ 3 ਸਰਕਾਰੀ ਸਕੂਲਾਂ ਝੰਡੇਵਾਲਾ, ਗੋਧੇਵਾਲਾ ਤੇ ਉਗੋਕੇ ਨੂੰ ਧਮਕੀ ਮਿਲੀ ਹੈ। ਫਿਲਹਾਲ ਹੁਣ ਸਕੂਲਾਂ ਨੂੰ ਖਾਲੀ ਕਰਵਾ ਦਿੱਤਾ ਗਿਆ ਹੈ ਅਤੇ ਪੇਪਰ ਨੂੰ ਵੀ ਰੱਦ ਕਰ ਦਿੱਤਾ ਗਿਆ ਹੈ।

## ਓਡੀਸ਼ਾ 'ਚ ਵਾਪਰੀ ਵੱਡੀ ਘਟਨਾ; ਹਸਪਤਾਲ 'ਚ ਲੱਗੀ ਅੱਗ, ਘੱਟੋ-ਘੱਟ 10 ਲੋਕਾਂ ਦੀ ਮੌਤ

**ਨਵੀਂ ਦਿੱਲੀ, 16 ਮਾਰਚ (ਆਵਾਜ਼ਿ ਕੌਮ ਬਿਊਰੋ)**-ਓਡੀਸ਼ਾ ਦੇ ਕਟਕ ਵਿੱਚ ਇੱਕ ਵੱਡਾ ਹਾਦਸਾ ਵਾਪਰਿਆ ਹੈ। ਸੋਮਵਾਰ ਸਵੇਰੇ ਇੱਕ ਹਸਪਤਾਲ ਵਿੱਚ ਅੱਗ ਲੱਗ ਗਈ, ਜਿਸ ਵਿੱਚ ਘੱਟੋ-ਘੱਟ 10 ਲੋਕਾਂ ਦੀ ਮੌਤ ਹੋ ਗਈ। ਹਾਲਾਂਕਿ, ਮਰਨ ਵਾਲਿਆਂ ਦੀ ਗਿਣਤੀ ਅਜੇ ਵੀ ਸਪੱਸ਼ਟ ਨਹੀਂ ਹੈ। ਅੱਗ ਲੱਗਣ ਦੇ ਕਾਰਨਾਂ ਦੀ ਅਜੇ ਜਾਂਚ ਕੀਤੀ ਜਾ ਰਹੀ ਹੈ। ਸ਼ੱਕ ਹੈ ਕਿ ਸ਼ਾਰਟ ਸਰਕਟ ਕਾਰਨ ਅੱਗ ਲੱਗੀ। ਮੀਡੀਆ ਰਿਪੋਰਟਾਂ ਦੀ ਮੰਨੀਏ ਤਾਂ ਆਈਸੀਯੂ 'ਚ ਲੱਗੀ ਅੱਗ ਵਿੱਚ ਘੱਟੋ-ਘੱਟ 10 ਮਰੀਜ਼ਾਂ ਦੀ ਮੌਤ ਹੋ ਗਈ ਹੈ। ਪੰਜ ਹੋਰ ਮਰੀਜ਼ ਬੁਰੀ ਤਰ੍ਹਾਂ ਸੜ ਗਏ ਹਨ। ਕੁਝ ਮਰੀਜ਼ਾਂ ਨੂੰ ਹਸਪਤਾਲ ਕੰਪਲੈਕਸ ਦੇ ਅੰਦਰ ਇੱਕ ਨਵੀਂ ਇਮਾਰਤ ਵਿੱਚ ਤਬਦੀਲ ਕਰ ਦਿੱਤਾ ਗਿਆ ਹੈ। ਮੁੱਖ ਮੰਤਰੀ ਮੋਹਨ ਮਾਂਝੀ ਸਥਿਤੀ ਦਾ ਜਾਇਜ਼ਾ ਲੈਣ ਲਈ ਹਸਪਤਾਲ ਪਹੁੰਚੇ ਹਨ। ਘਟਨਾ ਸਬੰਧੀ ਚਸ਼ਮਦੀਦਾਂ ਨੇ ਦੱਸਿਆ ਕਿ ਇਹ ਘਟਨਾ ਤੜਕੇ 2:30 ਤੋਂ 3 ਵਜੇ ਦੇ ਵਿਚਕਾਰ ਵਾਪਰੀ। ਅਧਿਕਾਰੀਆਂ ਨੇ ਕਿਹਾ ਕਿ ਅੱਗ ਲੱਗਣ ਦਾ ਕਾਰਨ ਸ਼ਾਰਟ ਸਰਕਟ ਹੋ ਸਕਦਾ ਹੈ। ਉਨ੍ਹਾਂ ਕਿਹਾ ਕਿ ਫਾਇਰ ਬ੍ਰਿਗੇਡ ਸਮੇਂ ਸਿਰ ਪਹੁੰਚੀ, ਪਰ ਆਈਸੀਯੂ ਵਿੱਚ ਵੈਂਟੀਲੇਟਰ ਸਪੋਰਟ ਪ੍ਰਾਪਤ ਕਰਨ ਵਾਲੇ ਮਰੀਜ਼ਾਂ ਦੀ ਦਮ ਘੁੱਟਣ ਨਾਲ ਮੌਤ ਹੋ ਗਈ।" ਓਡੀਸ਼ਾ ਦੇ ਸੀਐਮਓ ਨੇ ਕਿਹਾ ਕਿ ਮੁੱਖ ਮੰਤਰੀ ਮੋਹਨ ਚਰਨ ਮਾਝੀ ਨੇ ਐਸਸੀਬੀ ਮੈਡੀਕਲ ਕਾਲਜ ਅਤੇ ਹਸਪਤਾਲ ਦੇ ਟਰਾਮਾ ਕੇਅਰ ਆਈਸੀਯੂ ਵਿੱਚ ਲੱਗੀ ਭਿਆਨਕ ਅੱਗ ਦੀ ਘਟਨਾ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ। ਮੁੱਖ ਮੰਤਰੀ ਨੇ ਮੌਕੇ ਦਾ ਦੌਰਾ ਕੀਤਾ ਅਤੇ ਸਥਿਤੀ ਦਾ ਜਾਇਜ਼ਾ ਲਿਆ। ਮੁੱਖ ਮੰਤਰੀ ਨੇ ਘਟਨਾ ਦੀ ਨਿਆਂਇਕ ਜਾਂਚ ਦੇ ਹੁਕਮ ਦਿੱਤੇ ਅਤੇ ਅਧਿਕਾਰੀਆਂ ਨੂੰ ਪ੍ਰਭਾਵਿਤ ਮਰੀਜ਼ਾਂ ਨੂੰ ਤੁਰੰਤ ਸੁਰੱਖਿਅਤ ਥਾਵਾਂ 'ਤੇ ਤਬਦੀਲ ਕਰਨ ਅਤੇ ਬਿਨਾਂ ਕਿਸੇ ਰੁਕਾਵਟ ਦੇ ਉਨ੍ਹਾਂ ਦਾ ਇਲਾਜ ਜਾਰੀ ਰੱਖਣ ਦੇ ਨਿਰਦੇਸ਼ ਦਿੱਤੇ।÷ ਸੀਐਮਓ ਨੇ ਕਿਹਾ ਨੇ ਇਹ ਵੀ ਕਿਹਾ ਕਿ ਮ੍ਰਿਤਕਾਂ ਦੇ ਪਰਿਵਾਰਾਂ ਨਾਲ ਹਮਦਰਦੀ ਪ੍ਰਗਟ ਕਰਦੇ ਹੋਏ, ਮੁੱਖ ਮੰਤਰੀ ਨੇ ਹਰੇਕ ਮ੍ਰਿਤਕ ਦੇ ਰਿਸ਼ਤੇਦਾਰਾਂ ਲਈ ਮੁੱਖ ਮੰਤਰੀ ਰਾਹਤ ਫੰਡ (ਸੀਐਮਆਰਐਫ) ਤੋਂ 25 ਲੱਖ ਰੁਪਏ ਦੀ ਐਕਸ-ਗ੍ਰੇਸ਼ੀਆ ਦਾ ਐਲਾਨ ਕੀਤਾ। ਮੁੱਖ ਮੰਤਰੀ ਨੇ ਇਲਾਜ ਅਧੀਨ ਮਰੀਜ਼ਾਂ ਅਤੇ ਉਨ੍ਹਾਂ ਦੇ ਰਿਸ਼ਤੇਦਾਰਾਂ ਨਾਲ ਵੀ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਪੂਰਾ ਸਮਰਥਨ ਦੇਣ ਦਾ ਭਰੋਸਾ ਦਿੱਤਾ। ਉਨ੍ਹਾਂ ਸਿਹਤ ਵਿਭਾਗ ਅਤੇ ਹਸਪਤਾਲ ਦੇ ਅਧਿਕਾਰੀਆਂ ਨੂੰ ਸਾਰੇ ਜ਼ਖਮੀਆਂ ਅਤੇ ਪ੍ਰਭਾਵਿਤ ਮਰੀਜ਼ਾਂ ਲਈ ਸਭ ਤੋਂ ਵਧੀਆ ਡਾਕਟਰੀ ਦੇਖਭਾਲ ਯਕੀਨੀ ਬਣਾਉਣ ਦੇ ਨਿਰਦੇਸ਼ ਵੀ ਦਿੱਤੇ।

## ਰਣਜੀਤ ਸਿੰਘ ਢੱਡਰੀਆਂ ਦੀਆਂ ਵਧੀਆਂ ਮੁਸ਼ਕਿਲਾਂ !ਸੈਸ਼ਨ ਜੱਜ ਵੱਲੋਂ ਹੇਠਲੀ ਅਦਾਲਤ ਨੂੰ ਕੇਸ ਚਲਾਉਣ ਤੇ ਤਲਬ ਕਰਨ ਦੇ ਹੁਕਮ

**ਚੰਡੀਗੜ੍ਹ, 16 ਮਾਰਚ (ਆਵਾਜ਼ਿ ਕੌਮ ਬਿਊਰੋ)**-ਦੋ ਸਿੱਖ ਪ੍ਰਚਾਰਕਾਂ ਖਿਲਾਫ਼ ਭੱਦੀਆਂ ਟਿੱਪਣੀਆਂ ਕਰਨ ਦੇ ਮਾਮਲੇ ਵਿੱਚ ਰਣਜੀਤ ਸਿੰਘ ਢੱਡਰੀਆਂ ਦੀਆਂ ਮੁਸ਼ਕਿਲਾਂ ਵਧਦੀਆਂ ਵਿਖਾਈ ਦੇ ਰਹੀਆਂ ਹਨ। ਫਤਿਹਗੜ੍ਹ ਸਾਹਿਬ ਦੇ ਵਧੀਕ ਜ਼ਿਲ੍ਹਾ ਤੇ ਸੈਸ਼ਨ ਜੱਜ ਨੇ ਸੋਮਵਾਰ ਹੇਠਲੀ ਅਦਾਲਤ ਨੂੰ ਕੇਸ ਚਲਾਉਣ ਤੇ ਤਲਬ ਕਰਨ ਦੇ ਹੁਕਮ ਜਾਰੀ ਕੀਤੇ ਹਨ।



ਐਡਵੋਕੇਟ ਅਮਰਦੀਪ ਸਿੰਘ ਧਾਰਨੀ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਰਣਜੀਤ ਸਿੰਘ ਢੱਡਰੀਆਂ ਵਾਲੇ ਖਿਲਾਫ ਵਧੀਕ ਜ਼ਿਲ੍ਹਾ ਤੇ ਸੈਸ਼ਨ ਜੱਜ ਨੇ ਹੇਠਲੀ ਅਦਾਲਤ ਨੂੰ ਤਲਬ ਕਰਨ ਦੇ ਆਦੇਸ਼ ਕੀਤੇ ਹਨ। ਉਨ੍ਹਾਂ ਦੱਸਿਆ ਕਿ ਇਹ ਹੁਕਮ ਜਸਟਿਸ ਜੇ.ਐਸ. ਮਹਿੰਦੀਰੱਤਾ ਨੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਪ੍ਰੀਤ ਸਿੰਘ ਰੰਧਾਵਾ ਵੱਲੋਂ ਪਾਏ ਗਏ ਮਾਣਹਾਨੀ ਦੇ ਕੇਸ ਵਿੱਚ ਰਿਵੀਜ਼ਨ ਪਟੀਸ਼ਨ ਮਨਜ਼ੂਰ ਕਰਕੇ ਹੇਠਲੀ ਅਦਾਲਤ ਨੂੰ ਸੰਮਨ ਕਰਕੇ ਰਣਜੀਤ ਸਿੰਘ ਢੱਡਰੀਆਂ ਵਾਲੇ ਖਿਲਾਫ ਕੇਸ ਚਲਾਉਣ ਤੇ ਅਦਾਲਤ ਵਿੱਚ ਤਲਬ ਕਰਨ ਦੇ ਹੁਕਮ ਜਾਰੀ ਕੀਤੇ ਹਨ।

**ਕੀ ਸੀ ਪੂਰਾ ਮਾਮਲਾ ?**

ਉਨ੍ਹਾਂ ਨੇ ਦੱਸਿਆ ਕਿ 2019 ਵਿੱਚ ਰਣਜੀਤ ਸਿੰਘ ਢੱਡਰੀਆਂ ਵਾਲੇ ਦੇ ਖਿਲਾਫ ਮਾਣਹਾਨੀ ਦਾ ਇਤਸਗਾਸਾ ਦਾਇਰ ਕੀਤਾ ਸੀ ਪਰ ਹੇਠਲੀ ਅਦਾਲਤ ਨੇ ਕਿਸੇ ਵਜਾ ਕਰਕੇ ਸੰਤ ਰਣਜੀਤ ਸਿੰਘ ਢੱਡਰੀਆਂ ਵਾਲਿਆਂ ਨੂੰ ਅਦਾਲਤ ਵਿੱਚ ਪੇਸ਼ ਹੋਣ ਦੇ ਹੁਕਮ ਨਹੀਂ ਕੀਤੇ ਸਨ, ਜਿਸ ਦੇ ਖਿਲਾਫ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਪ੍ਰੀਤ ਸਿੰਘ ਰੰਧਾਵਾ ਨੇ ਅਡੀਸ਼ਨਲ ਡਿਸਟ੍ਰਿਕਟ ਤੇ ਸੈਸ਼ਨ ਜੱਜ ਫਤਿਹਗੜ੍ਹ ਸਾਹਿਬ ਕੋਲ ਰਿਵੀਜ਼ਨ ਪਟੀਸ਼ਨ ਦਾਇਰ ਕਰਕੇ ਹੇਠਲੀ ਅਦਾਲਤ ਦੇ ਹੁਕਮਾਂ ਨੂੰ ਚੈਲੰਜ ਕੀਤਾ ਸੀ, ਜਿਸ ਨੂੰ ਅਡੀਸ਼ਨਲ ਸੈਸ਼ਨ ਅਤੇ ਡਿਸਟ੍ਰਿਕ ਜੱਜ ਨੇ ਰਿਵੀਜ਼ਨ ਮਨਜ਼ੂਰ ਕਰਦਿਆਂ ਹੇਠਲੀ ਅਦਾਲਤ ਨੂੰ ਰਣਜੀਤ ਸਿੰਘ ਢੱਡਰੀਆਂ ਵਾਲੇ ਨੂੰ ਤਲਬ ਕਰਨ ਦੇ ਹੁਕਮ ਜਾਰੀ ਕੀਤੇ ਹਨ।

ਐਡਵੋਕੇਟ ਅਮਰਦੀਪ ਸਿੰਘ ਧਾਰਨੀ ਨੇ ਕਿਹਾ ਕਿ ਸੰਤ ਰਣਜੀਤ ਸਿੰਘ ਢੱਡਰੀਆਂ ਵਾਲੇ ਨੇ ਆਪਣੇ ਚਲਦੇ ਦੀਵਾਨ ਵਿੱਚ ਸਿੱਖ ਪ੍ਰਚਾਰਕ ਭਾਈ ਹਰੀ ਸਿੰਘ ਰੰਧਾਵਾ ਅਤੇ ਅਤੇ ਉਨ੍ਹਾਂ ਦੇ ਮੁੰਡੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਪ੍ਰੀਤ ਸਿੰਘ ਰੰਧਾਵਾ ਖਿਲਾਫ ਦੀ ਸ਼ਾਨ ਦੇ ਖਿਲਾਫ ਭੱਦੀਆਂ ਟਿੱਪਣੀਆਂ ਕੀਤੀਆਂ ਸਨ।

## ਦੁਬਈ ਹਵਾਈ ਅੱਡੇ ਨੇੜੇ ਹੋਇਆ ਵੱਡਾ ਧਮਾਕਾ: ਸਾਰੀਆਂ ਉਡਾਣਾਂ ਮੁਅੱਤਲ

**ਦੁਬਈ, 16 ਮਾਰਚ (ਆਵਾਜ਼ਿ ਕੌਮ ਬਿਊਰੋ)**-ਮੱਧ ਪੂਰਬ ਵਿੱਚ ਅਮਰੀਕਾ-ਇਜ਼ਰਾਈਲ-ਈਰਾਨ ਟਕਰਾਅ ਰੁਕਣ ਦੇ ਕੋਈ ਸੰਕੇਤ ਨਹੀਂ ਦਿਖਾ ਰਿਹਾ। ਸੋਮਵਾਰ ਸਵੇਰੇ ਦੁਬਈ ਅੰਤਰਰਾਸ਼ਟਰੀ ਹਵਾਈ ਅੱਡੇ ਦੇ ਨੇੜੇ ਇੱਕ ਵੱਡਾ ਹਮਲਾ ਹੋਇਆ। ਹਵਾਈ ਅੱਡੇ ਦੇ ਨੇੜੇ ਇੱਕ ਬਾਲਣ ਟੈਂਕ ਨੂੰ ਨਿਸ਼ਾਨਾ ਬਣਾਉਂਦੇ ਹੋਏ ਇੱਕ ਡਰੋਨ ਹਮਲਾ ਕੀਤਾ ਗਿਆ, ਜਿਸ ਕਾਰਨ ਭਾਰੀ ਅੱਗ ਲੱਗ ਗਈ। ਹਮਲੇ ਤੋਂ ਬਾਅਦ, ਹਵਾਈ ਅੱਡੇ 'ਤੇ ਉਡਾਣਾਂ ਨੂੰ ਅਸਥਾਈ ਤੌਰ 'ਤੇ ਮੁਅੱਤਲ ਕਰ ਦਿੱਤਾ ਗਿਆ ਹੈ। ਦੁਬਈ ਮੀਡੀਆ ਦਫ਼ਤਰ ਦੇ ਅਨੁਸਾਰ, ਡਰੋਨ ਨੇ ਟੱਕਰ ਮਾਰੀ ਅਤੇ ਬਾਲਣ ਟੈਂਕ ਵਿੱਚ ਇੱਕ ਵੱਡਾ ਧਮਾਕਾ ਕੀਤਾ, ਜਿਸ ਨਾਲ ਅੱਗ ਦੀਆਂ ਲਪਟਾਂ ਅਸਮਾਨ ਨੂੰ ਛੂਹ ਗਈਆਂ। ਘਟਨਾ ਤੋਂ ਤੁਰੰਤ ਬਾਅਦ ਦੁਬਈ ਸਿਵਲ



ਡਿਫੈਂਸ ਟੀਮਾਂ ਨੂੰ ਤਾਇਨਾਤ ਕੀਤਾ ਗਿਆ ਸੀ। ਸੋਸ਼ਲ ਮੀਡੀਆ 'ਤੇ ਘੁੰਮ ਰਹੀਆਂ ਵੀਡੀਓਜ਼ ਵਿੱਚ ਦੁਬਈ ਹਵਾਈ ਅੱਡੇ ਦੇ ਨੇੜੇ ਧੂੰਏਂ ਦਾ ਇੱਕ ਸੰਘਣਾ ਗੁਬਾਰ ਅਤੇ ਉੱਚੀਆਂ ਅੱਗ ਦੀਆਂ ਲਪਟਾਂ ਅਸਮਾਨ ਵਿੱਚ ਉੱਠਦੀਆਂ ਦਿਖਾਈ ਦਿੱਤੀਆਂ। ਅਧਿਕਾਰੀਆਂ ਨੇ ਕਿਹਾ ਕਿ ਅੱਗ 'ਤੇ ਕਾਬੂ ਪਾਉਣ ਦੀਆਂ ਕੋਸ਼ਿਸ਼ਾਂ ਜਾਰੀ ਹਨ, ਅਤੇ ਹੁਣ ਤੱਕ ਕਿਸੇ ਜਾਨੀ ਨੁਕਸਾਨ ਦੀ ਰਿਪੋਰਟ ਨਹੀਂ ਹੈ। ਕਾਬਿਲੇਗੌਰ ਹੈ ਕਿ ਇਹ ਹਮਲਾ ਈਰਾਨ ਵੱਲੋਂ ਸੰਯੁਕਤ ਅਰਬ ਅਮੀਰਾਤ ਨੂੰ ਤਿੰਨ ਪ੍ਰਮੁੱਖ ਬੰਦਰਗਾਹਾਂ ਖਾਲੀ ਕਰਨ ਦੀ ਚੇਤਾਵਨੀ ਦੇਣ ਤੋਂ ਇੱਕ ਦਿਨ ਬਾਅਦ ਹੋਇਆ ਹੈ। ਇਹ ਪਹਿਲਾ ਮੌਕਾ ਹੈ ਜਦੋਂ ਤਹਿਰਾਨ ਨੇ ਕਿਸੇ ਗੁਆਂਢੀ ਦੇਸ਼ ਵਿੱਚ ਗੈਰ-ਅਮਰੀਕੀ ਸੰਪਤੀਆਂ ਨੂੰ ਨਿਸ਼ਾਨਾ ਬਣਾਉਣ ਦੀ ਸਿੱਧੀ ਧਮਕੀ ਦਿੱਤੀ ਹੈ।

**ਅਬੂ ਧਾਬੀ 'ਚ ਡਿੱਗੀ ਮਿਜ਼ਾਈਲ, ਇੱਕ ਫਲਸਤੀਨੀ ਨਾਗਰਿਕ ਦੀ ਮੌਤ** : ਮਿਜ਼ਾਈਲ ਹਮਲੇ ਕਾਰਨ ਅਬੂ ਧਾਬੀ ਵਿੱਚ ਇੱਕ ਮੌਤ ਦੀ ਖ਼ਬਰ ਸਾਹਮਣੇ ਆਈ ਹੈ। ਦੁਬਈ ਤੋਂ ਬਾਅਦ, ਅਬੂ ਧਾਬੀ ਦੇ ਅਲ ਬਾਹੀਆ ਖੇਤਰ ਵਿੱਚ ਇੱਕ ਨਾਗਰਿਕ ਵਾਹਨ 'ਤੇ ਇੱਕ ਮਿਜ਼ਾਈਲ ਹਮਲਾ ਹੋਇਆ, ਜਿਸ ਵਿੱਚ ਇੱਕ ਫਲਸਤੀਨੀ ਨਾਗਰਿਕ ਦੀ ਮੌਤ ਹੋ ਗਈ। ਅਬੂ ਧਾਬੀ ਦੇ ਮੀਡੀਆ ਦਫਤਰ ਨੇ ਇੱਕ ਬਿਆਨ ਵਿੱਚ ਕਿਹਾ ਕਿ ਅਲ ਬਾਹੀਆ ਖੇਤਰ ਵਿੱਚ ਇੱਕ ਨਾਗਰਿਕ ਵਾਹਨ 'ਤੇ ਮਿਜ਼ਾਈਲ ਹਮਲੇ ਵਿੱਚ ਇੱਕ ਫਲਸਤੀਨੀ ਨਾਗਰਿਕ ਦੀ ਮੌਤ ਹੋ ਗਈ ਹੈ। ਜਨਤਾ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਸਿਰਫ਼ ਅਧਿਕਾਰਤ ਸਰੋਤਾਂ ਤੋਂ ਜਾਣਕਾਰੀ ਪ੍ਰਾਪਤ ਕਰਨ ਅਤੇ ਅਫਵਾਹਾਂ ਜਾਂ ਗੈਰ-ਪ੍ਰਮਾਣਿਤ ਜਾਣਕਾਰੀ ਫੈਲਾਉਣ ਤੋਂ ਪਰਹੇਜ਼ ਕਰਨ।

**ਈਰਾਨ ਚ ਇਕ ਹੋਰ ਸਕੂਲ 'ਤੇ ਹਮਲਾ** : ਈਰਾਨ ਤੋਂ ਇਕ ਵੱਡੀ ਖ਼ਬਰ ਸਾਹਮਣੇ ਆਈ ਹੈ। ਈਰਾਨੀ ਮੀਡੀਆ ਆਊਟਲੈਟਾਂ ਅਨੁਸਾਰ ਈਰਾਨ ਦੇ ਖੋਮੇਨ ਸ਼ਹਿਰ ਵਿੱਚ ਤੜਕਸਾਰ ਹਮਲਾ ਹੋਇਆ, ਜਿਸ ਵਿਚ ਕਥਿਤ ਤੌਰ 'ਤੇ ਇਕ ਸਕੂਲ ਨੂੰ ਨਿਸ਼ਾਨਾ ਬਣਾਇਆ ਗਿਆ। ਫਾਰਸ ਨਿਊਜ਼ ਏਜੰਸੀ ਮੁਤਾਬਕ ਸ਼ਹੀਦ ਖੋਮੇਨੀ ਮੁੰਡਿਆਂ ਦੇ ਸਕੂਲ ਨੂੰ ਸਵੇਰੇ ਨਿਸ਼ਾਨਾ ਬਣਾਇਆ ਗਿਆ।

## ਐਪਸਟਿਨ ਫਾਈਲ ਮਾਮਲਾ: ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ ਦੀ ਧੀ ਤਿਸਕਾ ਪੁਰੀ ਵੱਲੋਂ 10 ਕਰੋੜ ਦਾ ਮਾਨਹਾਨੀ ਕੇਸ ਦਰਜ



**ਨਵੀਂ ਦਿੱਲੀ, 16 ਮਾਰਚ (ਆਵਾਜ਼ਿ ਕੌਮ ਬਿਊਰੋ)**-ਐਪਸਟਿਨ ਫਾਈਲ ਮਾਮਲੇ ਨੂੰ ਲੈ ਕੇ ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ ਦੀ ਧੀ ਟਿਸਕਾ ਪੁਰੀ ਵੱਲੋਂ 10 ਕਰੋੜ ਰੁਪਏ ਦਾ ਮਾਨਹਾਨੀ ਕੇਸ ਦਾਇਰ ਕੀਤਾ ਗਿਆ ਹੈ।

ਜਾਣਕਾਰੀ ਮੁਤਾਬਕ ਸੋਸ਼ਲ ਮੀਡੀਆ 'ਤੇ Jeffrey Epstein ਨਾਲ ਜੁੜੀਆਂ ਕਥਿਤ ਫਾਈਲਾਂ ਬਾਰੇ ਚੱਲ ਰਹੀ ਚਰਚਾ ਦੌਰਾਨ ਕੁਝ ਪੋਸਟਾਂ ਵਿੱਚ ਤਿਸਕਾ ਪੁਰੀ ਦਾ ਨਾਮ ਵੀ ਜੋੜਿਆ ਗਿਆ ਸੀ। ਇਸਨੂੰ ਝੂਠਾ ਅਤੇ ਬੇਬੁਨਿਆਦ ਦੱਸਦੇ ਹੋਏ ਉਨ੍ਹਾਂ ਨੇ ਕਾਨੂੰਨੀ ਕਾਰਵਾਈ ਕੀਤੀ ਹੈ।

ਦਾਇਰ ਕੀਤੇ ਮਾਨਹਾਨੀ ਕੇਸ ਵਿੱਚ ਕਿਹਾ ਗਿਆ ਹੈ ਕਿ ਸੋਸ਼ਲ ਮੀਡੀਆ 'ਤੇ ਫੈਲਾਈ ਗਈ ਗਲਤ ਜਾਣਕਾਰੀ ਕਾਰਨ ਉਨ੍ਹਾਂ ਦੀ ਇੱਜ਼ਤ ਅਤੇ ਪਰਿਵਾਰ ਦੀ ਛਵੀ ਨੂੰ ਨੁਕਸਾਨ ਪਹੁੰਚਿਆ ਹੈ। ਇਸ ਲਈ 10 ਕਰੋੜ ਰੁਪਏ ਦੇ ਹਰਜਾਨੇ ਦੀ ਮੰਗ ਕੀਤੀ ਗਈ ਹੈ। ਵਕੀਲਾਂ ਦਾ ਕਹਿਣਾ ਹੈ ਕਿ ਬਿਨਾਂ ਕਿਸੇ ਪੱਕੇ ਸਬੂਤ ਦੇ ਕਿਸੇ ਦਾ ਨਾਮ ਐਸੇ ਸੰਵੇਦਨਸ਼ੀਲ ਮਾਮਲੇ ਨਾਲ ਜੋੜਨਾ ਗੰਭੀਰ ਗੱਲ ਹੈ ਅਤੇ ਇਸ ਤਰ੍ਹਾਂ ਦੀਆਂ ਅਫਵਾਹਾਂ ਖ਼ਿਲਾਫ਼ ਕਾਨੂੰਨੀ ਕਾਰਵਾਈ ਜ਼ਰੂਰੀ ਹੈ।

ਉਲਲੇਖਣਯੋਗ ਹੈ ਕਿ ਦੁਨੀਆ ਭਰ ਵਿੱਚ Jeffrey Epstein ਨਾਲ ਜੁੜੀਆਂ ਫਾਈਲਾਂ ਅਤੇ ਦਸਤਾਵੇਜ਼ਾਂ ਨੂੰ ਲੈ ਕੇ ਚਰਚਾ ਜਾਰੀ ਹੈ, ਜਿਸ ਕਾਰਨ ਇਹ ਮਾਮਲਾ ਵੀ ਕਾਫ਼ੀ ਚਰਚਾ ਵਿੱਚ ਆ ਗਿਆ ਹੈ।

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ।।

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਨਗਰ ਕੀਰਤਨ ਐਤਵਾਰ 29 ਮਾਰਚ ਨੂੰ

**ਨਗਰ ਕੀਰਤਨ ਦਾ ਸਮਾਂ : 12 ਵਜੇ ਅਰੰਭਤਾ ਅਤੇ 5 ਵਜੇ ਸਮਾਪਤੀ ਹੋਵੇਗੀ ।**
**ਹੋਲੇ ਮਹੱਲੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ ।**

**ਸ਼ਨਿੱਚਰਵਾਰ 28 ਮਾਰਚ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ ।**

**ਐਤਵਾਰ 29 ਮਾਰਚ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ।**

ਢਾਡੀ ਜਥਾ, ਰਾਗੀ ਜਥਾ , ਕਥਾ ਵਾਚਕ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ ।

ਤਰਾਂ-ਤਰਾਂ ਸਟਾਲ ਵੀ ਲੱਗਣਗੇ ☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ ।

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260


ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾਂ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar


www.damdamitaksal.net
Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net





ਨਾਮ ਜਪੋ ਕਿਰਤ ਕਰੋ ਵੰਡ ਛਕੋ
Naam Japo Kirat Karo Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243





ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk



ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ


## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

# ਕੇ ਟੂ ਕੇ, "ਕੌਰ ਤੋਂ ਖਾਨ" : ਸਿੱਖ ਬੇਟੀਆਂ ਦੀ ਪਹਿਚਾਣ ਅਤੇ ਸੁਰੱਖਿਆ ਸਾਹਮਣੇ ਖੜੀ ਵਿਸ਼ਵ ਚੁਣੌਤੀ

-ਪ੍ਰੋ. ਸਰਚਾਂਦ ਸਿੰਘ ਖਿਆਲਾ

ਪਿਛਲੇ ਕੁਝ ਸਾਲਾਂ ਦੌਰਾਨ ਵਿਦੇਸ਼ਾਂ ਵਿੱਚ ਵੱਸਦੇ ਸਿੱਖ ਭਾਈਚਾਰੇ, ਖ਼ਾਸ ਕਰਕੇ ਬ੍ਰਿਟੇਨ ਅਤੇ ਪਾਕਿਸਤਾਨ ਵਿੱਚ ਸਾਹਮਣੇ ਆ ਰਹੀਆਂ ਕੁਝ ਘਟਨਾਵਾਂ ਨੇ "™2™" ਅਰਥਾਤ "ਕੌਰ ਤੋਂ ਖਾਨ" ਦੀ ਚਰਚਾ ਨੂੰ ਮੁੜ ਕੇਂਦਰ ਵਿੱਚ ਲਿਆ ਦਿੱਤਾ ਹੈ। ਮੁਟਿਆਰ ਸਿੱਖ ਕੁੜੀਆਂ ਨੂੰ ਪਹਿਲਾਂ ਪਿਆਰ ਅਤੇ ਭਰੋਸੇ ਦੇ ਜਾਲ ਵਿੱਚ ਫਸਾ ਕੇ, ਗਰੂਮਿੰਗ, ਬਲੈਕਮੇਲ ਅਤੇ ਫਿਰ ਮਨੋਵਿਗਿਆਨਕ ਦਬਾਅ ਅਤੇ ਧਾਰਮਿਕ ਪ੍ਰਭਾਵ ਰਾਹੀਂ ਉਨ੍ਹਾਂ ਦੀ ਪਹਿਚਾਣ ਬਦਲਣ ਦੀ ਕੋਸ਼ਿਸ਼ ਨਾਲ ਜੁੜੇ ਇਹ ਮਾਮਲੇ ਕੇਵਲ ਧਾਰਮਿਕ ਪਹਿਚਾਣ ਹੀ ਨਹੀਂ, ਸਗੋਂ ਮਹਿਲਾ ਸੁਰੱਖਿਆ, ਮਨੁੱਖੀ ਅਧਿਕਾਰਾਂ ਅਤੇ ਵਿਸ਼ਵ ਨੈਤਿਕਤਾ ਲਈ ਵੀ ਗੰਭੀਰ ਪ੍ਰਸ਼ਨ ਖੜ੍ਹੇ ਕਰ ਰਹੇ ਹਨ।

ਨੌਜਵਾਨ ਸਿੱਖ ਕੁੜੀਆਂ ਨੂੰ ਨਿਸ਼ਾਨਾ ਬਣਾਉਣ ਵਾਲੇ ਕਥਿਤ ਗਰੂਮਿੰਗ ਗੈਂਗਾਂ ਦੇ ਪਿੱਛੇ ਕੁਝ ਇਸਲਾਮਿਕ ਕੱਟੜਪੰਥੀਆਂ ਦੀ ਭੂਮਿਕਾ ਬਾਰੇ ਸ਼ਨਾਖ਼ਤ ਇੱਕ ਗੰਭੀਰ ਵਿਸ਼ਵ ਪੱਧਰੀ ਚਿੰਤਾ ਦਾ ਵਿਸ਼ਾ ਹੈ।


ਆਵਾਜ਼ਿ ਕੌਮ
AWAZE QAUM
International Newspaper & WEB TV


ਇਹਨਾਂ ਮਾਮਲਿਆਂ ਨੇ ਸਾਨੂੰ ਇੱਕ ਹੋਰ ਗੰਭੀਰ ਸਚਾਈ ਵੱਲ ਧਿਆਨ ਦਿਵਾਇਆ ਹੈ ਕਿ ਅੱਜ ਦੇ ਡਿਜ਼ੀਟਲ ਯੁੱਗ ਵਿੱਚ ਨੌਜਵਾਨ ਪੀੜ੍ਹੀ ਸਿਰਫ਼ ਸਮਾਜਕ ਜਾਂ ਧਾਰਮਿਕ ਚੁਣੌਤੀਆਂ ਨਾਲ ਹੀ ਨਹੀਂ, ਸਗੋਂ ਸੋਸ਼ਲ ਮੀਡੀਆ ਦੀਆਂ ਖ਼ਤਰਨਾਕ ਚਾਲਾਂ ਨਾਲ ਵੀ ਸਾਹਮਣਾ ਕਰ ਰਹੀ ਹੈ।

ਇੱਕ ਘਟਨਾ, ਜੋ ਜਨਵਰੀ 2026 ਵਿੱਚ ਬ੍ਰਿਟੇਨ ਦੇ ਪੱਛਮੀ ਲੰਡਨ ਵਿੱਚ ਵਾਪਰੀ, ਜਿਸ ਨੇ ਇਸ ਚਿੰਤਾ ਨੂੰ ਹੋਰ ਗਹਿਰਾ ਕਰ ਦਿੱਤਾ। ਲਗਭਗ ਦੋ ਸੌ ਬ੍ਰਿਟਿਸ਼ ਸਿੱਖ ਇੱਕ 16 ਸਾਲਾ ਕੁੜੀ ਨੂੰ ਬਚਾਉਣ ਲਈ ਇਕੱਠੇ ਹੋਏ, ਜਿਸ ਬਾਰੇ ਦਾਅਵਾ ਕੀਤਾ ਗਿਆ ਕਿ ਉਸ ਨੂੰ ਇੱਕ 34 ਸਾਲਾ ਵਿਅਕਤੀ ਨੇ ਹਾਊਨਸਲੋ ਦੇ ਇੱਕ ਫਲੈਟ ਵਿੱਚ ਕੈਦ ਕਰਕੇ ਰੱਖਿਆ ਹੋਇਆ ਸੀ ਅਤੇ ਕਈ ਸਾਲਾਂ ਤੋਂ ਮਨੋਵਿਗਿਆਨਕ ਤਰੀਕਿਆਂ ਨਾਲ ਉਸ 'ਤੇ ਧਰਮ ਪਰਿਵਰਤਨ ਲਈ ਦਬਾਅ ਬਣਾਇਆ ਜਾ ਰਿਹਾ ਸੀ।

ਜਿਵੇਂ ਹੀ ਇਸ ਘਟਨਾ ਨਾਲ ਸੰਬੰਧਿਤ ਵੀਡੀਓਜ਼ ਸੋਸ਼ਲ ਮੀਡੀਆ 'ਤੇ ਵਾਇਰਲ ਹੋਈਆਂ, "™2™" ਵਾਲਾ ਮੁੱਦਾ ਮੁੜ ਚਰਮ ਸੀਮਾ 'ਤੇ ਆ ਗਿਆ। ਇਹ ਵੀ ਬਹੁਤ ਹੀ ਚਿੰਤਾਜਨਕ ਹੈ ਕਿ ਕਈ ਮੌਕਿਆਂ 'ਤੇ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਸਮੇਂ 'ਤੇ ਪ੍ਰਭਾਵਸ਼ਾਲੀ ਕਾਰਵਾਈ ਕਰਨ ਵਿੱਚ ਅਸਫਲ ਰਹੀਆਂ। ਜੇਕਰ ਪੁਲੀਸ ਵੱਲੋਂ ਸਮੇਂ ਸਿਰ ਦਖ਼ਲ ਦਿੱਤਾ ਜਾਂਦਾ ਤਾਂ ਸ਼ਾਇਦ ਸਿੱਖ ਭਾਈਚਾਰੇ ਨੂੰ ਖ਼ੁਦ ਮੈਦਾਨ ਵਿੱਚ ਉਤਰ ਕੇ ਦਖ਼ਲ ਦੇਣ ਦੀ ਲੋੜ ਨਾ ਪੈਂਦੀ।

ਇਹ ਸਿਰਫ਼ ਇਕ ਘਟਨਾ ਨਹੀਂ, ਸਗੋਂ ਇੱਕ ਵੱਡੇ ਪ੍ਰਸ਼ਨ ਵੱਲ ਇਸ਼ਾਰਾ ਕਰਦੀ ਹੈ ਕਿ, ਕੀ ਆਧੁਨਿਕ ਲੋਕਤੰਤਰਿਕ ਸਮਾਜਾਂ ਵਿੱਚ ਘੱਟ ਗਿਣਤੀਆਂ ਦੀਆਂ ਬੇਟੀਆਂ ਸੱਚਮੁੱਚ ਸੁਰੱਖਿਅਤ ਹਨ?

ਬ੍ਰਿਟੇਨ ਵਿੱਚ ਸਿੱਖ ਕੁੜੀਆਂ ਨੂੰ ਨਿਸ਼ਾਨਾ ਬਣਾਉਣ ਦੀਆਂ ਘਟਨਾਵਾਂ 1997 ਤੋਂ ਹੀ ਦਰਜ ਹੋ ਰਹੀਆਂ ਹਨ। 2010 ਦੇ ਦਹਾਕੇ ਦੀ ਸ਼ੁਰੂਆਤ ਵਿੱਚ ਬ੍ਰਿਟੇਨ ਅਤੇ ਯੂਰਪ ਵਿੱਚ ਵੱਸਦੇ ਕੁਝ ਸਿੱਖ ਪਰਿਵਾਰਾਂ ਨੇ ਖ਼ੁਲਾਸਾ ਕੀਤਾ ਕਿ ਕੁਝ ਨੌਜਵਾਨ ਕੁੜੀਆਂ ਨੂੰ ਸੋਸ਼ਲ ਮੀਡੀਆ, ਕਾਲਜਾਂ ਜਾਂ ਦੋਸਤੀ ਦੇ ਰਿਸ਼ਤਿਆਂ ਰਾਹੀਂ ਫਸਾਇਆ ਜਾ ਰਿਹਾ ਹੈ।



ਇਸ ਵਕਤ ਬ੍ਰਿਟੇਨ ਵਿੱਚ ਕੁਝ ਸਿੱਖ ਕਾਰਕੁਨਾਂ ਅਤੇ ਸੰਸਥਾਵਾਂ ਨੇ ਇਸ ਮਸਲੇ 'ਤੇ ਖੁੱਲ੍ਹੀ ਚਰਚਾ ਸ਼ੁਰੂ ਕੀਤੀ ਅਤੇ ਇਸ ਨੂੰ "Grooming Pattern" ਦੇ ਰੂਪ ਵਿੱਚ ਵੇਖਣਾ ਸ਼ੁਰੂ ਕੀਤਾ। Sikh Awareness Society ਸਮੇਤ ਕਈ ਸੰਸਥਾਵਾਂ ਨੇ ਚੇਤਾਵਨੀ ਦਿੱਤੀ ਹੈ ਕਿ ਕੁਝ ਥਾਵਾਂ 'ਤੇ ਗਰੂਮਿੰਗ ਨੈੱਟਵਰਕ ਨੌਜਵਾਨ ਕੁੜੀਆਂ ਨੂੰ "Love Bombing", ਭਾਵਨਾਤਮਕ ਮੈਨਿਪੂਲੇਸ਼ਨ ਅਤੇ ਮਨੋਵਿਗਿਆਨਕ ਦਬਾਅ ਰਾਹੀਂ ਆਪਣੇ ਜਾਲ ਵਿੱਚ ਫਸਾਉਂਦੇ ਹਨ। ਇਹ ਪ੍ਰਕਿਰਿਆ ਹੌਲੀ-ਹੌਲੀ ਅੱਗੇ ਵਧਦੀ ਹੈ—ਪਹਿਲਾਂ ਦੋਸਤੀ, ਫਿਰ ਪਿਆਰ ਦਾ ਦਿਖਾਵਾ ਅਤੇ ਆਖ਼ਰ ਵਿੱਚ ਪਹਿਚਾਣ ਅਤੇ ਧਰਮ ਬਦਲਣ ਦਾ ਦਬਾਅ।

## ਵਿਚਾਰ ਆਪੋ-ਆਪਣਾ

ਪਾਕਿਸਤਾਨ ਵਿੱਚ ਘੱਟ ਗਿਣਤੀ ਭਾਈਚਾਰਿਆਂ ਦੀ ਹਾਲਾਤ ਬ੍ਰਟਿਨ ਤੋਂ ਵੀ ਬਦਤਰ ਤੇ ਚਿੰਤਾਜਨਕ ਹੈ, ਜਿੱਥੇ ਘਟ ਗਿਣਤੀਆਂ ਦੀਆਂ ਬੇਟੀਆਂ ਨਾਲ ਜੁੜੀਆਂ ਜ਼ਬਰਦਸਤੀ ਧਰਮ ਪਰਿਵਰਤਨ ਦੀਆਂ ਘਟਨਾਵਾਂ ਕਈ ਵਾਰ ਅੰਤਰਰਾਸ਼ਟਰੀ ਚਰਚਾ ਦਾ ਵਿਸ਼ਾ ਬਣ ਚੁੱਕੀਆਂ ਹਨ।

ਇਸ ਸੰਦਰਭ ਵਿੱਚ ਭਾਰਤੀ ਨਾਗਰਿਕ ਸਰਬਜੀਤ ਕੌਰ ਦਾ ਮਾਮਲਾ ਹਾਲੀਆ ਸਮੇਂ ਵਿੱਚ ਕਾਫ਼ੀ ਚਰਚਾ ਦਾ ਕੇਂਦਰ ਬਣਿਆ ਹੈ। ਪਿਛਲੇ ਸਾਲ ਨਵੰਬਰ ਮਹੀਨੇ ਵਿੱਚ ਪੰਜਾਬ ਤੋਂ ਗੁਰਦੁਆਰਾ ਦਰਸ਼ਨਾਂ ਲਈ ਪਾਕਿਸਤਾਨ ਗਈ ਸਰਬਜੀਤ ਕੌਰ ਬਾਰੇ ਪਹਿਲਾਂ ਇਹ ਖ਼ਬਰ ਸਾਹਮਣੇ ਆਈ ਕਿ ਉਸ ਨੇ ਆਪਣੀ ਮਰਜ਼ੀ ਨਾਲ ਧਰਮ ਪਰਿਵਰਤਨ ਕਰਕੇ "ਨੂਰ" ਨਾਮ ਰੱਖ ਲਿਆ ਅਤੇ ਪਾਕਿਸਤਾਨੀ ਨਾਗਰਿਕ ਨਾਸਰ ਹੁਸੈਨ ਨਾਲ ਨਿਕਾਹ ਕਰਵਾ ਲਿਆ।

ਇਸ ਖ਼ਬਰ ਦੇ ਸਾਹਮਣੇ ਆਉਂਦੇ ਹੀ ਪੰਜਾਬ ਅਤੇ ਵਿਦੇਸ਼ਾਂ ਵਿੱਚ ਵੱਸਦੇ ਸਿੱਖ ਭਾਈਚਾਰੇ ਵਿੱਚ ਤਿੱਖਾ ਰੋਸ ਪੈਦਾ ਹੋਇਆ। ਕਈ ਲੋਕਾਂ ਨੇ ਇਸ ਨੂੰ ਸਿੱਖ ਪਹਿਚਾਣ ਲਈ ਚਿੰਤਾਜਨਕ ਮੰਨਦਿਆਂ ਸਰਬਜੀਤ ਬਾਰੇ ਕੜੀ ਪ੍ਰਤੀਕਿਰਿਆ ਦਿੱਤੀ।

ਪਰ ਹੁਣ ਸਾਹਮਣੇ ਆ ਰਹੀਆਂ ਜਾਣਕਾਰੀਆਂ ਨੇ ਇਸ ਮਾਮਲੇ ਨੂੰ ਇੱਕ ਨਵਾਂ ਮੋੜ ਦੇ ਦਿੱਤਾ ਹੈ। ਇਹ ਘਟਨਾ ਹੁਣ ਕਈਆਂ ਲਈ "ਕੌਰ ਤੋਂ ਖਾਨ" ਦੀ ਪ੍ਰਵਿਰਤੀ ਦਾ ਇੱਕ ਹੋਰ ਉਦਾਹਰਨ ਬਣ ਕੇ ਉੱਭਰ ਰਹੀ ਹੈ। ਸਰਬਜੀਤ ਕੌਰ ਦੇ ਮੁਤਾਬਕ ਨਾਸਰ ਹੁਸੈਨ ਨਾਲ ਉਸ ਦਾ ਰਾਬਤਾ ਸੋਸ਼ਲ ਮੀਡੀਆ ਰਾਹੀਂ ਬਣਿਆ। ਪਹਿਲਾਂ ਦੋਸਤੀ ਅਤੇ ਪਿਆਰ ਦੇ ਨਾਂ 'ਤੇ ਉਸ ਨਾਲ ਨਜ਼ਦੀਕੀਆਂ ਬਣਾਈਆਂ ਗਈਆਂ ਅਤੇ ਬਾਅਦ ਵਿੱਚ ਉਸ ਦੀਆਂ ਨਿੱਜੀ ਅਤੇ ਅਸ਼ਲੀਲ ਤਸਵੀਰਾਂ ਹਾਸਲ ਕਰ ਲਈਆਂ ਗਈਆਂ।

ਇਨ੍ਹਾਂ ਤਸਵੀਰਾਂ ਦੇ ਆਧਾਰ 'ਤੇ ਉਸ ਨੂੰ ਬਲੈਕਮੇਲ ਕੀਤਾ ਗਿਆ ਅਤੇ ਦਬਾਅ ਹੇਠ ਪਾਕਿਸਤਾਨ ਬੁਲਾਇਆ ਗਿਆ। ਉੱਥੇ ਪਹੁੰਚਣ ਤੋਂ ਬਾਅਦ ਉਸ ਨੂੰ ਬੰਧਕ ਬਣਾ ਕੇ ਜ਼ਬਰਦਸਤੀ ਧਰਮ ਪਰਿਵਰਤਨ ਕਰਵਾਇਆ ਗਿਆ ਅਤੇ ਨਿਕਾਹਨਾਮੇ 'ਤੇ ਦਸਤਖ਼ਤ ਕਰਵਾਏ ਗਏ। ਹਾਲਾਂਕਿ ਇਹ ਮਾਮਲਾ ਇਸ ਵੇਲੇ ਅਦਾਲਤ ਵਿੱਚ ਸੁਣਵਾਈ ਅਧੀਨ ਹੈ ਅਤੇ ਅੰਤਿਮ ਫ਼ੈਸਲਾ ਅਦਾਲਤ ਵੱਲੋਂ ਹੀ ਹੋਵੇਗਾ, ਪਰ ਇਹ ਘਟਨਾ ਇੱਕ ਵੱਡੇ ਸਮਾਜਕ ਸਵਾਲ ਨੂੰ ਜ਼ਰੂਰ ਜਨਮ ਦਿੰਦੀ ਹੈ।

ਜੇਕਰ ਕਿਸੇ ਨੌਜਵਾਨ ਕੁੜੀ ਨੂੰ ਪਹਿਲਾਂ ਸੋਸ਼ਲ ਮੀਡੀਆ ਰਾਹੀਂ ਫਸਾਇਆ ਜਾਵੇ, ਫਿਰ ਨਿੱਜੀ ਜਾਣਕਾਰੀ ਜਾਂ ਤਸਵੀਰਾਂ ਦੇ ਆਧਾਰ 'ਤੇ ਬਲੈਕਮੇਲ ਕਰਕੇ ਉਸ ਦੀ ਪਹਿਚਾਣ ਅਤੇ ਧਰਮ ਬਦਲਣ ਲਈ ਮਜਬੂਰ ਕੀਤਾ ਜਾਵੇ, ਤਾਂ ਇਹ ਸਿਰਫ਼ ਇਕ ਵਿਅਕਤੀ ਦੀ ਤਰਾਸਦੀ ਨਹੀਂ ਰਹਿੰਦੀ—ਇਹ ਪੂਰੇ ਸਮਾਜ ਲਈ ਗੰਭੀਰ ਚਿੰਤਾ ਦਾ ਵਿਸ਼ਾ ਬਣ ਜਾਂਦੀ ਹੈ।

ਇਸ ਤੋਂ ਪਹਿਲਾਂ 2019 ਵਿੱਚ ਨਨਕਾਣਾ ਸਾਹਿਬ ਦੇ ਗ੍ਰੰਥੀ ਦੀ ਨਾਬਾਲਗ ਧੀ ਜਗਜੀਤ ਕੌਰ ਨੂੰ ਅਗਵਾ ਕਰਕੇ ਉਸ ਦਾ ਜ਼ਬਰਦਸਤੀ ਧਰਮ ਪਰਿਵਰਤਨ ਕਰਵਾਇਆ ਗਿਆ ਅਤੇ ਉਸ ਦਾ ਨਾਮ ਆਇਸ਼ਾ ਰੱਖ ਕੇ ਮੁਹੰਮਦ ਹਸਨ ਨਾਲ ਨਿਕਾਹ ਕਰਾਇਆ ਗਿਆ। ਇਸ ਮਾਮਲੇ ਨੇ ਵਿਸ਼ਵ ਪੱਧਰ 'ਤੇ ਚਿੰਤਾ ਪੈਦਾ ਕੀਤੀ ਸੀ।

ਇਸ ਤੋਂ ਬਾਅਦ ਹਸਨ ਅਬਦਾਲ ਦੇ ਗੁਰਦੁਆਰਾ ਪੰਜਾ ਸਾਹਿਬ ਦੇ ਗ੍ਰੰਥੀ ਪ੍ਰੀਤਮ ਸਿੰਘ ਦੀ ਨਾਬਾਲਗ ਧੀ ਬੁਲਬੁਲ ਕੌਰ ਦੇ ਅਗਵਾ ਹੋਣ ਦੀ ਘਟਨਾ ਨੇ ਵੀ ਸਿੱਖ ਭਾਈਚਾਰੇ ਨੂੰ ਗਹਿਰੇ ਝਟਕੇ ਦਿੱਤੇ ਸਨ।

ਪਾਕਿਸਤਾਨ ਦਾ ਨਿਜ਼ਾਮ ਧਰਮ ਪਰਿਵਰਤਨ ਦੇ ਮਾਮਲਿਆਂ ਪ੍ਰਤੀ ਬੇਬਸ ਅਤੇ ਲਾਚਾਰ ਦਿੱਖ ਰਿਹਾ ਹੈ। ਜਿਸ ਕਾਰਨ ਘਟ ਗਿਣਤੀਆਂ ਨੂੰ ਸੁਰੱਖਿਆ ਪ੍ਰਦਾਨ ਕਰਨ 'ਚ ਪੂਰੀ ਤਰਾਂ ਨਾਕਾਮ ਹੋ ਚੁੱਕਿਆ ਹੈ। ਪਾਕਿਸਤਾਨ 'ਚ 18 ਸਾਲ ਤੋਂ ਘਟ ਉਮਰ ਵਾਲਿਆਂ ਦੇ ਧਰਮ ਪਰਿਵਰਤਨ ਨੂੰ ਗੈਰ ਕਾਨੂੰਨੀ ਠਹਿਰਾਉਣ ਦੇ ਮਕਸਦ ਨਾਲ ਬਣਾਏ ਗਏ 'ਧਰਮ ਪਰਵਰਤਨ ਵਿਰੋਧੀ ਕਾਨੂੰਨ ਬਿੱਲ' ਨੂੰ ਵਿਸ਼ੇਸ਼ ਸੰਸਦੀ ਕਮੇਟੀ ਨੇ ਕੁਝ ਸਾਲ ਪਹਿਲਾਂ ਮੌਲਵੀਆਂ, ਕੱਟੜਪੰਥੀਆਂ ਅਤੇ ਧਾਰਮਿਕ ਮਾਮਲਿਆਂ ਬਾਰੇ ਮੰਤਰਾਲੇ ਦੇ ਵਿਰੋਧ ਕਾਰਨ ਰੱਦ ਕਰਦਿਆਂ ਘਟ ਗਿਣਤੀਆਂ ਨੂੰ ਪੂਰੀ ਤਰਾਂ ਖੂੰਜੇ ਲਗਾ ਦਿੱਤਾ ਸੀ। ਇਸ ਨਾਲ ਘਟ ਗਿਣਤੀਆਂ ਦੇ ਮਨੁੱਖੀ ਅਤੇ ਧਾਰਮਿਕ ਅਧਿਕਾਰਾਂ ਦੀ ਸੁਰੱਖਿਆ ਦਾ ਕੌਮਾਂਤਰੀ ਪੱਧਰ 'ਤੇ ਝੂਠਾ ਰਾਗ ਅਲਾਪਣ ਵਾਲੇ ਪਾਕਿਸਤਾਨ ਦੀ ਸਾਰੀ ਸਚਾਈ ਸਾਹਮਣੇ ਆ ਗਈ ਸੀ।

ਉਕਤ ਸੰਸਦੀ ਮੀਟਿੰਗ ਦੌਰਾਨ ਘਟ ਗਿਣਤੀ ਭਾਈਚਾਰੇ ਨਾਲ ਸੰਬੰਧਿਤ ਹਿੰਦੂ ਸਿੱਖ ਸੰਸਦ ਮੈਂਬਰਾਂ ਦਾ ਪੱਖ ਤਾਂ ਸੁਣਿਆ ਨਹੀਂ ਗਿਆ ਪਰ ਸਿੰਧ 'ਚ ਜਬਰੀ ਧਰਮ ਪਰਿਵਰਤਨ ਲਈ ਦੋਸ਼ੀ ਮੌਲਵੀ ਨੂੰ ਬ੍ਰੀਫਿੰਗ ਲਈ ਉਚੇਚਾ ਸੱਦਿਆ ਗਿਆ। ਜਿਨ੍ਹਾਂ ਲਈ ਧਰਾਤਲ ਨਾ ਕੇਵਲ 'ਨਾਗਵਾਰ' ਹੈ, ਸਗੋਂ ਇਸ ਵਿਸ਼ੇ 'ਤੇ ਕਾਨੂੰਨ ਬਣਾਉਣਾ ਇਸਲਾਮ ਅਤੇ ਸ਼ਰੀਅਤ ਦੇ ਵਿਰੁੱਧ ਕਰਾਰ ਦਿੱਤਾ ਗਿਆ। ਹਿੰਦੂਆਂ ਪ੍ਰਤੀ ਅਜਿਹਾ ਨਕਾਰਾਤਮਿਕ ਵਤੀਰਾ ਇਹ ਦੱਸਦਾ ਹੈ ਕਿ ਉਨ੍ਹਾਂ ਲਈ ਘਟ ਗਿਣਤੀਆਂ ਦੀ ਸੁਰੱਖਿਆ ਕੋਈ ਗੰਭੀਰ ਮੁੱਦਾ ਨਹੀਂ।

ਘਟ ਗਿਣਤੀਆਂ ਦੀ ਸੁਰੱਖਿਆ ਨੂੰ ਲੈ ਕੇ ਇਸੇ ਤਰਾਂ ਦਾ ਬਿੱਲ 2013 ਤੇ 2016 'ਚ ਸੂਬਾ ਸਿੰਧ ਦੀ ਅਸੈਂਬਲੀ 'ਚ ਲਿਆਂਦਾ ਗਿਆ, ਫਿਰ 2019 'ਚ ਤਾਂ ਇਸ ਨੂੰ ਪਾਸ ਤਕ ਕੀਤਾ ਗਿਆ ਪਰ ਤੁਰੰਤ ਬਾਅਦ ਹੀ ਸੂਬਾ ਗਵਰਨਰ ਵੱਲੋਂ ਇਹ ਕਹਿੰਦਿਆਂ ਰੱਦ ਕਰ ਦਿੱਤਾ ਗਿਆ ਕਿ ਇਸਲਾਮ 'ਚ ਧਰਮ ਪਰਵਰਤਨ ਕਰਾਉਣਾ ਗੁਨਾਹ ਨਹੀਂ ਸਗੋਂ ਸਵਾਬ ਭਾਵ ਪੁੰਨ ਦਾ ਕੰਮ ਹੈ। ਧਰਮ ਪਰਿਵਰਤਨ ਲਈ ਜੋ ਧੱਕਾ ਕੀਤਾ ਜਾ ਰਿਹਾ ਹੈ ਉਹ ਇਸਲਾਮ ਦੀ 'ਸੇਵਾ' ਹਨ।

ਸਿੱਖ ਧਰਮ ਵਿੱਚ "ਕੌਰ" ਸਿਰਫ਼ ਇੱਕ ਨਾਮ ਨਹੀਂ, ਸਗੋਂ ਇੱਕ ਆਦਰਸ਼ ਹੈ। ਗੁਰੂ ਗੋਬਿੰਦ ਸਿੰਘ ਜੀ ਨੇ ਖ਼ਾਲਸਾ ਪੰਥ ਦੀ ਸਿਰਜਣਾ ਕਰਦਿਆਂ ਸਿੱਖ ਮਹਿਲਾ ਨੂੰ "ਕੌਰ" ਦਾ ਸਨਮਾਨ ਦਿੱਤਾ, ਜੋ ਸਮਾਨਤਾ, ਆਤਮ-ਗੌਰਵ, ਆਜ਼ਾਦੀ ਅਤੇ ਸ਼ਕਤੀ ਦਾ ਪ੍ਰਤੀਕ ਹੈ।

ਇਸ ਲਈ ਜਦੋਂ ਕਿਸੇ ਸਿੱਖ ਬੇਟੀ ਦੀ ਪਹਿਚਾਣ ਨੂੰ ਧੋਖੇ, ਦਬਾਅ ਜਾਂ ਜ਼ਬਰ ਰਾਹੀਂ ਬਦਲਣ ਦੀ ਕੋਸ਼ਿਸ਼ ਕੀਤੀ ਜਾਂਦੀ ਹੈ, ਤਾਂ ਇਹ ਸਿਰਫ਼ ਇੱਕ ਵਿਅਕਤੀ ਦਾ ਮਸਲਾ ਨਹੀਂ ਰਹਿੰਦਾ—ਇਹ ਸਮਾਜਕ ਮਰਿਆਦਾ, ਸਭਿਆਚਾਰਕ ਅਸਤਿਤਵ ਅਤੇ ਧਾਰਮਿਕ ਪਹਿਚਾਣ ਨਾਲ ਜੁੜਿਆ ਮਾਮਲਾ ਬਣ ਜਾਂਦਾ ਹੈ।

ਪਰ "™2™" ਦੀ ਚਰਚਾ ਨੂੰ ਕੇਵਲ ਧਾਰਮਿਕ ਟਕਰਾਅ ਦੇ ਤੌਰ 'ਤੇ ਵੀ ਨਹੀਂ ਦੇਖਣਾ ਚਾਹੀਦਾ। ਜੇ ਕਿਸੇ ਨਾਬਾਲਗ ਜਾਂ ਨੌਜਵਾਨ ਕੁੜੀ ਨੂੰ ਗਰੂਮਿੰਗ, ਧੋਖੇ, ਮਨੋਵਿਗਿਆਨਕ ਦਬਾਅ ਜਾਂ ਬਲੈਕਮੇਲ ਰਾਹੀਂ ਪ੍ਰਭਾਵਿਤ ਕੀਤਾ ਜਾਂਦਾ ਹੈ, ਤਾਂ ਇਹ ਸਿੱਧਾ ਮਹਿਲਾ ਸੁਰੱਖਿਆ ਅਤੇ ਮਨੁੱਖੀ ਅਧਿਕਾਰਾਂ ਦਾ ਮਸਲਾ ਵੀ ਬਣ ਜਾਂਦਾ ਹੈ।

ਸਿੱਖ ਸੰਸਥਾਵਾਂ ਦੁਨੀਆ ਭਰ ਵਿੱਚ ਜਾਗਰੂਕਤਾ ਮੁਹਿੰਮਾਂ, ਕਾਨੂੰਨੀ ਸੁਧਾਰਾਂ ਅਤੇ ਸਮਾਜਕ ਸਿੱਖਿਆ ਪ੍ਰੋਗਰਾਮਾਂ ਦੀ ਮੰਗ ਕਰ ਰਹੀਆਂ ਹਨ। ਮਾਪਿਆਂ ਨੂੰ ਵੀ ਆਪਣੇ ਬੱਚਿਆਂ ਨਾਲ ਖੁੱਲ੍ਹਾ ਸੰਵਾਦ ਬਣਾਉਣਾ ਪਵੇਗਾ ਅਤੇ ਨੌਜਵਾਨ ਪੀੜ੍ਹੀ ਨੂੰ ਆਪਣੇ ਇਤਿਹਾਸ, ਗੁਰਮਤਿ ਅਤੇ ਸਾਂਸਕ੍ਰਿਤਿਕ ਜੜ੍ਹਾਂ ਨਾਲ ਜੋੜਨਾ ਪਵੇਗਾ।

ਸਿੱਖ ਇਤਿਹਾਸ ਸਾਨੂੰ ਅਨਿਆਇ ਦੇ ਵਿਰੁੱਧ ਡਟ ਕੇ ਖੜ੍ਹਨ ਦੀ ਪ੍ਰੇਰਣਾ ਦਿੰਦਾ ਹੈ। ਗੁਰੂ ਤੇਗ. ਬਹਾਦਰ ਜੀ ਤੋਂ ਲੈ ਕੇ ਅੱਜ ਤੱਕ ਸਿੱਖ ਪਰੰਪਰਾ ਨੇ ਧਰਮ ਦੀ ਆਜ਼ਾਦੀ ਅਤੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਲਈ ਅਸਧਾਰਨ ਕੁਰਬਾਨੀਆਂ ਦਿੱਤੀਆਂ ਹਨ। ਇਸ ਲਈ ਅੱਜ ਵੀ ਇਹ ਸਾਡੀ ਨੈਤਿਕ ਜ਼ਿੰਮੇਵਾਰੀ ਹੈ ਕਿ ਜਿੱਥੇ ਵੀ ਕਿਸੇ ਦੀ ਪਹਿਚਾਣ, ਆਜ਼ਾਦੀ ਜਾਂ ਮਰਿਆਦਾ ਨੂੰ ਖ਼ਤਰਾ ਹੋਵੇ, ਉੱਥੇ ਸਚਾਈ ਅਤੇ ਨਿਆਂ ਦੀ ਆਵਾਜ਼ ਬੁਲੰਦ ਕੀਤੀ ਜਾਵੇ।

"ਕੌਰ ਤੋਂ ਖਾਨ" ਦੀ ਚਰਚਾ ਸਾਨੂੰ ਇਹ ਯਾਦ ਦਿਵਾਉਂਦੀ ਹੈ ਕਿ ਮਹਿਲਾ ਦੀ ਆਜ਼ਾਦੀ, ਧਾਰਮਿਕ ਪਹਿਚਾਣ ਅਤੇ ਮਨੁੱਖੀ ਮਰਿਆਦਾ ਕਿਸੇ ਵੀ ਸਭਿਆਚਾਰਕ ਸਮਾਜ ਦੀ ਸਭ ਤੋਂ ਵੱਡੀ ਕਸੌਟੀ ਹੁੰਦੀ ਹੈ।

ਜੇ ਅਸੀਂ ਇਸ ਕਸੌਟੀ 'ਤੇ ਖਰੇ ਉੱਤਰਨਾ ਚਾਹੁੰਦੇ ਹਾਂ ਤਾਂ ਸਮਾਜ, ਰਾਜ ਅਤੇ ਅੰਤਰਰਾਸ਼ਟਰੀ ਭਾਈਚਾਰੇ ਨੂੰ ਮਿਲ ਕੇ ਅਜਿਹੀਆਂ ਪ੍ਰਵਿਰਤੀਆਂ ਦਾ ਡਟ ਕੇ ਮੁਕਾਬਲਾ ਕਰਨਾ ਪਵੇਗਾ।

ਸਵਾਲ ਅਜੇ ਵੀ ਖੜ੍ਹਾ ਹੈ — ਕੀ ਦੁਨੀਆ ਵਿੱਚ ਸਿੱਖ ਬੇਟੀਆਂ ਸੱਚਮੁੱਚ ਸੁਰੱਖਿਅਤ ਹਨ?

ਅਤੇ ਜੇ ਨਹੀਂ, ਤਾਂ ਕੀ ਅਸੀਂ ਇਸ ਚੁਣੌਤੀ ਦਾ ਸਾਹਮਣਾ ਕਰਨ ਲਈ ਤਿਆਰ ਹਾਂ? ••


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

### ਸਿੱਖ ਭਾਈਚਾਰੇ ਵਿਰੁੱਧ 'ਸਰਹੱਦਾਂ ਤੋਂ ਪਰੇ'

# ਭਾਰਤੀ ਅੰਤਰ-ਰਾਸ਼ਟਰੀ ਦਮਨ ਰਿਪੋਰਟ ਜੇਨੇਵਾ ਪ੍ਰੈਸ ਕਲੱਬ ਵਿਖੇ ਕੀਤੀ ਗਈ




ਨਵੀਂ ਦਿੱਲੀ, 16 ਮਾਰਚ (ਮਨਪ੍ਰੀਤ ਸਿੰਘ ਖਾਲਸਾ)- ਪਿਛਲੇ ਹਫ਼ਤੇ ਰਿਪੋਰਟ "ਸਰਹੱਦਾਂ ਤੋਂ ਪਰੇ, ਸਿੱਖ ਡਾਇਸਪੋਰਾ ਵਿਰੁੱਧ ਭਾਰਤੀ ਅੰਤਰ-ਰਾਸ਼ਟਰੀ ਦਮਨ" ਜੇਨੇਵਾ ਪ੍ਰੈਸ ਕਲੱਬ ਵਿਖੇ ਜਾਰੀ ਕੀਤੀ ਗਈ ਸੀ। ਇਹ ਰਿਪੋਰਟ ਇੰਟਰਕੌਂਟੀਨੈਂਟਲ ਹੋਟਲ ਵਿਖੇ ਭਾਰਤੀ ਅੰਤਰ-ਰਾਸ਼ਟਰੀ ਦਮਨ ਦਾ ਮੁਕਾਬਲਾ, ਸਿੱਖ ਵਿਰੋਧ ਅਤੇ ਸੰਯੁਕਤ ਰਾਸ਼ਟਰ 'ਤੇ ਇੱਕ ਕਾਨਫਰੰਸ ਤੋਂ ਬਾਅਦ ਜਾਰੀ ਕੀਤੀ ਗਈ ਸੀ। ਦੋਵੇਂ ਸਮਾਗਮ ਸੰਯੁਕਤ ਰਾਸ਼ਟਰ ਮਨੁੱਖੀ ਅਧਿਕਾਰ ਪ੍ਰੀਸ਼ਦ ਦੇ 61ਵੇਂ ਸੈਸ਼ਨ ਦੇ ਨਾਲ ਮੇਲ ਖਾਂਦੇ ਹੋਏ ਬਾਕੂ ਇਨੀਸ਼ੀਏਟਿਵ ਗਰੁੱਪ ਅਤੇ ਸਿੱਖ ਫੈਡਰੇਸ਼ਨ ਇੰਟਰਨੈਸ਼ਨਲ ਦੁਆਰਾ ਸਾਂਝੇ ਤੌਰ 'ਤੇ ਆਯੋਜਿਤ ਕੀਤੇ ਗਏ ਸਨ। ਸੰਯੁਕਤ ਰਾਸ਼ਟਰ ਮਨੁੱਖੀ ਅਧਿਕਾਰਾਂ ਲਈ ਹਾਈ ਕਮਿਸ਼ਨਰ (ਓਐਚਸੀਐਚਆਰ) ਦੇ ਦਫਤਰ ਦੇ ਇੱਕ ਪ੍ਰਤੀਨਿਧੀ ਨੇ ਕਾਨਫਰੰਸ ਵਿੱਚ ਸ਼ਿਰਕਤ ਕੀਤੀ। ਰਿਪੋਰਟ ਵਿੱਚ ਸਿਫ਼ਾਰਸ਼ਾਂ 'ਤੇ ਚਰਚਾ ਕਰਨ ਲਈ ਓਐਚਸੀਐਚਆਰ ਨਾਲ ਫਾਲੋ-ਅੱਪ ਮੀਟਿੰਗਾਂ ਦਾ ਪ੍ਰਬੰਧ ਕੀਤਾ ਗਿਆ ਹੈ ਜਿੱਥੋਂ ਤੱਕ ਉਹ ਓਐਚਸੀਐਚਆਰ ਦੁਆਰਾ ਨਿਭਾਈ ਜਾ ਸਕਦੀ ਹੈ ਅਤੇ ਅੰਤਰ-ਰਾਸ਼ਟਰੀ ਦਮਨ 'ਤੇ ਨੀਤੀ ਨਾਲ ਸਬੰਧਤ ਹਨ। ਸਿੱਖ ਫੈਡਰੇਸ਼ਨ (ਯੂ.ਕੇ.) ਦੇ ਭਾਈ ਅਮਰੀਕ ਸਿੰਘ ਅਤੇ ਭਾਈ ਦਬਿੰਦਰਜੀਤ ਸਿੰਘ ਨੇ ਕਿਹਾ ਕਾਨਫਰੰਸ ਅਤੇ ਪ੍ਰੈਸ ਬ੍ਰੀਫਿੰਗ ਤੋਂ ਪਹਿਲਾਂ ਵੱਖ-ਵੱਖ ਦੇਸ਼ਾਂ ਦੇ 25 ਤੋਂ ਵੱਧ ਸਥਾਈ ਮਿਸ਼ਨਾਂ ਨਾਲ ਸ਼ਮੂਲੀਅਤ ਸ਼ੁਰੂ ਹੋ ਗਈ ਕਿਉਂਕਿ ਭਾਰਤੀ ਅੰਤਰ-ਰਾਸ਼ਟਰੀ ਦਮਨ ਸਿੱਧੇ ਤੌਰ 'ਤੇ ਉਨ੍ਹਾਂ ਦੇ ਦੇਸ਼ਾਂ ਵਿੱਚ ਰਹਿੰਦੇ ਸਿੱਖਾਂ 'ਤੇ ਪ੍ਰਭਾਵ ਪਾਉਂਦਾ ਹੈ। ਇਸ ਵਿੱਚ ਪੰਜ ਨੈਸ਼ਨ ਵਾਲੇ ਦੇਸ਼ (ਅਮਰੀਕਾ, ਕੈਨੇਡਾ, ਯੂ.ਕੇ., ਆਸਟ੍ਰੇਲੀਆ ਅਤੇ ਨਿਊਜ਼ੀਲੈਂਡ) ਅਤੇ ਕਈ ਯੂਰਪੀ ਸੰਘ ਦੇ ਦੇਸ਼ ਸ਼ਾਮਲ ਹਨ ਜਿੱਥੋਂ ਦੇ ਪ੍ਰਤੀਨਿਧੀਆਂ ਨੇ ਹਿੱਸਾ ਲਿਆ, ਜਿਵੇਂ ਕਿ ਜਰਮਨੀ, ਫਰਾਂਸ, ਬੈਲਜੀਅਮ, ਇਟਲੀ, ਸਵਿਟਜ਼ਰਲੈਂਡ ਅਤੇ ਪੁਰਤਗਾਲ। ਸਿੱਖ ਫੈਡਰੇਸ਼ਨ ਇੰਟਰਨੈਸ਼ਨਲ ਸੰਯੁਕਤ ਰਾਸ਼ਟਰ ਅਤੇ ਅੰਤਰਰਾਸ਼ਟਰੀ ਸਰਕਲਾਂ ਵਿੱਚ ਇੰਡੀਅਨ ਟ੍ਰਾਂਸਨੈਸ਼ਨਲ ਰਿਪ੍ਰੈਸ਼ਨ (ਆਈ.ਟੀ.ਆਰ.) ਸ਼ਬਦ ਸਥਾਪਤ ਕਰਨ ਲਈ ਦ੍ਰਿੜ ਹੈ।

**ਸੰਯੁਕਤ ਰਾਸ਼ਟਰ ਅਤੇ ਅੰਤਰਰਾਸ਼ਟਰੀ ਸਰਕਲਾਂ ਵਿੱਚ ਇੰਡੀਅਨ ਟ੍ਰਾਂਸਨੈਸ਼ਨਲ ਰਿਪ੍ਰੈਸ਼ਨ ਸ਼ਬਦ ਸਥਾਪਤ ਕਰਨ ਲਈ ਦ੍ਰਿੜ**

ਕਈ ਸਥਾਈ ਮਿਸ਼ਨ ਸੰਪਰਕ ਵਿੱਚ ਰਹੇ ਹਨ ਅਤੇ ਸੁਝਾਅ ਦਿੱਤਾ ਹੈ ਕਿ ਰਿਪੋਰਟ ਵਿੱਚ ਕੁਝ ਸਿਫ਼ਾਰਸ਼ਾਂ ਦੀ ਪ੍ਰਸਤਾਵਨਾ ਲੈਣ ਲਈ ਕਈ ਪ੍ਰਮੁੱਖ ਅੰਤਰਰਾਸ਼ਟਰੀ ਐਨ.ਜੀ.ਓ. ਦੁਆਰਾ ਸਹਿਯੋਗੀ ਆਈ.ਟੀ.ਆਰ. 'ਤੇ ਵਿਸ਼ੇਸ਼ ਤੌਰ 'ਤੇ ਕੇਂਦ੍ਰਿਤ ਇੱਕ ਵਰਕਿੰਗ ਗਰੁੱਪ ਸਥਾਪਤ ਕੀਤਾ ਜਾਣਾ ਚਾਹੀਦਾ ਹੈ। ਅਸੀਂ ਵਰਕਿੰਗ ਗਰੁੱਪ ਵਿੱਚ ਸ਼ਾਮਲ ਹੋਣ ਜਾਂ ਨਿਗਰਾਨ ਬਣਨ ਲਈ ਪਾਰਲੀਮੈਂਟਰੀ ਅਸੈਂਬਲੀ ਆਫ਼ ਦ ਕੌਂਸਲ ਆਫ਼ ਯੂਰਪ (ਪੀ.ਏ.ਸੀ.ਈ.), ਯੂਰਪੀਅਨ ਐਕਸਟਰਨਲ ਐਕਸ਼ਨ ਸਰਵਿਸ (ਈ.ਈ.ਏ.ਐਸ.) ਅਤੇ ਯੂਰਪੀਅਨ ਪਾਰਲੀਮੈਂਟ ਸਬਕਮੇਟੀ ਆਨ ਹਿਊਮਨ ਰਾਈਟਸ (ਡੀ.ਆਰ.ਓ.ਆਈ.) ਵਰਗੀਆਂ ਅੰਤਰ-ਸਰਕਾਰੀ ਸੰਸਥਾਵਾਂ ਨਾਲ ਵੀ ਗੱਲਬਾਤ ਸ਼ੁਰੂ ਕੀਤੀ ਹੈ। ਰਿਪੋਰਟ ਵਿੱਚ ਸਿਫ਼ਾਰਸ਼ਾਂ ਆਪਣੇ ਦੇਸ਼ਾਂ ਵਿੱਚ ਆਈ.ਟੀ.ਆਰ. 'ਤੇ ਵਿਅਕਤੀਗਤ ਰਾਜਾਂ ਦੁਆਰਾ ਪਾਰਦਰਸ਼ਤਾ, ਭਾਰਤ ਵਿੱਚ ਜਾਂ ਆਈ.ਟੀ.ਆਰ. ਅਤੇ ਪਾਬੰਦੀਆਂ ਲਈ ਜ਼ਿੰਮੇਵਾਰ ਹੋਰ ਦੇਸ਼ਾਂ ਦੀ ਪੂਰੀ ਜਵਾਬਦੇਹੀ ਅਤੇ ਭਾਰਤ ਲਈ ਤਾਲਮੇਲ ਵਾਲੇ ਕੂਟਨੀਤਕ ਅਤੇ ਸੁਰੱਖਿਆ ਨਤੀਜਿਆਂ ਨਾਲ ਸਬੰਧਤ ਹਨ।

### ਸ੍ਰੀ ਗੁਰੂ ਗੋਬਿੰਦ ਸਿੰਘ ਯਾਤਰੀ ਨਿਵਾਸ ਵਿਖੇ ਹਮਲੇ 'ਚ ਜ਼ਖਮੀ ਸੇਵਾਦਾਰਾਂ ਦਾ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੇ ਜਾਣਿਆ ਹਾਲ

# ਗੰਭੀਰ ਜ਼ਖ਼ਮੀ ਸੇਵਾਦਾਰ ਨੂੰ ਡੇਢ ਲੱਖ ਤੇ ਜ਼ਖਮੀ ਸੇਵਾਦਾਰਾਂ ਨੂੰ ਲੱਖ-ਲੱਖ ਰੁਪਏ ਸਹਾਇਤਾ ਦਾ ਐਲਾਨ



**ਨਵੀਂ ਦਿੱਲੀ, 16 ਮਾਰਚ (ਮਨਪ੍ਰੀਤ ਸਿੰਘ ਖਾਲਸਾ)**:- ਪਿਛਲੇ ਦਿਨੀਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਯਾਤਰੀ ਨਿਵਾਸ ਸ੍ਰੀ ਅਨੰਦਪੁਰ ਸਾਹਿਬ ਵਿਖੇ ਨਿਹੰਗ ਸਿੰਘਾਂ ਵਲੋਂ ਕੀਤੇ ਗਏ ਹਮਲੇ ਦੌਰਾਨ ਜ਼ਖ਼ਮੀ ਹੋਏ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਸੇਵਾਦਾਰਾਂ ਦਾ ਹਾਲ-ਚਾਲ ਜਾਨਣ ਲਈ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪੁੱਜੇ ਅਤੇ ਸੇਵਾਦਾਰਾਂ ਦੀ ਹੌਂਸਲਾ-ਅਫਜ਼ਾਈ ਵਾਸਤੇ ਮਾਲੀ ਸਹਾਇਤਾ ਦੇਣ ਦਾ ਐਲਾਨ ਵੀ ਕੀਤਾ। ਹਮਲੇ ਵਿਚ ਗੰਭੀਰ ਜ਼ਖ਼ਮੀ ਹੋਏ ਮੁਲਾਜ਼ਮ ਸਿਕੰਦਰ ਸਿੰਘ ਨੂੰ ਡੇਢ ਲੱਖ ਰੁਪਏ ਅਤੇ ਗੁਰਤੇਜ ਸਿੰਘ ਅਤੇ ਸਤਪਾਲ ਸਿੰਘ ਨੂੰ ਲੱਖ-ਲੱਖ ਰੁਪਏ ਦੀ ਸਹਾਇਤਾ ਦਿੱਤੀ ਗਈ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਇਕ ਸੰਗਤੀ ਸੰਸਥਾ ਹੈ। ਜਿੱਥੇ ਸ਼੍ਰੋਮਣੀ ਕਮੇਟੀ ਦੇ ਕਰਮਚਾਰੀ ਗੁਰੂ-ਘਰ ਦੀ ਮਾਣ-ਮਰਿਆਦਾ ਨੂੰ ਕਾਇਮ ਰੱਖਣ ਲਈ ਭੈਅ-ਭਾਵਨੀ ਅਤੇ ਅਨੁਸ਼ਾਸਨਬੱਧ ਤਰੀਕੇ ਨਾਲ ਆਪਣੀਆਂ ਸੇਵਾਵਾਂ ਨਿਭਾਉਂਦੇ ਹਨ, ਉੱਥੇ ਸ਼੍ਰੋਮਣੀ ਕਮੇਟੀ ਵੀ ਆਪਣੇ ਕਰਮਚਾਰੀਆਂ ਦੇ ਆਤਮ ਸਨਮਾਨ, ਹੌਂਸਲਾ-ਅਫਜਾਈ ਅਤੇ ਸੁਰੱਖਿਆ ਲਈ ਹਮੇਸ਼ਾ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਕਰਮਚਾਰੀਆਂ ਦੀ ਡਿਊਟੀ ਗੁਰੂ ਦੀ ਅਮਾਨਤ ਹੈ। ਇਹ ਕੋਈ ਨੌਕਰੀ ਨਹੀਂ ਬਲਕਿ ਗੁਰਧਾਮਾਂ ਦੀ ਰੱਖਿਆ ਅਤੇ ਸੇਵਾ ਦਾ ਪਵਿੱਤਰ ਕਰੱਤਵ ਹੈ। ਉਨ੍ਹਾਂ ਕਿਹਾ ਕਿ ਪਿਛਲੇ ਦਿਨੀਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਯਾਤਰੀ ਨਿਵਾਸ ਸ੍ਰੀ ਅਨੰਦਪੁਰ ਸਾਹਿਬ ਵਿਖੇ ਵਾਪਰੀ ਘਟਨਾ ਬੇਹੱਦ ਮੰਦਭਾਗੀ ਹੈ ਅਤੇ ਭਵਿੱਖ ਵਿਚ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਪੰਥਕ ਜਥੇਬੰਦੀਆਂ ਅਤੇ ਸੰਪਰਦਾਵਾਂ ਨੂੰ ਆਪਸੀ ਅਨੁਸ਼ਾਸਨ, ਮਰਿਆਦਾ ਅਤੇ ਪੰਥਕ ਸਦਭਾਵਨਾ ਨੂੰ ਉਤਸ਼ਾਹਿਤ ਕਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਨਿਹੰਗ ਸਿੰਘਾਂ ਦੇ ਹਮਲੇ ਦੌਰਾਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਸੇਵਾਦਾਰਾਂ ਨੇ ਬੜਾ ਸੰਜਮ ਅਤੇ ਸਬਰ ਦਿਖਾਇਆ ਹੈ। ਉਨ੍ਹਾਂ ਜ਼ਖ਼ਮੀ ਹੋਏ ਸੇਵਾਦਾਰਾਂ ਦੇ ਇਲਾਜ ਅਤੇ ਸੁਰੱਖਿਆ ਲਈ ਹਰ ਸੰਭਵ ਉਪਰਾਲਾ ਕਰਨ ਦਾ ਭਰੋਸਾ ਦਿਵਾਇਆ ਤਾਂ ਜੋ ਗੁਰੂ-ਘਰ ਦੇ ਕਰਮਚਾਰੀਆਂ ਦੇ ਹੌਂਸਲੇ ਅਤੇ ਮਨੋਬਲ ਨੂੰ ਹੋਰ ਮਜ਼ਬੂਤ ਬਣਾਇਆ ਜਾ ਸਕੇ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ, ਮੈਨੇਜਰ ਸ. ਮਲਕੀਤ ਸਿੰਘ ਤਲਵੰਡੀ ਸੱਲਾ ਅਤੇ ਵਧੀਕ ਮੈਨੇਜਰ ਹਰਦੇਵ ਸਿੰਘ ਐਡਵੋਕੇਟ, ਮੀਤ ਮੈਨੇਜਰ ਭੁਪਿੰਦਰ ਸਿੰਘ ਅਤੇ ਜਸਵੀਰ ਸਿੰਘ, ਬਲਜਿੰਦਰ ਸਿੰਘ ਜੇ.ਈ. ਵੀ ਹਾਜ਼ਰ ਸਨ, ਜਿਨ੍ਹਾਂ ਨੇ ਜ਼ਖ਼ਮੀ ਮੁਲਾਜ਼ਮਾਂ ਨੂੰ ਜਲਦੀ ਸਿਹਤਯਾਬ ਹੋਣ ਦੀਆਂ ਕਾਮਨਾਵਾਂ ਕੀਤੀਆਂ।

# ਧੂਰੀ ਅੱਜ ਮਿਲੇਗਾ 80 ਬੈਡਾਂ ਦਾ ਹਸਪਤਾਲ, ਮੁੱਖ ਮੰਤਰੀ ਕਰਨਗੇ ਉਦਘਾਟਨ : ਚੱਠਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸੂਬੇ ਦੀ ਆਮ ਆਦਮੀ ਪਾਰਟੀ ਨੇ 2022 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਪੰਜਾਬ ਦੇ ਲੋਕਾਂ ਨਾਲ ਗਰੰਟੀਆ ਕੀਤੀਆਂ ਗਈਆਂ ਸਨ, ਜੋ ਪੂਰੀਆਂ ਹੋ ਚੁੱਕੀਆਂ ਸਨ। ਪਰ ਇਹਨਾਂ ਵਿੱਚੋਂ ਇਕ ਗ੍ਰੰਟੀ ਔਰਤਾਂ ਦੇ ਨਾਲ ਇਕ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ ਦੀ ਗ੍ਰਾਂਟੀ ਰਹਿ ਗਈ ਸੀ ਜਿਸਨੂੰ ਮਹਿਲਾ ਦਿਵਸ ਮੌਕੇ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਵੱਲੋਂ ਹਰੀ ਝੰਡੀ ਦੇ ਕੇ ਔਰਤਾਂ ਨਾਲ ਕੀਤਾ ਵਾਅਦਾ ਪੂਰਾ ਕੀਤਾ ਗਿਆ ਵਿਧਾਨ ਸਭਾ ਸੈਸ਼ਨ ਦੌਰਾਨ ਮੋਹਰ ਲਗਾ ਦਿੱਤੀ ਗਈ। ਅੱਜ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਧੂਰੀ ਹਲਕੇ ਨੂੰ 80 ਬੈਡਾਂ ਦਾ ਹਸਪਤਾਲ ਦਾ ਉਦਘਾਟਨ ਕਰਕੇ ਹਲਕੇ ਦੇ ਲੋਕਾਂ ਨੂੰ ਸਮਰਪਿਤ ਕੀਤਾ ਜਾ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ, ਸ,ਸਤਿੰਦਰ ਸਿੰਘ ਚੱਠਾ ਪ੍ਰਧਾਨ ਐਫ ਸੀ ਆਈ ਟਰੇਡ ਯੂਨੀਅਨ ਭਾਰਤ ਨੇ ਕੀਤਾ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵਲੋਂ "ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ" ਤਹਿਤ ਜਰਨਲ ਵਰਗ ਮਹਿਲਾਵਾਂ ਨੂੰ 1000 ਰੁਪਏ ਅਤੇ ਅਨੁਸੂਚਿਤ ਵਰਗ ਦੀਆਂ ਮਹਿਲਾਵਾਂ ਨੂੰ 1500 ਰੁਪਏ ਮਹਿਲਾਵਾਂ ਨੂੰ ਦਿੱਤੇ ਜਾ ਰਹੇ ਹਨ ਜੋ ਸੂਬੇ ਦੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਸਮੇਤ ਆਮ ਆਦਮੀ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਦਾ ਸ਼ਲਾਘਾਯੋਗ ਕਦਮ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲਏ ਗਏ ਲੋਕ ਪੱਖੀ ਫੈਸਲੇ ਦਾ ਪੰਜਾਬ ਦੇ ਲੋਕਾਂ ਵਲੋਂ ਭਰਪੂਰ ਸਮਰਥਨ ਅਤੇ ਸ਼ਲਾਘਾ ਮਿਲ ਰਹੀ ਹੈ

# ਪ੍ਰੋ ਓਂਕਾਰ ਸਿੰਘ ਸਿੱਧੂ ਨੇ ਧੂਰੀ ਹਲਕੇ ਦੇ ਲੋਕਾਂ ਦਾ ਕੀਤਾ ਧੰਨਵਾਦ



ਧੂਰੀ ( ਰਣਜੀਤ ਸਿੰਘ ਪੇਧਨੀ ) ਕਿੱਲੀ ਚਹਿਲਾਂ ਮੋਗਾ ਵਿਖੇ ਹੋਈ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਬਦਲਾਵ ਰੈਲੀ ਵਿੱਚ ਜਾਣ ਵਾਲੇ ਵਿਧਾਨ ਸਭਾ ਹਲਕਾ ਧੂਰੀ ਦੇ ਸਮੁੱਚੇ ਭਾਜਪਾ ਵਰਕਰਾਂ, ਆਗੂਆਂ ਨੌਜਵਾਨਾਂ, ਮਹਿਲਾਵਾਂ ਅਤੇ ਖਾਸ ਕਰਕੇ ਵਪਾਰੀਆਂ ਦੀ ਸ਼ਮੂਲੀਅਤ ਲਈ ਧੰਨਵਾਦ ਕਰਦਿਆਂ ਉੱਘੇ ਸਮਾਜ ਸੇਵੀ, ਓਕਾਰ ਸਿੰਘ ਸਿੱਧੂ ਸੀਨੀਅਰ ਆਗੂ ਭਾਰਤੀ ਜਨਤਾ ਪਾਰਟੀ ਨੇ ਕਿਹਾ ਕਿ ਅੱਜ ਦੀ ਕਿਲੀ ਚਹਿਲਾਂ ਮੋਗਾ ਰੈਲੀ ਨੇ ਆਉਂਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਦੀ ਸਰਕਾਰ ਦਾ ਮੁੱਢ ਬੰਨ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਸ ਰੈਲੀ ਲਈ ਵਿਧਾਨ ਸਭਾ ਹਲਕਾ ਧੂਰੀ ਵਿੱਚ ਵੱਡੀ ਗਿਣਤੀ ਵਿੱਚ ਬੱਸਾਂ ਗੱਡੀਆਂ ਤੇ ਕਾਫਲੇ ਵਜੋਂ ਸ਼ਮੂਲੀਅਤ ਕਰਕੇ ਹਲਕਾ ਵਾਸੀਆਂ ਨੇ ਦਰਸਾ ਦਿੱਤਾ ਹੈ, ਕਿ ਉਹ ਕੇਂਦਰ ਦੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ 7 ਸਰਕਾਰ ਵੱਲੋਂ ਵਪਾਰੀਆਂ ਨੂੰ ਮਿਲਦੀਆਂ ਸਹੂਲਤਾਂ ਅਤੇ ਹਰ ਵਰਗ ਲਈ ਉਲੀਕੀਆਂ ਜਾਂਦੀਆਂ ਸਕੀਮਾਂ ਤੋਂ ਪ੍ਰਭਾਵਿਤ ਨੇ ਆਉਂਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਦੀ ਸਰਕਾਰ ਦੇਖਣਾ ਚਾਹੁੰਦੇ ਹਨ। ਉਨ੍ਹਾਂ ਕਿਹਾ ਕਿ ਕੇਂਦਰੀ ਮੰਤਰੀ ਅਮਿਤ ਸ਼ਾਹ ਨੇ ਪੰਜਾਬ ਨੂੰ ਨਵੇਂ ਸੰਕਲਪ ਨਾਲ ਅੱਗ ਵਧਾਉਣ ਅਤੇ ਇਸਨੂੰ ਮੁੜ ਖੁਸ਼ਹਾਲ ਸਮਰੱਥ, ਅਤੇ ਸੁਰੱਖਿਅਤ ਸੂਬਾ ਬਨਾਉਣ ਦਾ ਆਗਾਜ ਕੀਤਾ ਹੈ। ਉਨ੍ਹਾਂ ਕਿਹਾ ਕਿ ਅੱਜ ਗ੍ਰਹਿ ਮੰਤਰੀ ਅਮਿਰ ਸ਼ਾਹ ਦੀ ਮੋਗਾ ਰੈਲੀ ਦੇ ਪ੍ਰਭਾਵਸ਼ਾਲੀ ਇਕੱਠ ਨੂੰ ਦੇਖ ਕੇ ਗਦਗਦ ਹੋਏ ਅਤੇ ਉਹਨਾਂ ਸਮੁੱਚੀ ਟੀਮ ਨੂੰ ਵਧਾਈ ਦਿੱਤੀ।

# ਮੁੱਖ ਮੰਤਰੀ ਅੱਜ ਕਰਨਗੇ ਧੂਰੀ ਹਸਪਤਾਲ ਦਾ ਉਦਘਾਟਨ , ਲੋਕਾਂ ਚ ਖੁਸ਼ੀ ਦੀ ਲਹਿਰ : ਚੇਅਰਮੈਨ ਸੋਹੀ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਵੱਲੋਂ ਧੂਰੀ ਹਲਕੇ ਦੇ ਲੋਕਾਂ ਦੀ ਮੰਗ ਨੂੰ ਪੂਰਾ ਕਰਦਿਆਂ ਹਲਕੇ ਦੇ ਲੋਕਾਂ ਨੂੰ 80 ਬੈਡਾਂ ਦਾ ਹਸਪਤਾਲ ਨੂੰ ਉਦਘਾਟਨ ਕਰਕੇ ਲੋਕਾਂ ਹਵਾਲੇ ਕੀਤਾ ਜਾਵੇਗਾ। ਜਿਸ ਕਰਕੇ ਧੂਰੀ ਹਲਕੇ ਦੇ ਲੋਕਾਂ ਵਿੱਚ ਖੁਸ਼ੀ ਦੀ ਲਹਿਰ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਅਮਰੀਕ ਸਿੰਘ ਸੋਹੀ ਚੇਅਰਮੈਨ ਬੇਰਕਾ ਮੇਰੇ ਕੋਲ ਪਲਾਂਟ ਸੰਗਰੂਰ ਨੇ ਕੀਤਾ। ਉਹਨਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਜੋ ਚੋਣ ਵਾਅਦੇ ਲੋਕਾਂ ਦੇ ਨਾਲ ਚੋਣਾਂ ਵੇਲੇ ਕੀਤੇ ਸਨ ਉਹਨਾਂ ਨੂੰ ਇੱਕ-ਇੱਕ ਕਰਕੇ ਪੂਰਾ ਕੀਤਾ ਗਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਅਮਰੀਕੀ ਧਾਰਮਿਕ ਆਜ਼ਾਦੀ ਕਮਿਸ਼ਨ ਨੇ

# ਟਰੰਪ ਪ੍ਰਸ਼ਾਸਨ ਨੂੰ ਭਾਰਤ ਦੇ ਆਰਐਸਐਸ ਅਤੇ ਰਾਅ 'ਤੇ ਪਾਬੰਦੀ ਲਗਾਉਣ ਦੀ ਕੀਤੀ ਸਿਫਾਰਸ਼

**ਨਵੀਂ ਦਿੱਲੀ, 16 ਮਾਰਚ (ਮਨਪ੍ਰੀਤ ਸਿੰਘ ਖਾਲਸਾ):-** ਸੰਯੁਕਤ ਰਾਜ ਅਮਰੀਕਾ ਦੇ ਅੰਤਰਰਾਸ਼ਟਰੀ ਧਾਰਮਿਕ ਆਜ਼ਾਦੀ ਕਮਿਸ਼ਨ (ਯੂਐਸਸੀਆਈਆਰਐਫ) ਨੇ ਰਾਸ਼ਟਰੀ ਸਵੈਮ ਸੇਵਕ ਸੰਘ (ਆਰਐਸਐਸ) ਅਤੇ ਖੁਫੀਆ ਏਜੰਸੀ ਰਿਸਰਚ ਐਂਡ ਐਨਾਲਿਸਿਸ ਵਿੰਗ (ਰਾਅ) 'ਤੇ ਪਾਬੰਦੀ ਲਗਾਉਣ ਦੀ ਮੰਗ ਕੀਤੀ ਹੈ। ਦੁਨੀਆ ਭਰ ਵਿੱਚ ਧਾਰਮਿਕ ਆਜ਼ਾਦੀ ਦੀ ਨਿਗਰਾਨੀ ਲਈ ਬਣਾਏ ਗਏ ਕਮਿਸ਼ਨ ਨੇ ਆਪਣੀ ਰਿਪੋਰਟ ਵਿੱਚ ਡੋਨਾਲਡ ਟਰੰਪ ਪ੍ਰਸ਼ਾਸਨ ਨੂੰ ਭਾਰਤ ਦੇ ਆਰਐਸਐਸ ਅਤੇ ਰਿਸਰਚ ਐਂਡ ਐਨਾਲਿਸਿਸ ਵਿੰਗ 'ਤੇ ਪਾਬੰਦੀ ਲਗਾਉਣ ਲਈ ਕਿਹਾ ਹੈ। ਮੀਡੀਆ ਵਿਚ ਜਾਰੀ ਹੋਈ ਖ਼ਬਰ ਮੁਤਾਬਿਕ ਕਮਿਸ਼ਨ ਨੇ ਆਪਣੀ ਰਿਪੋਰਟ ਵਿੱਚ ਆਰਐਸਐਸ ਅਤੇ ਰਾਅ ਦੇ ਕੰਮਕਾਜ 'ਤੇ ਸਵਾਲ ਖੜ੍ਹੇ ਕੀਤੇ ਹਨ। ਭਾਰਤ ਲਈ ਅਮਰੀਕੀ ਅੰਤਰਰਾਸ਼ਟਰੀ ਧਾਰਮਿਕ ਆਜ਼ਾਦੀ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਵਿੱਚ ਆਰਐਸਐਸ ਅਤੇ ਰਾਅ ਵਿਰੁੱਧ ਨਿਸ਼ਾਨਾਬੱਧ ਪਾਬੰਦੀਆਂ, ਅਮਰੀਕੀ ਨਾਗਰਿਕਾਂ ਦੇ ਅਤਿਆਚਾਰ ਦੇ ਆਧਾਰ 'ਤੇ ਭਾਰਤ ਨੂੰ ਹਥਿਆਰਾਂ ਦੀ ਵਿਕਰੀ 'ਤੇ ਪਾਬੰਦੀ, ਅਤੇ ਭਾਰਤ ਅਤੇ ਅਮਰੀਕਾ ਵਿਚਕਾਰ ਭਵਿੱਖ ਦੇ ਫੌਜੀ ਅਤੇ ਵਪਾਰਕ ਸਬੰਧਾਂ ਨੂੰ ਧਾਰਮਿਕ ਆਜ਼ਾਦੀ ਨਾਲ ਜੋੜਨ ਦੀ ਮੰਗ ਸ਼ਾਮਲ ਹੈ। ਅਮਰੀਕੀ ਪੈਨਲ ਨੇ ਆਰਐਸਐਸ ਵਿਰੁੱਧ ਪਾਬੰਦੀਆਂ ਦੀ ਮੰਗ ਕੀਤੀ ਹੈ, ਜਿਸ ਵਿੱਚ ਇਸਦੀਆਂ ਜਾਇਦਾਦਾਂ ਨੂੰ ਜ਼ਬਤ ਕਰਨਾ ਅਤੇ ਇਸਦੇ ਮੈਂਬਰਾਂ ਨੂੰ ਸੰਯੁਕਤ ਰਾਜ ਅਮਰੀਕਾ ਵਿੱਚ ਦਾਖਲ ਹੋਣ ਤੋਂ ਰੋਕਣਾ ਸ਼ਾਮਲ ਹੋ ਸਕਦਾ ਹੈ। ਆਰਐਸਐਸ 1925 ਤੋਂ ਭਾਰਤ ਵਿੱਚ ਕੰਮ ਕਰ ਰਿਹਾ ਹੈ, ਜਿਸ ਨਾਲ ਇਹ 100 ਸਾਲਾਂ ਤੋਂ ਵੱਧ ਪੁਰਾਣਾ ਹੈ। ਕਮਿਸ਼ਨ ਨੇ ਦੇਸ਼ ਦੀ ਖੁਫੀਆ ਏਜੰਸੀ, ਖੋਜ ਅਤੇ ਵਿਸ਼ਲੇਸ਼ਣ ਵਿੰਗ ਵਿਰੁੱਧ ਵੀ ਪਾਬੰਦੀਆਂ ਦੀ ਸਿਫਾਰਸ਼ ਕੀਤੀ ਹੈ। ਇਹ ਸਿਫ਼ਾਰਸ਼ਾਂ ਇਸ ਮਹੀਨੇ ਦੇ ਸ਼ੁਰੂ ਵਿੱਚ ਜਾਰੀ ਕੀਤੀ ਗਈ ਅਮਰੀਕੀ ਅੰਤਰਰਾਸ਼ਟਰੀ ਧਾਰਮਿਕ ਆਜ਼ਾਦੀ ਕਮਿਸ਼ਨ (ਯੂਐਸਸੀਆਈਆਰਐਫ) ਦੀ 2026 ਦੀ ਸਾਲਾਨਾ ਰਿਪੋਰਟ ਵਿੱਚ ਕੀਤੀਆਂ ਗਈਆਂ ਸਨ। ਯੂਐਸਸੀਆਈਆਰਐਫ ਇੱਕ ਸੁਤੰਤਰ ਅਮਰੀਕੀ ਏਜੰਸੀ ਹੈ ਜੋ ਧਾਰਮਿਕ ਆਜ਼ਾਦੀ ਦੇ ਅਧਿਕਾਰ ਦੀ ਨਿਗਰਾਨੀ ਕਰਦੀ ਹੈ ਅਤੇ ਵ੍ਹਾਈਟ ਹਾਊਸ ਨੂੰ ਸਿਫ਼ਾਰਸ਼ਾਂ ਪ੍ਰਦਾਨ ਕਰਦੀ ਹੈ। ਪਿਛਲੇ ਸਾਲ, 2025 ਵਿੱਚ, ਕਮਿਸ਼ਨ ਨੇ ਰਾਅ 'ਤੇ ਪਾਬੰਦੀ ਲਗਾਉਣ ਦੀ ਮੰਗ ਵੀ ਕੀਤੀ ਸੀ, ਜਿਸ ਵਿੱਚ ਇਹ ਦੋਸ਼ ਲਗਾਇਆ ਗਿਆ ਸੀ ਕਿ ਉਹ ਸਿੱਖ ਵੱਖਵਾਦੀਆਂ ਨੂੰ ਮਾਰਨ ਦੀਆਂ ਸਾਜ਼ਿਸ਼ਾਂ ਵਿੱਚ ਸ਼ਾਮਲ ਹੈ। ਕਮਿਸ਼ਨ ਦੀਆਂ ਹੋਰ ਸਿਫ਼ਾਰਸ਼ਾਂ ਵਿੱਚ ਟਰੰਪ ਪ੍ਰਸ਼ਾਸਨ ਤੋਂ ਭਾਰਤ ਨੂੰ ਖਾਸ ਚਿੰਤਾ ਵਾਲਾ ਦੇਸ਼ ਘੋਸ਼ਿਤ ਕਰਨ ਦੀ ਮੰਗ ਕਰਨਾ ਸ਼ਾਮਲ ਹੈ। ਕਮਿਸ਼ਨ ਪਿਛਲੇ ਸੱਤ ਸਾਲਾਂ ਤੋਂ ਭਾਰਤ ਵਿੱਚ ਧਾਰਮਿਕ ਆਜ਼ਾਦੀ 'ਤੇ ਲਗਾਤਾਰ ਸਵਾਲ ਉਠਾ ਰਿਹਾ ਹੈ। ਭਾਰਤ ਉਨ੍ਹਾਂ 18 ਦੇਸ਼ਾਂ ਵਿੱਚ ਸ਼ਾਮਲ ਹੈ ਜਿਨ੍ਹਾਂ ਨੂੰ ਕਮਿਸ਼ਨ ਨੇ ਖਾਸ ਚਿੰਤਾ ਵਾਲੇ ਦੇਸ਼ਾਂ ਵਜੋਂ ਨਾਮਜ਼ਦ ਕਰਨ ਦੀ ਸਿਫਾਰਸ਼ ਕੀਤੀ ਹੈ। ਭਾਰਤ ਤੋਂ ਇਲਾਵਾ, ਇਨ੍ਹਾਂ ਦੇਸ਼ਾਂ ਵਿੱਚ ਅਫਗਾਨਿਸਤਾਨ, ਮਿਆਂਮਾਰ, ਚੀਨ, ਕਿਊਬਾ, ਏਰੀਟਰੀਆ, ਈਰਾਨ, ਲੀਬੀਆ, ਨਿਕਾਰਾਗੁਆ, ਨਾਈਜੀਰੀਆ, ਉੱਤਰੀ ਕੋਰੀਆ, ਪਾਕਿਸਤਾਨ , ਰੂਸ, ਸਾਊਦੀ ਅਰਬ, ਸੀਰੀਆ, ਤਜ਼ਾਕਿਸਤਾਨ, ਤੁਰਕਮੇਨਿਸਤਾਨ ਅਤੇ ਵੀਅਤਨਾਮ ਸ਼ਾਮਲ ਹਨ।



**ਕਮਿਸ਼ਨ ਨੇ ਸਿੱਖ ਵੱਖਵਾਦੀਆਂ ਨੂੰ ਮਾਰਨ ਦੀਆਂ ਸਾਜ਼ਿਸ਼ਾਂ ਵਿੱਚ ਸ਼ਮੂਲੀਅਤ ਅਤੇ ਖਾਸ ਚਿੰਤਾ ਵਾਲਾ ਦੇਸ਼ ਘੋਸ਼ਿਤ ਕਰਨ ਦੀ ਕੀਤੀ ਹੈ ਮੰਗ**

### ਪੰਜਾਬੀਆਂ ਤੇ ਲਾਏ ਜਾਂਦੇ ਗੁੰਡਾ ਟੈਕਸ ਦੀ ਹਿਮਾਚਲ ਸਰਕਾਰ ਨੂੰ ਸਖਤ ਤਾੜਨਾ

# ਪੰਜਾਬ ਸਰਕਾਰ ਵੀ ਇਸ ਟੈਕਸ ਦਾ ਮੂੰਹ ਤੋੜ ਜੁਆਬ ਦੇਵੇ—ਫੈਡਰੇਸ਼ਨ ਮਹਿਤਾ



**ਫ਼ਿਰੋਜ਼ਪੁਰ, 16 ਮਾਰਚ (ਮਨੋਹਰ ਲਾਲ) :—** ਪੰਜਾਬ ਦੀ ਸੰਗਤ ਅਤੇ ਕਾਰੋਬਾਰੀਆਂ ਵੱਲੋਂ ਹਿਮਾਚਲ ਪ੍ਰਦੇਸ਼ ਵਿਚ ਖਿਲ ਹੋਣ ਸਮੇਂ ਜਬਰਦਸਤੀ ਗੈਰ ਕਾਨੂੰਨੀ ਲਏ ਜਾਂਦੇ ਗੁੰਡਾ ਟੈਕਸ ਦਾ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਨੇ ਗੰਭੀਰ ਨੋਟਿਸ ਲੈਂਦਿਆਂ ਹਿਮਾਚਲ ਸਰਕਾਰ ਨੂੰ ਇਸ ਟੈਕਸ ਨੂੰ ਤੁਰੰਤ ਬੰਦ ਕਰਨ ਲਈ ਕਿਹਾ ਹੈ। ਅੱਜ ਗੱਲਬਾਤ ਕਰਦਿਆਂ ਫੈਡਰੇਸ਼ਨ ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਭਾਈ ਜ਼ਸਪਾਲ ਸਿੰਘ, ਮੀਤ ਪ੍ਰਧਾਨ ਸੁਖਦੇਵ ਸਿੰਘ ਲਾਡਾ, ਜਨਰਲ ਸਕੱਤਰ ਉਡੀਕ ਸਿੰਘ ਕੁੰਡੇ, ਮੀਤ ਪ੍ਰਧਾਨ ਮਨਜੀਤ ਸਿੰਘ ਔਲਖ ਤੇ ਸਾਥੀਆਂ ਨੇ ਇਸ ਇਸ ਗੁੰਡਾ ਟੈਕਸ ਦਾ ਜਬਰਦਸਤ ਵਿਰੋਧ ਤੇ ਰੋਸ ਜ਼ਾਹਿਰ ਕਰਦਿਆਂ ਕਿਹਾ ਕਿ ਪੰਜਾਬ ਦੇ ਲੋਕ ਦੇਸ਼ ਦੇ ਕਿਸੇ ਵੀ ਰਾਜ ਵਿਚੋਂ ਆਉਣ ਵਾਲੇ ਲੋਕਾਂ ਦਾ ਪੂਰਾ ਸਤਿਕਾਰ ਤੇ ਸੁਆਗਤ ਕਰਦੇ ਹਨ ਅਤੇ ਉਨ੍ਹਾਂ ਦੀ ਹਰ ਤਰ੍ਹਾਂ ਨਾਲ ਆਓ ਭਗਤ ਕਰਦੇ ਹਨ, ਪਰ ਬੜੇ ਦੁੱਖ ਦੀ ਗੱਲ ਹੈ ਕਿ ਪੰਜਾਬ ਦੇ ਲੋਕ ਜਦ ਹਿਮਾਚਲ ਪ੍ਰਦੇਸ਼ ਸਥਿਤ ਧਾਰਮਿਕ ਅਸਥਾਨਾਂ ਜਾਂ ਸੈਰ ਸਪਾਟੇ ਲਈ ਆਪਣੀ ਸ਼ਰਧਾ ਦਾ ਪ੍ਰਗਟਾਵਾ ਕਰਨ ਲਈ ਜਦ ਹਿਮਾਚਲ ਵਿਚ ਦਾਖਲ ਹੁੰਦੇ ਹਨ ਤਾਂ ਉਨ੍ਹਾਂ ਨੂੰ ਇਹ ਟੈਕਸ ਦਾ ਤੋਹਫਾ ਦਿੰਦੀ ਹੈ ਜ਼ੋ ਸਰਾਸਰ ਸੰਗਤਾਂ ਅਤੇ ਆਮ ਲੋਕਾਂ ਲਈ ਨਿੰਦਣਯੋਗ ਹੈ। ਭਾਈ ਜ਼ਸਪਾਲ ਸਿੰਘ ਤੇ ਸਾਥੀਆਂ ਨੇ ਪੰਜਾਬ ਸਰਕਾਰ ਦੇ ਇਕ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਇਸ ਸਬੰਧੀ ਲਏ ਸਟੈਂਡ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੀ ਇਸ ਟੈਕਸ ਦਾ ਮੂੰਹ ਤੋੜ ਜਵਾਬ ਦੇਣ ਲਈ ਹਿਮਾਚਲ ਤੋਂ ਪੰਜਾਬ ਦਾਖਲ ਹੋਣ ਲਈ ਇਕ ਚੈਕ ਪੋਸਟ ਬਣਾ ਕੇ ਹਿਮਾਚਲ ਦੀ ਜਨਤਾ ਤੋਂ ਇਸ ਤਰ੍ਹਾਂ ਦਾ ਟੈਕਸ ਵਸੂਲ ਕਰੇ ਤਾਂ ਜ਼ੋ ਹਿਮਾਚਲ ਸਰਕਾਰ ਨੂੰ ਇਸ ਦਾ ਮੂੰਹ ਤੋੜਦਾ ਜਵਾਬ ਮਿਲ ਸਕੇ। ਇਸ ਸਮੇਂ ਉਨ੍ਹਾਂ ਨਾਲ ਡਾ: ਗੁਰਮੀਤ ਸਿੰਘ ਸਿੱਧੂ ਜ਼ਿਲ੍ਹਾ ਪ੍ਰਧਾਨ ਸ਼ਹਿਰੀ, ਜਸਬੀਰ ਸਿੰਘ ਤੇਗਾ ਸਿੰਘ ਵਾਲਾ ਜ਼ਿਲ੍ਹਾ ਪ੍ਰਧਾਨ ਦਿਹਾਤੀ, ਗੁਰਦਰਸ਼ਨ ਸਿੰਘ ਬੱਬੀ, ਹਰਜਿੰਦਰ ਸਿੰਘ ਬੱਗਾ, ਜ਼ਸਵੀਰ ਸਿੰਘ ਜੱਸ, ਕਿਰਨਦੀਪ ਸਿੰਘ ਪੱਲ੍ਹਾ, ਸੁਰਜੀਤ ਸਿੰਘ ਸੰਧੂ, ਕੁਲਦੀਪ ਸਿੰਘ ਨੰਢਾ ਸ਼ਹਿਰੀ ਪ੍ਰਧਾਨ, ਰਣਜੀਤ ਸਿੰਘ ਬਬਲੂ, ਗੁਰਮੇਲ ਸਿੰਘ ਭੇਡੀਆ, ਕੁਲਦੀਪ ਸਿੰਘ ਲੋਕੋ ਅਤੇ ਮਿਹਰ ਸਿੰਘ ਜ਼ੋਸਨ ਆਦਿ ਆਗੂ ਹਾਜ਼ਰ ਸਨ।

# ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਦੀ ਮੀਟਿੰਗ ਵਿਚ ਵਿਚਾਰੀਆਂ ਸਮੱਸਿਆਵਾਂ

ਫ਼ਿਰੋਜ਼ਪੁਰ, 16 ਮਾਰਚ (ਮਨੋਹਰ ਲਾਲ) :— ਅੱਜ ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਦੇ ਪ੍ਰਧਾਨ ਸ਼੍ਰੀ ਪਰਦੀਪ ਧਵਨ ਦੇ ਨਿਵਾਸ ਸਥਾਨ ਮਾਲ ਰੋਡ ਕੋਠੀ ਨੰਬਰ 10ਵਿਖੇ ਕਾਰਜਕਾਰਨੀ ਦੀ ਮੀਟਿੰਗ ਹੋਈ। ਮੀਟਿੰਗ ਵਿੱਚ ਸ਼ਹਿਰ ਅਤੇ ਛਾਉਣੀ ਵਿਖੇ ਵਾਪਰ ਰਹੀਆਂ ਸਮੱਸਿਆਵਾਂ ਜਿਵੇਂ ਸੀਵਰੇਜ ਸਿਸਟਮ, ਸਾਫ ਪਾਣੀ, ਸੜਕਾਂ ਦੀ ਮੁਰੰਮਤ, ਅਵਾਰਾ ਕੁੱਤਿਆਂ ਨੂੰ ਕਾਂਜੀ ਹਾਊਸ ਵਿੱਚ ਰੱਖਣ, ਵੱਖ—ਵੱਖ ਮੁਲਕਾਂ ਵਿੱਚ ਚਲਦੀ ਜੰਗ ਕਾਰਣ ਪੈਟਰੋਲ, ਡੀਜ਼ਲ ਅਤੇ ਗੈਸ ਸਿਲੰਡਰ ਦੀ ਸਮੱਸਿਆ ਆਦਿ ਬਾਰੇ ਜਿਲ੍ਹਾ ਪ੍ਰਸ਼ਾਸ਼ਨ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਹੱਲ ਕਰਾਉਣ, ਫੋਰਮ ਦੇ ਬਿਮਾਰ ਸਾਥੀਆਂ ਨਾਲ ਤਲ ਮੇਲ ਕਰਕੇ ਸਿਹਤ ਦਾ ਪਤਾ ਲਾਉਣ, ਫੋਰਮ ਵੱਲੋਂ ਲੋਕਾਂ ਦੀ ਭਲਾਈ ਲਈ ਕੀਤੇ ਜਾਣ ਵਾਲੇ ਕਾਰਜਾਂ ਦੀ ਰੂਪ—ਰੇਖਾ ਤਿਆਰ ਕਰਨ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਸਬੰਧੀ ਜਲਦੀ ਹੀ ਫੋਰਮ ਦੇ ਸਾਥੀਆਂ ਦੇ ਕੀਮਤੀ ਵਿਚਾਰ ਲਏ ਜਾਣਗੇ ਅਤੇ ਜਿਲ੍ਹਾ ਪੱਧਰੀ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਜਾਵੇਗੀ। ਇਸ ਮੌਕੇ ਸ਼੍ਰੀ ਦੇਸ਼ ਬੰਧੂ ਤੁਲੀ ਪੈਟਰਨ, ਤਿਲਕ ਰਾਜ ਐਰੀ ਪੈਟਰਨ, ਐਸ.ਪੀ ਖੇੜਾ ਚੇਅਰਮੈਨ, ਰਾਕੇਸ਼ ਸ਼ਰਮਾ ਕੋਆਰਡੀਨੇਟਰ, ਸਤੀਸ਼ ਕੁਮਾਰ ਪੁਰੀ ਸੀਨੀਅਰ ਮੀਤ ਪ੍ਰਧਾਨ, ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ, ਅਵਤਾਰ ਸਿੰਘ ਭੋਲਾ, ਸੁਰਿੰਦਰ ਬੇਰੀ, ਸ਼ਾਮ ਲਾਲ ਕੱਕੜ, ਸੁਰਿੰਦਰ ਵਿੱਜ, ਡਾਕਟਰ ਸੁਰਿੰਦਰ ਸਿੰਘ, ਪਰਵੀਨ ਧਵਨ, ਗ੍ਰਿਪਿਨ ਧਵਨ, ਪਰਵੇਸ਼ ਕੁਮਾਰ, ਸ਼ਿਵ ਕੁਮਾਰ, ਸੁਰਿੰਦਰ ਸਿੰਘ ਬਲਾਸੀ, ਯੋਗਿੰਦਰ ਨਾਥ ਕੱਕੜ, ਰਾਕੇਸ਼ ਸ਼ਰਮਾ ਕੋਆਰਡੀਨੇਟਰ ਆਦਿ ਨੇ ਸੰਬੋਧਨ ਕੀਤਾ। ਅੰਤ ਵਿੱਚ ਸ਼੍ਰੀ ਪਰਦੀਪ ਧਵਨ ਪ੍ਰਧਾਨ ਨੇ ਸਮੂਹ ਹਾਜਰ ਸਾਥਿਆਂ ਦਾ ਧੰਨਵਾਦ ਕੀਤਾ ਅਤੇ ਅਤੇ ਗੁਰੂ ਕਾ ਅਟੁੱਟ ਲੰਗਰ ਵਰਤਾਇਆ ਗਿਆ।



# ਵਿਆਹਾਂ ਵਿੱਚ ਕੋਠਿਆਂ 'ਤੇ ਸਪੀਕਰ ਅਤੇ ਪੁਰਾਣੇ ਗੀਤਾਂ ਦਾ ਰਿਵਾਜ ਫਿਰ ਹੋਇਆ ਪ੍ਰਚਲਿਤ



**ਪੰਜਾਬ** ਦੀ ਮਿੱਟੀ ਵਿੱਚ ਵਿਆਹ ਸਿਰਫ਼ ਇਕ ਪਰਿਵਾਰਕ ਸਮਾਗਮ ਨਹੀਂ ਹੁੰਦਾ, ਇਹ ਪੂਰੇ ਪਿੰਡ ਦੀ ਖੁਸ਼ੀ ਬਣ ਜਾਂਦਾ ਹੈ। ਕਦੇ ਸਮਾਂ ਸੀ ਜਦੋਂ ਵਿਆਹਾਂ ਦੀ ਸ਼ੁਰੂਆਤ ਘਰ ਦੇ ਕੋਠਿਆਂ 'ਤੇ ਵੱਡੇ ਸਪੀਕਰ ਲਗਾ ਕੇ ਹੁੰਦੀ ਸੀ। ਜਿਵੇਂ ਹੀ ਸਪੀਕਰਾਂ ਤੋਂ ਮਿੱਠੇ ਪੰਜਾਬੀ ਲੋਕ-ਗੀਤ ਗੂੰਜਦੇ, ਪਿੰਡ ਦੇ ਲੋਕਾਂ ਨੂੰ ਪਤਾ ਲੱਗ ਜਾਂਦਾ ਕਿ ਕਿਸੇ ਘਰ ਖੁਸ਼ੀ ਦਾ ਮੌਕਾ ਹੈ। ਸਮੇਂ ਦੇ ਨਾਲ ਇਹ ਰਿਵਾਜ ਕੁਝ ਹੱਦ ਤੱਕ ਮੰਦ ਪੈ ਗਿਆ ਸੀ, ਪਰ ਹੁਣ ਇੱਕ ਵਾਰ ਫਿਰ ਇਹ ਰਸਮ ਜ਼ੋਰ ਫੜਦੀ ਦਿਖਾਈ ਦੇ ਰਹੀ ਹੈ। ਪਿਛਲੇ ਕੁਝ ਸਾਲਾਂ ਵਿੱਚ ਡੀ.ਜੇ. ਕਲਚਰ ਨੇ ਵਿਆਹਾਂ ਦਾ ਰੁਖ ਬਦਲ ਦਿੱਤਾ ਸੀ। ਉੱਚੀ ਆਵਾਜ਼ ਵਾਲੀਆਂ ਧੁਨਾਂ ਅਤੇ ਨਵੀਂ ਪੀੜ੍ਹੀ ਦੇ ਰੀ-ਮਿਕਸ ਗੀਤ ਮੌਜੂਦ ਰਹਿੰਦੇ ਸਨ, ਪਰ ਕਈ ਵਾਰ ਉਹਨਾਂ ਵਿੱਚ ਉਹ ਮਿਠਾਸ ਨਹੀਂ ਹੁੰਦੀ ਸੀ ਜੋ ਪੁਰਾਣੇ ਗੀਤਾਂ ਵਿੱਚ ਮਿਲਦੀ ਹੈ। ਹੁਣ ਲੋਕਾਂ ਨੂੰ ਮੁੜ ਉਹੀ ਸਾਦਗੀ ਅਤੇ ਰੂਹਾਨੀ ਸੁਕੂਨ ਚਾਹੀਦਾ ਹੈ, ਜਿਸ ਵਿੱਚ ਪਰਿਵਾਰਕ ਮਾਹੌਲ ਦੀ ਗਰਮੀ ਅਤੇ ਸਾਂਝ ਦਾ ਅਹਿਸਾਸ ਹੋਵੇ। ਜਦੋਂ ਕੋਠਿਆਂ 'ਤੇ ਸਪੀਕਰ ਲਗਦੇ ਹਨ ਅਤੇ ਸਵੇਰੇ ਤੋਂ ਹੀ ਵਿਆਹ ਦੇ ਸੂਹੇ ਗੀਤ ਵੱਜਣ ਲੱਗਦੇ ਹਨ, ਤਾਂ ਘਰ ਦੀਆਂ ਔਰਤਾਂ ਗਿੱਧਾ ਪਾਉਂਦੀਆਂ ਹਨ, ਬੱਚੇ ਖੁਸ਼ੀ ਨਾਲ ਝੂਮਦੇ ਹਨ ਅਤੇ ਬਜ਼ੁਰਗ ਪੁਰਾਣੀਆਂ ਯਾਦਾਂ ਤਾਜ਼ਾ ਕਰਦੇ ਹਨ। ਇਹ ਮਾਹੌਲ ਸਿਰਫ਼ ਸੰਗੀਤ ਦਾ ਨਹੀਂ ਹੁੰਦਾ, ਸਗੋਂ ਰਿਸ਼ਤਿਆਂ ਦੀ ਮਜ਼ਬੂਤੀ ਅਤੇ ਸਾਂਝੀ ਖੁਸ਼ੀ ਦਾ ਪ੍ਰਤੀਕ ਹੁੰਦਾ ਹੈ। ਪੁਰਾਣੇ ਸਮਿਆਂ ਵਿੱਚ ਵਿਆਹ ਕਈ ਦਿਨ ਤੱਕ ਚਲਦੇ ਸਨ। ਘਰ ਦੇ ਵਿਹੜੇ 'ਚ ਰਿਸ਼ਤੇਦਾਰ ਇਕੱਠੇ ਹੁੰਦੇ, ਰਾਤ ਨੂੰ ਚਾਨਣੀਆਂ ਹੇਠ ਬੈਠ ਕੇ ਗੀਤ ਗਾਏ ਜਾਂਦੇ ਅਤੇ ਕੋਠਿਆਂ 'ਤੇ ਲੱਗੇ ਸਪੀਕਰਾਂ ਰਾਹੀਂ ਸਾਰਾ ਪਿੰਡ ਉਸ ਖੁਸ਼ੀ ਦਾ ਹਿੱਸਾ ਬਣਦਾ ਸੀ। ਹੁਣ ਜਦੋਂ ਇਹ ਰਿਵਾਜ ਮੁੜ ਜ਼ਿੰਦਾ ਹੋ ਰਿਹਾ ਹੈ, ਆਪਣੀ ਸਭਿਆਚਾਰਕ ਪਛਾਣ ਨਾਲ ਜੁੜਨ ਦੀ ਲਹਿਰ ਹੈ। ਨਵੀਂ ਪੀੜ੍ਹੀ ਲਈ ਵੀ ਇਹ ਇਕ ਨਵਾਂ ਤਜਰਬਾ ਬਣ ਰਿਹਾ ਹੈ। ਉਹ ਸਮਝ ਰਹੇ ਹਨ ਕਿ ਸਿਰਫ਼ ਚਮਕ-ਧਮਕ ਅਤੇ ਮਹਿੰਗੇ ਪ੍ਰਬੰਧ ਹੀ ਵਿਆਹ ਨੂੰ ਯਾਦਗਾਰ ਨਹੀਂ ਬਣਾਉਂਦੇ, ਸਗੋਂ ਸਾਦਗੀ ਅਤੇ ਪਰੰਪਰਾਵਾਂ ਵੀ ਉਸਦੀ ਰੂਹ ਹਨ। ਜਦੋਂ ਬਜ਼ੁਰਗ ਆਪਣੇ ਸਮੇਂ ਦੇ ਗੀਤ ਸੁਣਦੇ ਹਨ, ਤਾਂ ਉਹਨਾਂ ਦੇ ਚਿਹਰਿਆਂ 'ਤੇ ਜੋ ਖੁਸ਼ੀ ਆਉਂਦੀ ਹੈ, ਉਹ ਹਰ ਕਿਸੇ ਲਈ ਪ੍ਰੇਰਣਾ ਬਣਦੀ ਹੈ। ਇਸ ਰਿਵਾਜ ਦੀ ਵਾਪਸੀ ਇਹ ਵੀ ਦਰਸਾਉਂਦੀ ਹੈ ਕਿ ਲੋਕ ਹੁਣ ਆਪਣੀ ਵਿਰਾਸਤ ਨੂੰ ਮੁੜ ਸਵੀਕਾਰ ਰਹੇ ਹਨ। ਆਧੁਨਿਕਤਾ ਅਤੇ ਤਕਨਾਲੋਜੀ ਦੇ ਇਸ ਯੁੱਗ ਵਿੱਚ ਵੀ ਜੇਕਰ ਪੁਰਾਣੇ ਰੀਤੀ-ਰਿਵਾਜ ਮੁੜ ਜਿੰਦੇ ਹੋ ਰਹੇ ਹਨ, ਤਾਂ ਇਹ ਸਾਡੀ ਸੱਭਿਆਚਾਰਕ ਤਾਕਤ ਦਾ ਸਬੂਤ ਹੈ। ਅਖੀਰ ਵਿੱਚ ਕਿਹਾ ਜਾ ਸਕਦਾ ਹੈ ਕਿ ਕੋਠਿਆਂ 'ਤੇ ਸਪੀਕਰ ਲਗਾ ਕੇ ਪੁਰਾਣੇ ਗੀਤ ਚਲਾਉਣ ਦਾ ਰਿਵਾਜ ਸਿਰਫ਼ ਇੱਕ ਰਸਮ ਨਹੀਂ, ਸਗੋਂ ਪੰਜਾਬੀ ਵਿਰਾਸਤ ਦੀ ਮੁੜ ਜਾਗਰੂਕਤਾ ਹੈ। ਇਹ ਸਾਨੂੰ ਯਾਦ ਦਿਵਾਉਂਦਾ ਹੈ ਕਿ ਸਮਾਂ ਬਦਲ ਸਕਦਾ ਹੈ, ਪਰ ਸਾਡੀ ਮਿੱਟੀ ਨਾਲ ਜੁੜੀ ਸੱਭਿਆਚਾਰਕ ਰੂਹ ਕਦੇ ਖਤਮ ਨਹੀਂ ਹੁੰਦੀ।

**-ਗੁਰਜੰਟ ਸਿੰਘ ਨਥੇਹਾ, ਪੱਤਰਕਾਰ ਆਵਾਜਿ ਕੌਮ ਯੂ ਕੇ ਤਲਵੰਡੀ ਸਾਬੋ, ਸੰਪਰਕ: 8968727272**

# ਪਿੰਡ ਮਹਾਲਮ ਵਿਖੇ ਮਹਾਂਪੁਰਖ ਸ੍ਰੀਮਾਨ 108 ਸੰਤ ਬਾਬਾ ਹਰਨਾਮ ਸਿੰਘ ਜੀ ਰੱਤੋਕੇ ਵਾਲਿਆਂ ਦੀ ਮਿੱਠੀ ਯਾਦ ਵਿਚ ਸਲਾਨਾ ਜ਼ੋੜ ਮੇਲਾ 20 ਅਤੇ 21 ਮਾਰਚ ਨੂੰ—ਜੋੜ ਮੇਲਾ ਪ੍ਰਬੰਧਕ ਕਮੇਟੀ

ਫ਼ਿਰੋਜ਼ਪੁਰ, 16 ਮਾਰਚ (ਮਨੋਹਰ ਲਾਲ) :— ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਪਿੰਡ ਮਹਾਲਮ ਵਿਖੇ ਮਹਾਂਪੁਰਖ ਸ੍ਰੀਮਾਨ 108 ਸੰਤ ਬਾਬਾ ਹਰਨਾਮ ਸਿੰਘ ਜੀ ਰੱਤੋਕੇ ਵਾਲਿਆਂ ਦੀ ਮਿੱਠੀ ਯਾਦ ਵਿਚ ਸਲਾਨਾ ਜ਼ੋੜ ਮੇਲਾ 20 ਅਤੇ 21 ਮਾਰਚ ਨੂੰ ਕਰਵਾਇਆ ਜਾ ਰਿਹਾ ਹੈ। ਇਹ ਜਾਣਕਾਰੀ ਜ਼ੋੜ ਮੇਲਾ ਪ੍ਰਬੰਧਕ ਕਮੇਟੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਧੰਨ—ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਮਹਾਂਪੁਰਖ ਸ੍ਰੀਮਾਨ 108 ਸੰਤ ਬਾਬਾ ਹਰਨਾਮ ਸਿੰਘ ਜੀ ਰੱਤੋਕੇ ਵਾਲਿਆਂ ਦੀ ਮਿੱਠੀ ਯਾਦ ਵਿਚ ਜ਼ੋੜ ਮੇਲਾ 20 ਮਾਰਚ ਨੂੰ ਰਾਤ ਦੇ ਦੀਵਾਨ ਅਤੇ 21 ਮਾਰਚ ਨੂੰ ਦਿਨ ਦੇ ਦੀਵਾਨ ਸਜਾਏ ਜਾਣਗੇ। ਪ੍ਰਬੰਧਕ ਕਮੇਟੀ ਨੇ ਅੱਗੇ ਦੱਸਿਆ ਕਿ ਇਸ ਸਬੰਧ ਵਿਚ ਇਕ ਚੇਤਰ ਤੋਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੀਆਂ ਲੜੀਆਂ ਚੱਲ ਰਹੀਆਂ ਹਨ, ਜਿਨ੍ਹਾਂ ਦਾ ਭੋਗ ਹਰ ਤੀਸਰੇ ਦਿਨ ਪਾਏ ਜਾ ਰਹੇ ਹਨ। ਇਸ ਮੌਕੇ ਤੇ ਵਿਸ਼ੇਸ਼ ਤੌਰ ਤੇ ਸੰਤ ਬਾਬਾ ਕੁਲਦੀਪ ਸਿੰਘ ਝਾੜ ਸਾਹਿਬ ਵਾਲੇ ਵੀ ਪਹੁੰਚ ਰਹੇ ਹਨ ਅਤੇ ਸਚਖੰਡ ਵਾਸੀ ਧੰਨ—ਧੰਨ ਬਾਬਾ ਸ਼ਿੰਗਾਰਾ ਸਿੰਘ ਦੇ ਮੌਜੂਦਾ ਮੁਖੀ ਸੰਤ ਬਾਬਾ ਦਾਰਾ ਸਿੰਘ ਵਿਸ਼ੇਸ਼ ਤੌਰ ਤੇ ਪਹੁੰਚ ਕੇ ਹਾਜ਼ਰੀ ਲੁਆਉਣਗੇ। ਜ਼ੋੜ ਮੇਲਾ ਪ੍ਰਬੰਧਕ ਕਮੇਟੀ ਨੇ ਅੱਗੇ ਦੱਸਿਆ ਕਿ 20 ਮਾਰਚ ਨੂੰ ਰਾਤ ਦੇ ਦੀਵਾਨਾਂ ਦੀ ਹਾਜ਼ਰੀ ਖਾਡੀ ਜਥਾ ਭਾਈ ਭੁਪਿੰਦਰ ਸਿੰਘ ਪਾਰਸਮਨੀ ਰਾਤ 7 ਵਜੇ ਤੋਂ 9 ਵਜੇ ਤੱਕ ਢਾਡੀ ਵਾਰਾਂ ਸੁਣਾ ਕੇ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਤੋਂ ਇਲਾਵਾ 21 ਮਾਰਚ (8 ਚੇਤ) ਦਿਨ ਸ਼ਨੀਵਾਰ ਨੂੰ ਦਿਨ ਦੇ ਦੀਵਾਨਾਂ ਦੀ ਹਾਜ਼ਰੀ ਕਵੀਸ਼ਰੀ ਜਥਾ ਗਿਆਨੀ ਗੁਰਕੀਰਤ ਸਿੰਘ ਡਬਲ ਐਮ.ਏ 11:30 ਵਜੇ ਤੋਂ 1:30 ਵਜੇ ਤੱਕ ਹਾਜ਼ਰੀ ਭਰਨਗੇ। ਇਸ ਤੋਂ ਬਾਅਦ ਢਾਡੀ ਜਥਾ ਭਾਈ ਗੁਰਪ੍ਰਤਾਪ ਸਿੰਘ ਪਦਮ 2 ਵਜੇ ਤੋਂ 4 ਵਜੇ ਤੱਕ ਹਾਜ਼ਰੀ ਭਰਨਗੇ। ਜ਼ੋੜ ਮੇਲਾ ਪ੍ਰਬੰਧਕ ਕਮੇਟੀ ਨੇ ਅੱਗੇ ਦੱਸਿਆ ਕਿ ਸ਼ਾਮ ਨੂੰ 5 ਵਜੇ ਮਾਝਾ ਅਤੇ ਮਾਲਵੇ ਦੀਆਂ ਕਬੱਡੀ ਟੀਮਾਂ ਵਿਚਕਾਰ ਮੈਚ ਖੇਡਿਆ ਜਾਵੇਗਾ। ਇਸ ਤੋਂ ਇਲਾਵਾ 9 ਚੇਤਰ (22 ਮਾਰਚ) ਸ਼ਾਮ ਨੂੰ ਨਿਹੰਗਾਂ ਸਿੰਘਾਂ ਵੱਲੋਂ ਘੋੜਿਆਂ ਦੇ ਜ਼ੌਹਰ ਅਤੇ ਮਹੱਲਾ ਕੱਢਿਆ ਜਾਵੇਗਾ। ਜ਼ੋੜ ਮੇਲਾ ਪ੍ਰਬੰਧਕ ਕਮੇਟੀ ਨੇ ਸਮੂਹ ਪੰਜਾਬ ਭਰ ਦੀਆਂ ਅਤੇ ਇਲਾਕੇ ਭਰ ਦੀਆਂ ਸੰਗਤਾਂ ਅੱਗੇ ਬੇਨਤੀ ਕੀਤੀ ਕਿ ਉਹ ਭਾਰੀ ਗਿਣਤੀ ਵਿਚ ਪਹੁੰਚ ਕੇ ਆਏ ਹੋਏ ਮਹਾਂਪੁਰਖਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲ ਬਣਾਉ। ਇਸ ਮੇਲੇ ਦੀ ਖਾਸੀਅਤ ਇਹ ਹੈ ਕਿ ਇਸ ਜ਼ੋੜ ਮੇਲੇ ਵਿਚ ਸੰਗਤਾਂ ਦੇਸ਼ਾਂ—ਵਿਦੇਸ਼ਾਂ ਤੋਂ ਆ ਕੇ ਹਾਜ਼ਰੀ ਭਰਦੀਆਂ ਹਨ ਅਤੇ ਲਗਾਤਾਰ 8 ਦਿਨ ਸਾਰੇ ਪਿੰਡ ਦਾ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਂਦਾ ਹੈ ਅਤੇ ਸੰਗਤਾਂ ਜਿਹੜੀ ਵੀ ਮੁਰਾਦ ਮੰਗਦੀ ਹੈ ਪੂਰੀਆਂ ਹੁੰਦੀਆਂ ਹਨ। ਇਸ ਕਰਕੇ ਹਰ ਸਾਲ ਸ੍ਰੀ ਆਖੰਡ ਪਾਠ ਸਾਹਿਬ ਜੀ ਦੀ ਗਿਣਤੀ ਦਿਨੋ—ਦਿਨ ਵੱਧ ਰਹੀ ਹੈ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਏ ਜਾਣਗੇ। ਜ਼ੋੜ ਮੇਲਾ ਪ੍ਰਬੰਧਕ ਕਮੇਟੀ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਕੋਈ ਵੀ ਸੱਜਣ ਸੈਕਟਰੀ ਦੀ ਆਗਿਆ ਤੋਂ ਬਿਨਾਂ ਸਟੇਜ਼ ਤੇ ਬੋਲਣ ਦੀ ਖੇਚਲ ਨਾ ਕਰੇ।



### ਗੁਰਦੁਆਰਾ ਸਿੱਖ ਛਾਉਣੀ ਅਤਾਪੁਰ, ਹੈਦ੍ਰਾਬਾਦ ਵਿਖੇ ਹੋਏ ਜਮੀਨ ਵਿਵਾਦ ਲਈ ਗੁਰਦੁਆਰਾ ਬੋਰਡ ਵੱਲੋਂ

# ਹਰ ਸੰਭਵ ਯਤਨ ਕੀਤੇ ਜਾਵੇ : ਮਾਨਯੋਗ ਪੰਜ ਪਿਆਰੇ ਸਾਹਿਬਾਨ



**ਚੌਂਕ ਮਹਿਤਾ, 16 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਗੁਰਦੁਆਰਾ ਸਿੱਖ ਛਾਵਨੀਯਾਤ ਅਤਾਪੁਰ, ਹੈਦ੍ਰਾਬਾਦ (ਤੇਲੰਗਾਨਾ ਸਟੇਟ) ਵਿਖੇ ਗੁਰਦੁਆਰਾ ਸਾਹਿਬ ਦੀ ਜਮੀਨ ਤੇ ਸਰਕਾਰ ਵੱਲੋਂ ਧੱਕਾ ਕੀਤਾ ਗਿਆ। ਜਿਸ ਵਿੱਚ ਅਤਾਪੁਰ ਦੀ ਗੁਰਦੁਆਰਾ ਸਾਹਿਬ ਜੀ ਮਲਕੀਯਤ ਦੀ ਜਮੀਨ ਜੋ ਕੀ ਅੰਦਾਜਨ 1.5 ਏਕੜ (ਕਿੱਲੇ) ਦਾ ਮਾਮਲਾ ਚਲ ਰਿਹਾ ਸੀ ਜਿਸਦਾ ਫੈਸਲਾ ਗੁਰਦੁਆਰਾ ਸਾਹਿਬ ਦੇ ਹੱਕ ਵਿੱਚ ਹੋਇਆ ਹੈ। ਲੇਕਿਨ ਨਾਲ ਲੱਗਦੇ ਕੁਝ ਸੱਜਣਾ ਵੱਲੋਂ ਇਹ ਜਮੀਨ ਮੰਦੀਰ ਦੀ ਹੈ ਇਸ ਤਰ੍ਹਾਂ ਦੀ ਸ਼ਿਕਾਯਤ ਪ੍ਰਸ਼ਾਸਨ ਕੋਲ ਕੀਤੀ ਗਈ ਹੈ। ਜਿਸ ਨੂੰ ਮੁੱਖ ਰੱਖਦੇ ਹੋਏ ਪ੍ਰਸ਼ਾਸਨ ਵੱਲੋਂ ਇਸ 1.5 ਏਕੜ ਜਮੀਨ ਵਿੱਚੋਂ 1000 ਗਜ ਜਮੀਨ ਛੱਡ ਕੇ ਬਾਕੀ ਜਮੀਨ ਤੇ ਕਬਜਾ ਕਰਨ ਦੀ ਕੋਸ਼ੀਸ਼ ਕੀਤੀ ਗਈ। ਜਿਸ ਨਾਲ ਕੁਛ ਸਮੇਂ ਲਈ ਤਨਾਵ ਦਾ ਮਾਹੌਲ ਹੋਇਆ ਸੀ। ਇਸੀ ਦੌਰਾਨ ਕੁਛ ਸਿੰਘਾਂ ਤੇ ਪੁਲਿਸ ਨੇ ਧੱਕਾ ਕਰਦੇ ਹੋਏ ਕੇਸ ਵੀ ਕੀਤੇ ਹਨ। ਇਨਾਂ ਉਪਰੋਕੱਤ ਹਾਲਾਤ ਨੂੰ ਮੁੱਖ ਰੱਖਦੇ ਹੋਏ ਤਖਤ ਸੱਚਖੰਡ ਸਾਹਿਬ ਦੇ ਮਾਨਯੋਗ ਪੰਜ ਪਿਅਰੇ ਸਾਹਿਬਾਨ ਵੱਲੋਂ ਮਿਟਿੰਗ ਲੈਕੇ ਮੱਤਾ ਕੀਤਾ ਕਿ ਗੁਰਦੁਆਰਾ ਸਾਹਿਬ ਵੱਲੋਂ ਇਕ ਡੇਲੀਗੇਸ਼ਨ ਭੇਜ ਕਰਕੇ ਤੇਲੰਗਾਨਾ ਦੇ ਮੁੱਖਮੰਤਰੀ ਅਤੇ ਸੰਬੰਧਿਤ ਅਧਿਕਾਰੀਆਂ ਨੂੰ ਨਿਵੇਦਨ ਦਿੱਤਾ ਜਾਵੇ। ਇਸ ਮਿਟਿੰਗ ਵਿੱਚ ਗੁਰਦੁਆਰਾ ਸਾਹਿਬ ਦੇ ਪ੍ਰਸ਼ਾਸਕ ਸਾਹਿਬ ਡਾ.ਸ.ਵਿਜੇ ਸਤਬੀਰ ਸਿੰਘ ਜੀ ਨੇ ਵੀ ਫੋਨ ਰਾਹੀ ਯੋਗ ਕਾਰਵਾਈ ਕਰਨ ਦੀ ਹਿਦਾਇਤ ਦਿੱਤੀ

ਇਸ ਮੌਕੇ ਤੇ ਜੱਥੇਦਾਰ – ਸੰਤ ਬਾਬਾ ਕੁਲਵੰਤ ਸਿੰਘ ਜੀ, ਸਿੰਘ ਸਾਹਿਬ ਭਾਈ ਕਸ਼ਮੀਰ ਸਿੰਘ ਜੀ – ਹੈਡ ਗ੍ਰੰਥੀ, ਸਿੰਘ ਸਾਹਿਬ ਭਾਈ ਰਾਮ ਸਿੰਘ ਜੀ – ਧੂਪੀਆ, ਭਾਈ ਗੁਰਦੀਪ ਸਿੰਘ ਜੀ, ਭਾਈ ਰਣਜੀਤ ਸਿੰਘ ਜੀ, ਡਿਪਟੀ ਸੁਪਰਡੈਂਟ – ਸ੍ਰ: ਰਵਿੰਦਰ ਸਿੰਘ ਕਪੂਰ, ਸਹਾ. ਸੁਪਰਡੈਂਟ – ਸ੍ਰ: ਬਲਵਿੰਦਰ ਸਿੰਘ ਫੌਜੀ, ਸ੍ਰ: ਦਰਸ਼ਨ ਸਿੰਘ – ਕਮੇਟੀ ਵਿਭਾਗ ਅਤੇ ਸ੍ਰ: ਜਸਪਾਲ ਸਿੰਘ ਸੁਖਮਨੀ – ਲੀਗਲ ਐਡਵਾਈਜਰ ਹਾਜਰ ਸਨ।

### ਸ਼ੈਲਟਰ ਨੇ ਸਰਕਾਰੀ ਸਕੂਲ ਬਸੌਲੀ ਵਿਚ ਲਗਵਾਈ ਮੋਟਰ

# ਸਾਫ ਪਾਣੀ ਦਾ ਪ੍ਰਬੰਧ ਕੀਤਾ : ਡਾ.ਮੁਲਤਾਨੀ



**ਚੌਂਕ ਮਹਿਤਾ, 16 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਮਾਜ ਸੇਵੀ ਸੰਸਥਾ ਸ਼ੈਲਟਰ ਚੈਰੀਟੇਬਲ ਟਰੱਸਟ ( ਰਜਿ ਸੁਸਾਇਟੀ) ਲਾਲੜੂ ਵੱਲੋਂ ਸਿਹਤ ਅਤੇ ਸਿੱਖਿਆ ਦੇ ਖੇਤਰ ਵਿੱਚ ਪਿਛਲੇ ਤੀਹ ਸਾਲਾਂ ਤੋਂ ਚੱਲਦੀ ਸਹਿਯੋਗ ਮੁਹਿੰਮ ਤਹਿਤ ਅੱਜ ਸਰਕਾਰੀ ਸਕੂਲ ਬਸੌਲੀ ਵਿਖੇ ਦੋ ਹਾਰਸ ਪਾਵਰ ਦੀ ਮੋਟਰ ਲਗਵਾ ਕੇ ਸਾਫ ਪਾਣੀ ਦਾ ਪ੍ਰਬੰਧ ਕਰਵਾਇਆ ਸਰਕਾਰੀ ਸਕੂਲ ਬਸੋਲੀ ਵਿੱਚ ਪੀਣ ਵਾਲੇ ਸਾਫ਼ ਪਾਣੀ ਅਤੇ ਪੌਦਿਆਂ ਘਾਹ ਆਦਿ ਦੇ ਰੱਖ ਰੱਖਾਅ ਲਈ ਵੱਡੀ ਮੁਸ਼ਕਲ ਸੀ ਜੋ ਹੁਣ ਪੂਰੀ ਹੋ ਗਈ ਹੈ। ਸਕੂਲ ਦੇ ਸਟਾਫ ਅਤੇ ਸਰਪੰਚ ਵਲੋਂ ਸ਼ੈਲਟਰ ਚੈਰੀਟੇਬਲ ਟਰੱਸਟ ਵਲੋਂ ਸਕੂਲ ਲਈ ਕੀਤੀ ਸੇਵਾ ਦਾ ਧੰਨਵਾਦ ਕੀਤਾ। ਡਾ ਦਲੇਰ ਸਿੰਘ ਮੁਲਤਾਨੀ ਸਿਵਲ ਸਰਜਨ ( ਰਿਟਾ ) ਅਤੇ ਸੰਸਥਾ ਦੇ ਪ੍ਰਧਾਨ ਨੇ ਦੱਸਿਆ ਕਿ ਸਾਫ ਪਾਣੀ ਲਈ ਸ਼ੈਲਟਰ ਵੱਲੋਂ ਕਈ ਸਰਕਾਰੀ ਸਕੂਲਾਂ ਨੂੰ ਸਬਮਰਸੀਬਲ ਅਤੇ ਆਰ ਓ ਪਹਿਲਾਂ ਵੀ ਦਿਤੇ ਗਏ ਹਨ ਤਾਂ ਕਿ ਬੱਚਿਆਂ ਦੀ ਸਿਹਤ ਤੰਦਰੁਸਤ ਰਹੇ ਸ਼ੈਲਟਰ ਵੱਲੋਂ ਸੁਰੱਖਿਅਤ ਸਕੂਲਾਂ ਲਈ ਚਲਾਈ ਮੁਹਿੰਮ ਤਹਿਤ ਡੇਰਾ ਬਸੀ ਬਲਾਕ ਦੇ ਤਕਰੀਬਨ ਸਾਰੇ ਸਕੂਲਾਂ ਅਤੇ ਕਈ ਹੋਰ ਬਲਾਕਾਂ ਦੇ ਸਕੂਲਾਂ ਨੂੰ ਧੂੰਆਂ ਮੁਕਤੀ ਲਈ ਸਮਾਨ ਦਿੱਤਾ ਜਾ ਚੁੱਕਿਆ ਡਾ ਮੁਲਤਾਨੀ ਨੇ ਕਿਹਾ ਕਿ ਲੋੜਵੰਦ ਸਕੂਲਾਂ ਵਿੱਚ ਇਹ ਸੇਵਾਵਾਂ ਭਵਿੱਖ ਵਿੱਚ ਵੀ ਚਲਦੀਆਂ ਰਹਿਣਗੀਆਂ। ਡਾ ਮੁਲਤਾਨੀ ਨੇ ਦੱਸਿਆ ਕਿ ਸਰਕਾਰ ਵੱਲੋਂ ਬੱਚਿਆਂ ਲਈ ਸਾਫ ਹਵਾ , ਪਾਣੀ , ਰੋਸ਼ਨੀ ਅਤੇ ਖੇਡ ਗਰਾਊਂਡ ਦੇ ਪ੍ਰਬੰਧਾਂ ਨੂੰ ਪ੍ਰਾਥਮਿਕਤਾ ਦੇਣੀ ਚਾਹੀਦੀ ਪਰ ਸਰਕਾਰ ਦਾ ਇਹਨਾਂ ਗੱਲਾਂ ਵੱਲ ਬਹੁਤਾ ਧਿਆਨ ਨਹੀਂ ਹੈ। ਡਾ ਮੁਲਤਾਨੀ ਨੇ ਸਰਕਾਰ ਨੂੰ ਬੇਨਤੀ ਕੀਤੀ ਕਿ ਪ੍ਰਾਇਮਰੀ ਸਕੂਲਾਂ ਨੂੰ ਵੱਧ ਤੋਂ ਵੱਧ ਮਿਆਰੀ ਸਿੱਖਿਆ ਲਈ ਸਹੂਲਤਾਂ ਦਿੱਤੀਆਂ ਜਾਣ ਕਿਉਂਕਿ ਜੇਕਰ ਬੱਚਿਆਂ ਦੀ ਪੜਾਈ ਦੀ ਜੜ੍ਹ ਪੱਕੀ ਬਣ ਗਈ ਤਾਂ ਅਗਲੀ ਪੜ੍ਹਾਈ ਸੌਖੀ ਹੋ ਜਾਂਦੀ। ਡਾ ਮੁਲਤਾਨੀ ਨੇ ਕਿਹਾ ਕਿ ਕਿਸੇ ਵੀ ਦੇਸ਼ ਦੀ ਤਰੱਕੀ, ਦੇਸ਼ ਦੇ ਵਸਨੀਕਾਂ ਦੀ ਸਿੱਖਿਆ ਅਤੇ ਸਿਹਤ ਤੇ ਨਿਰਭਰ ਕਰਦੀ ਪਰ ਭਾਰਤ ਵਿੱਚ ਸਿਹਤ ਅਤੇ ਸਿੱਖਿਆ ਦੇ ਖੇਤਰ ਵਿੱਚ ਕਈ ਥਾਵਾਂ ਪਿਛੜਿਆ ਹੋਇਆ ਨਜ਼ਰ ਆਉਂਦਾ। ਇਸ ਮੌਕੇ ਡਾ ਮੁਲਤਾਨੀ ਨੇ ਕਿਹਾ ਕਿ ਸਕੂਲਾਂ ਵਿੱਚ ਸੋਸ਼ਲ ਸਿੱਖਿਆ ਤੇ ਜ਼ੋਰ ਦੇਣ ਲਈ ਅਧਿਆਪਕਾਂ ਨੂੰ ਅੱਗੇ ਆਉਣਾ ਚਾਹੀਦਾ ਤਾਂ ਜੋ ਬੱਚਿਆਂ ਵਿੱਚ ਦੇਸ਼ , ਸਮਾਜ ਤੇ ਅਪਣੇ ਆਲੇ ਦੁਆਲੇ ਬਾਰੇ ਜਾਗਰੂਕਤਾ ਅਤੇ ਜਿੰਮੇਵਾਰੀ ਵੱਧ ਸਕੇ ਇਸ ਮੌਕੇ ਰਾਜਬੀਰ ਸਿੰਘ ਰਾਣਾ ਜਨਰਲ ਸਕੱਤਰ, ਖਜ਼ਾਨਚੀ ਰਘੁਬੀਰ ਜੁਨੇਜਾ, ਸਤੀਸ਼ ਰਾਣਾ ਪ੍ਰੈਸ ਸਕੱਤਰ , ਬਸੌਲੀ ਪਿੰਡ ਦੇ ਸਰਪੰਚ ਅਤੇ ਸਕੂਲ ਦੇ ਸਟਾਫ ਮੈਂਬਰ ਹਾਜ਼ਰ ਸਨ।

## ਕ੍ਰਾਇਓਪ੍ਰਿਜ਼ਰਵੇਸ਼ਨ (ਬਹੁਤ ਘੱਟ ਤਾਪਮਾਨ 'ਤੇ ਜੀਵਨ ਦੀ ਸੰਭਾਲ)



ਆਧੁਨਿਕ ਵਿਗਿਆਨ ਲਗਾਤਾਰ ਐਸੀਆਂ ਨਵੀਆਂ ਤਕਨੀਕਾਂ ਵਿਕਸਿਤ ਕਰ ਰਿਹਾ ਹੈ ਜੋ ਜੀਵਨ ਅਤੇ ਜੀਵ ਵਿਗਿਆਨਕ ਪਦਾਰਥਾਂ ਨੂੰ ਭਵਿੱਖ ਲਈ ਸੰਭਾਲ ਸਕਣ। ਇਨ੍ਹਾਂ ਵਿੱਚੋਂ ਇੱਕ ਮਹੱਤਵਪੂਰਨ ਤਕਨੀਕ ਕ੍ਰਾਇਓਪ੍ਰਿਜ਼ਰਵੇਸ਼ਨ ਹੈ। ਇਸ ਪ੍ਰਕਿਰਿਆ ਵਿੱਚ ਜੀਵਿਤ ਕੋਸ਼ਿਕਾਵਾਂ, ਟਿਸ਼ੂਆਂ ਜਾਂ ਕਈ ਵਾਰ ਪੂਰੇ ਜੀਵਾਂ ਨੂੰ ਬਹੁਤ ਹੀ ਘੱਟ ਤਾਪਮਾਨ 'ਤੇ ਠੰਢਾ ਕਰਕੇ ਸੰਭਾਲਿਆ ਜਾਂਦਾ ਹੈ।

ਇਹ ਤਕਨੀਕ ਇਲਾਜ਼ ਪ੍ਰਣਾਲੀ, ਖੇਤੀਬਾੜੀ ਅਤੇ ਵਿਗਿਆਨਕ ਖੋਜ ਵਿੱਚ ਵਿਆਪਕ ਤੌਰ 'ਤੇ ਵਰਤੀ ਜਾਂਦੀ ਹੈ ਅਤੇ ਹੌਲੀ-ਹੌਲੀ ਸਿਹਤ ਸੇਵਾਵਾਂ ਅਤੇ ਬਾਇਓਟੈਕਨੋਲੋਜੀ ਦੇ ਭਵਿੱਖ ਨੂੰ ਪ੍ਰਭਾਵਿਤ ਕਰ ਰਹੀ ਹੈ।

ਕ੍ਰਾਇਓਪ੍ਰਿਜ਼ਰਵੇਸ਼ਨ ਦੀ ਮਦਦ ਨਾਲ ਜੀਵ ਵਿਗਿਆਨਕ ਪਦਾਰਥ ਕਈ ਸਾਲਾਂ ਤੱਕ ਜੀਵੰਤ ਹਾਲਤ ਵਿੱਚ ਸੰਭਾਲੇ ਜਾ ਸਕਦੇ ਹਨ। ਇਸ ਨਾਲ ਪ੍ਰਜਨਨ ਕੋਸ਼ਿਕਾਵਾਂ, ਸਟੈਮ ਸੈੱਲਾਂ ਅਤੇ ਹੋਰ ਟਿਸ਼ੂਆਂ ਨੂੰ ਭਵਿੱਖ ਵਿੱਚ ਵਰਤਣ ਲਈ ਸੁਰੱਖਿਅਤ ਰੱਖਣਾ ਸੰਭਵ ਬਣਦਾ ਹੈ। ਹਾਲਾਂਕਿ ਇਸ ਤਕਨੀਕ ਦੇ ਕਈ ਲਾਭ ਹਨ, ਪਰ ਇਸ ਨਾਲ ਕੁਝ ਨੈਤਿਕ, ਸਮਾਜਿਕ ਅਤੇ ਆਰਥਿਕ ਸਵਾਲ ਵੀ ਉੱਠਦੇ ਹਨ।

**ਕ੍ਰਾਇਓਪ੍ਰਿਜ਼ਰਵੇਸ਼ਨ ਦੀ ਪਰਿਭਾਸ਼ਾ**-ਕ੍ਰਾਇਓਪ੍ਰਿਜ਼ਰਵੇਸ਼ਨ ਉਹ ਪ੍ਰਕਿਰਿਆ ਹੈ ਜਿਸ ਵਿੱਚ ਕੋਸ਼ਿਕਾਵਾਂ, ਟਿਸ਼ੂਆਂ, ਅੰਗਾਂ ਜਾਂ ਹੋਰ ਜੀਵ ਵਿਗਿਆਨਕ ਪਦਾਰਥਾਂ ਨੂੰ ਬਹੁਤ ਹੀ ਘੱਟ ਤਾਪਮਾਨ (ਆਮ ਤੌਰ 'ਤੇ ?1੯63, ਤਰਲ ਨਾਈਟਰੋਜਨ ਦੀ ਮਦਦ ਨਾਲ) 'ਤੇ ਠੰਢਾ ਕਰਕੇ ਸੰਭਾਲਿਆ ਜਾਂਦਾ ਹੈ।

ਇਸ ਤਾਪਮਾਨ 'ਤੇ ਜੀਵ ਵਿਗਿਆਨਕ ਗਤੀਵਿਧੀਆਂ ਜਿਵੇਂ ਕਿ ਰਸਾਇਣਕ ਕ੍ਰਿਆਵਾਂ ਅਤੇ ਮੈਟਾਬੋਲਿਜ਼ਮ ਲਗਭਗ ਪੂਰੀ ਤਰ੍ਹਾਂ ਰੁਕ ਜਾਂਦੇ ਹਨ। ਇਸ ਕਾਰਨ ਇਹ ਪਦਾਰਥ ਲੰਬੇ ਸਮੇਂ ਤੱਕ ਬਿਨਾਂ ਬਦਲੇ ਸੰਭਾਲੇ ਰਹਿ ਸਕਦੇ ਹਨ। ਜਦੋਂ ਲੋੜ ਪੈਂਦੀ ਹੈ ਤਾਂ ਉਨ੍ਹਾਂ ਨੂੰ ਹੌਲੀ ਹੌਲੀ ਗਰਮ ਕਰਕੇ ਮੁੜ ਵਰਤਿਆ ਜਾ ਸਕਦਾ ਹੈ।

ਕ੍ਰਾਇਓਪ੍ਰਿਜ਼ਰਵੇਸ਼ਨ ਕਿਵੇਂ ਕੰਮ ਕਰਦੀ ਹੈ ?

ਕ੍ਰਾਇਓਪ੍ਰਿਜ਼ਰਵੇਸ਼ਨ ਦੀ ਪ੍ਰਕਿਰਿਆ ਆਮ ਤੌਰ 'ਤੇ ਹੇਠ ਲਿਖੇ ਕਦਮਾਂ ਵਿੱਚ ਕੀਤੀ ਜਾਂਦੀ ਹੈ:

1. ਜੀਵ ਵਿਗਿਆਨਕ ਨਮੂਨੇ ਦੀ ਤਿਆਰੀ

ਕੋਸ਼ਿਕਾਵਾਂ ਜਾਂ ਟਿਸ਼ੂ ਇਕੱਠੇ ਕਰਕੇ ਉਨ੍ਹਾਂ ਨੂੰ ਜਮਾਉਣ ਲਈ ਤਿਆਰ ਕੀਤਾ ਜਾਂਦਾ ਹੈ।

2. **ਕ੍ਰਾਇਓਪ੍ਰੋਟੈਕਟੈਂਟਸ ਦਾ ਜੋੜ**-ਖਾਸ ਰਸਾਇਣਕ ਪਦਾਰਥ ਜਿਵੇਂ ਗਲੀਸਰੋਲ ਜਾਂ ਡੀਐਮਐਸਓ ਜੋੜੇ ਜਾਂਦੇ ਹਨ ਤਾਂ ਜੋ ਬਰਫ਼ ਦੇ ਕਣ ਬਣਨ ਨਾਲ ਕੋਸ਼ਿਕਾਵਾਂ ਨੂੰ ਨੁਕਸਾਨ ਨਾ ਹੋਵੇ।

3. **ਨਿਯੰਤਰਿਤ ਠੰਢਾ ਕਰਨਾ**-ਨਮੂਨੇ ਨੂੰ ਹੌਲੀ-ਹੌਲੀ ਠੰਢਾ ਕੀਤਾ ਜਾਂਦਾ ਹੈ ਤਾਂ ਜੋ ਅਚਾਨਕ ਨੁਕਸਾਨ ਤੋਂ ਬਚਿਆ ਜਾ ਸਕੇ।

4. **ਤਰਲ ਨਾਈਟਰੋਜਨ ਵਿੱਚ ਸਟੋਰੇਜ**-ਨਮੂਨਿਆਂ ਨੂੰ ?1੯63 ਤਾਪਮਾਨ ਵਾਲੇ ਤਰਲ ਨਾਈਟਰੋਜਨ ਦੇ ਟੈਂਕਾਂ ਵਿੱਚ ਸੰਭਾਲਿਆ ਜਾਂਦਾ ਹੈ।

5. **ਗਲਾਉਣਾ ਅਤੇ ਮੁੜ ਪ੍ਰਾਪਤੀ**-ਜਦੋਂ ਲੋੜ ਪੈਂਦੀ ਹੈ ਤਾਂ ਨਮੂਨੇ ਨੂੰ ਹੌਲੀ ਹੌਲੀ ਗਰਮ ਕਰਕੇ ਮੁੜ ਜੀਵੰਤ ਬਣਾਇਆ ਜਾਂਦਾ ਹੈ।

**ਕ੍ਰਾਇਓਪ੍ਰਿਜ਼ਰਵੇਸ਼ਨ ਦੇ ਉਪਯੋਗ**-ਕ੍ਰਾਇਓਪ੍ਰਿਜ਼ਰਵੇਸ਼ਨ ਦੇ ਕਈ ਮਹੱਤਵਪੂਰਨ ਉਪਯੋਗ ਹਨ।

**ਇਲਾਜ਼ ਪ੍ਰਣਾਲੀ ਦਾ ਖੇਤਰ**-ਫਰਟੀਲਿਟੀ ਇਲਾਜ ਲਈ ਸ਼ੁਕਰਾਣੂ, ਅੰਡੇ ਅਤੇ ਭ੍ਰੂਣਾਂ ਦੀ ਸੰਭਾਲ।

**ਸਟੈਮ ਸੈੱਲਾਂ ਦੀ ਸੰਭਾਲ**-ਖ਼ੂਨ ਅਤੇ ਹੱਡੀ ਦੇ ਗੁੱਦੇ ਦੀ ਸਾਂਭ ਸੰਭਾਲ।

**ਖੇਤੀਬਾੜੀ**-ਬੀਜਾਂ ਅਤੇ ਪੌਦਿਆਂ ਦੇ ਜੈਨੇਟਿਕ ਪਦਾਰਥ ਦੀ ਸੰਭਾਲ

ਦੁਰਲਭ ਪੌਦਿਆਂ ਦੀਆਂ ਪ੍ਰਜਾਤੀਆਂ ਦੀ ਰੱਖਿਆ

**ਜੰਗਲੀ ਜੀਵ ਸੰਰੱਖਣ**-ਕ੍ਰਾਇਓਪ੍ਰਿਜ਼ਰਵੇਸ਼ਨ ਦੀ ਮਦਦ ਨਾਲ ਖ਼ਤਰੇ ਵਿੱਚ ਪਈਆਂ ਜਾਨਵਰਾਂ ਦੀਆਂ ਪ੍ਰਜਾਤੀਆਂ ਦਾ ਜੈਨੇਟਿਕ ਪਦਾਰਥ ਸੰਭਾਲਿਆ ਜਾ ਸਕਦਾ ਹੈ।

**ਵਿਗਿਆਨਕ ਖ਼ੋਜ** -ਵਿਗਿਆਨੀ ਲੈਬੋਰਟਰੀ ਵਿੱਚ ਕੋਸ਼ਿਕਾਵਾਂ ਅਤੇ ਹੋਰ ਨਮੂਨਿਆਂ ਨੂੰ ਭਵਿੱਖੀ ਅਧਿਐਨਾਂ ਲਈ ਸੰਭਾਲ ਕੇ ਰੱਖਦੇ ਹਨ।

ਸਮਾਜ 'ਤੇ ਕ੍ਰਾਇਓਪ੍ਰਿਜ਼ਰਵੇਸ਼ਨ ਦਾ ਪ੍ਰਭਾਵ

ਕ੍ਰਾਇਓਪ੍ਰਿਜ਼ਰਵੇਸ਼ਨ ਨੇ ਸਮਾਜ 'ਤੇ ਕਈ ਤਰੀਕਿਆਂ ਨਾਲ ਪ੍ਰਭਾਵ ਪਾਇਆ ਹੈ।

ਇਲਾਜ਼ ਪ੍ਰਣਾਲੀ ਵਿੱਚ ਤਰੱਕੀ

ਇਸ ਨਾਲ ਫਰਟੀਲਿਟੀ ਇਲਾਜ ਵਿੱਚ ਕਾਫ਼ੀ ਸੁਧਾਰ ਆਇਆ ਹੈ। ਬਾਂਝਪਨ ਦਾ ਸਾਹਮਣਾ ਕਰ ਰਹੇ ਜੋੜੇ ਭਵਿੱਖ ਲਈ ਪ੍ਰਜਨਨ ਕੋਸ਼ਿਕਾਵਾਂ ਸੰਭਾਲ ਸਕਦੇ ਹਨ।

**ਦੇਰ ਨਾਲ ਮਾਤਾ-ਪਿਤਾ ਬਣਨਾ**-ਅੱਜਕੱਲ੍ਹ ਕਈ ਲੋਕ ਆਪਣੇ ਅੰਡੇ ਜਾਂ ਸ਼ੁਕਰਾਣੂ ਸੰਭਾਲ ਕੇ ਰੱਖਦੇ ਹਨ ਤਾਂ ਜੋ ਬਾਅਦ ਵਿੱਚ ਬੱਚੇ ਪੈਦਾ ਕਰ ਸਕਣ।

**ਜੈਵਿਕ ਵਿਭਿੰਨਤਾ ਦੀ ਰੱਖਿਆ**-ਇਸ ਤਕਨੀਕ ਨਾਲ ਖ਼ਤਰੇ ਵਿੱਚ ਪਈਆਂ ਪ੍ਰਜਾਤੀਆਂ ਦੇ ਜੈਨੇਟਿਕ ਪਦਾਰਥ ਨੂੰ ਸੰਭਾਲਿਆ ਜਾ ਸਕਦਾ ਹੈ।

**ਨੈਤਿਕ ਚਰਚਾ**-ਕੁਝ ਕੰਪਨੀਆਂ ਮੌਤ ਤੋਂ ਬਾਅਦ ਮਨੁੱਖ ਦੇ ਸਰੀਰ ਜਾਂ ਦਿਮਾਗ ਨੂੰ ਜਮਾਉਣ ਦੀ ਸੇਵਾ ਵੀ ਦਿੰਦੀਆਂ ਹਨ, ਇਸ ਆਸ ਨਾਲ ਕਿ ਭਵਿੱਖ ਵਿੱਚ ਵਿਗਿਆਨ ਉਨ੍ਹਾਂ ਨੂੰ ਮੁੜ ਜੀਵੰਤ ਕਰ ਸਕੇ। ਇਸ ਕਾਰਨ ਧਰਮ, ਦਰਸ਼ਨ ਅਤੇ ਨੈਤਿਕਤਾ ਨਾਲ ਜੁੜੀਆਂ ਚਰਚਾਵਾਂ ਉਭਰੀਆਂ ਹਨ।

**ਕ੍ਰਾਇਓਪ੍ਰਿਜ਼ਰਵੇਸ਼ਨ ਦੀ ਲਾਗਤ**-ਕ੍ਰਾਇਓਪ੍ਰਿਜ਼ਰਵੇਸ਼ਨ ਦੀ ਲਾਗਤ ਇਸ ਗੱਲ 'ਤੇ ਨਿਰਭਰ ਕਰਦੀ ਹੈ ਕਿ ਕਿਹੜਾ ਜੀਵ ਵਿਗਿਆਨਕ ਪਦਾਰਥ ਸੰਭਾਲਿਆ ਜਾ ਰਿਹਾ ਹੈ।

ਇਸ ਵਿੱਚ ਮੈਡੀਕਲ ਪ੍ਰਕਿਰਿਆਵਾਂ, ਸਟੋਰੇਜ ਉਪਕਰਣ ਅਤੇ ਲੰਬੇ ਸਮੇਂ ਦੀ ਦੇਖਭਾਲ ਦੇ ਖ਼ਰਚੇ ਸ਼ਾਮਲ ਹੁੰਦੇ ਹਨ। ਇਸ ਕਰਕੇ ਇਸ ਤਕਨੀਕ ਦਾ ਲਾਭ ਅਜੇ ਤੱਕ ਜ਼ਿਆਦਾਤਰ ਅਮੀਰ ਲੋਕਾਂ ਜਾਂ ਵਿਕਸਿਤ ਸਿਹਤ ਪ੍ਰਣਾਲੀਆਂ ਤੱਕ ਹੀ ਸੀਮਿਤ ਹੈ।

**ਕ੍ਰਾਇਓਪ੍ਰਿਜ਼ਰਵੇਸ਼ਨ ਦੇ ਫ਼ਾਇਦੇ** -ਲੰਬੇ ਸਮੇਂ ਲਈ ਜੀਵ ਵਿਗਿਆਨਕ ਪਦਾਰਥ ਦੀ ਸੰਭਾਲ

ਫਰਟੀਲਿਟੀ ਸੰਭਾਲ (ਜਿਵੇਂ ਕੀਮੋਥੈਰੇਪੀ ਲੈ ਰਹੇ ਮਰੀਜ਼ਾਂ ਲਈ)

ਮੈਡੀਕਲ ਖੋਜ ਲਈ ਸਹਾਇਤਾ

ਖਤਰੇ ਵਿੱਚ ਪਈਆਂ ਪ੍ਰਜਾਤੀਆਂ ਦੀ ਰੱਖਿਆ।

ਭਵਿੱਖ ਵਿੱਚ ਅੰਗ ਸੰਭਾਲ ਤਕਨੀਕ ਦੀ ਸੰਭਾਵਨਾ।

ਕ੍ਰਾਇਓਪ੍ਰਿਜ਼ਰਵੇਸ਼ਨ ਦੇ ਨੁਕਸਾਨ

**ਉੱਚ ਲਾਗਤ**-ਜਮਾਉਣ ਸਮੇਂ ਕੋਸ਼ਿਕਾਵਾਂ ਨੂੰ ਨੁਕਸਾਨ ਦਾ ਖਤਰਾ।

ਨੈਤਿਕ ਅਤੇ ਧਾਰਮਿਕ ਚਿੰਤਾਵਾਂ।

ਕਈ ਵਾਰ ਗਲਾਉਣ ਤੋਂ ਬਾਅਦ ਕੋਸ਼ਿਕਾਵਾਂ ਜੀਵੰਤ ਨਹੀਂ ਰਹਿੰਦੀਆਂ।

ਪੂਰੇ ਅੰਗਾਂ ਜਿਵੇਂ ਦਿਲ ਜਾਂ ਦਿਮਾਗ ਦੀ ਸੰਭਾਲ ਅਜੇ ਵੀ ਮੁਸ਼ਕਲ ਹੈ।

ਕ੍ਰਾਇਓਪ੍ਰਿਜ਼ਰਵੇਸ਼ਨ ਦਾ ਭਵਿੱਖ

ਭਵਿੱਖ ਵਿੱਚ ਕ੍ਰਾਇਓਪ੍ਰਿਜ਼ਰਵੇਸ਼ਨ ਦੀਆਂ ਸੰਭਾਵਨਾਵਾਂ ਕਾਫ਼ੀ ਉਜਲੀਆਂ ਦਿਖਾਈ ਦਿੰਦੀਆਂ ਹਨ। ਵਿਗਿਆਨੀ ਹੇਠ ਲਿਖੇ ਖੇਤਰਾਂ 'ਤੇ ਕੰਮ ਕਰ ਰਹੇ ਹਨ:

ਟ੍ਰਾਂਸਪਲਾਂਟ ਲਈ ਅੰਗਾਂ ਦੀ ਕ੍ਰਾਇਓਪ੍ਰਿਜ਼ਰਵੇਸ਼ਨ।

ਹੋਰ ਸੁਚੱਜੇ ਕ੍ਰਾਇਓਪ੍ਰੋਟੈਕਟੈਂਟਸ ਦੀ ਵਿਕਾਸ।

ਸੰਭਾਲੇ ਗਏ ਕੋਸ਼ਿਕਾਵਾਂ ਤੋਂ ਕ੍ਰਿਤ੍ਰਿਮ ਅੰਗ ਬਣਾਉਣਾ।

ਪੂਰੇ ਪਰਿਸਥਿਤਕੀ ਤੰਤਰ ਦੇ ਜੈਨੇਟਿਕ ਪਦਾਰਥ ਦੀ ਸੰਭਾਲ।

ਬਾਇਓਟੈਕਨੋਲੋਜੀ ਅਤੇ ਰੀਜਨਰੇਟਿਵ ਮੈਡੀਸਨ ਵਰਗੇ ਅਗੇਤਰ ਖੇਤਰ ਇਸ ਤਕਨੀਕ ਤੋਂ ਕਾਫ਼ੀ ਲਾਭ ਪ੍ਰਾਪਤ ਕਰ ਸਕਦੇ ਹਨ। ਕੁਝ ਵਿਗਿਆਨੀ ਇਹ ਵੀ ਮੰਨਦੇ ਹਨ ਕਿ ਭਵਿੱਖ ਵਿੱਚ ਨੈਨੋਟੈਕਨੋਲੋਜੀ ਦੀ ਮਦਦ ਨਾਲ ਜਮਾਉਣ ਦੌਰਾਨ ਨੁਕਸਾਨ ਹੋਏ ਕੋਸ਼ਿਕਾਵਾਂ ਦੀ ਮੁਰੰਮਤ ਵੀ ਸੰਭਵ ਹੋ ਸਕੇਗੀ।

ਕ੍ਰਾਇਓਪ੍ਰਿਜ਼ਰਵੇਸ਼ਨ ਇੱਕ ਸ਼ਕਤੀਸ਼ਾਲੀ ਵਿਗਿਆਨਕ ਤਕਨੀਕ ਹੈ ਜੋ ਜੀਵ ਵਿਗਿਆਨਕ ਪਦਾਰਥਾਂ ਨੂੰ ਬਹੁਤ ਘੱਟ ਤਾਪਮਾਨ 'ਤੇ ਲੰਬੇ ਸਮੇਂ ਲਈ ਸੰਭਾਲਣ ਦੀ ਸਹੂਲਤ ਦਿੰਦੀ ਹੈ। ਇਸ ਨੇ ਇਲਾਜ਼ ਪ੍ਰਣਾਲੀ, ਫਰਟੀਲਿਟੀ ਇਲਾਜ, ਖੇਤੀਬਾੜੀ ਅਤੇ ਜੰਗਲੀ ਜੀਵ ਸੰਰੱਖਣ ਵਰਗੇ ਖੇਤਰਾਂ ਵਿੱਚ ਮਹੱਤਵਪੂਰਨ ਬਦਲਾਅ ਲਿਆਂਦੇ ਹਨ।

ਹਾਲਾਂਕਿ ਇਸ ਤਕਨੀਕ ਨਾਲ ਕੁਝ ਚੁਣੌਤੀਆਂ ਵੀ ਜੁੜੀਆਂ ਹਨ ਜਿਵੇਂ ਉੱਚ ਲਾਗਤ, ਤਕਨੀਕੀ ਸੀਮਾਵਾਂ ਅਤੇ ਨੈਤਿਕ ਚਰਚਾਵਾਂ। ਫਿਰ ਵੀ, ਜਿਵੇਂ-ਜਿਵੇਂ ਵਿਗਿਆਨ ਤਰੱਕੀ ਕਰਦਾ ਜਾ ਰਿਹਾ ਹੈ, ਕ੍ਰਾਇਓਪ੍ਰਿਜ਼ਰਵੇਸ਼ਨ ਭਵਿੱਖ ਵਿੱਚ ਜੀਵਨ ਬਚਾਉਣ, ਜੈਵਿਕ ਵਿਭਿੰਨਤਾ ਦੀ ਰੱਖਿਆ ਕਰਨ ਅਤੇ ਮੈਡੀਕਲ ਵਿਗਿਆਨ ਨੂੰ ਅੱਗੇ ਵਧਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦੀ ਹੈ।

**-ਡਾ. ਸੁਰਿੰਦਰਪਾਲ ਸਿੰਘ, ਵਿਗਿਆਨ ਅਧਿਆਪਕ, ਸ੍ਰੀ ਅੰਮ੍ਰਿਤਸਰ ਸਾਹਿਬ, ਪੰਜਾਬ।**

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091237
International Newspaper & WEB TV

### ਆਮ ਆਦਮੀ ਪਾਰਟੀ ਦੀ ਸਰਕਾਰ ਦੇ ਸ਼ਾਨਦਾਰ ਚਾਰ ਸਾਲ

# ਹਰ ਖੇਤਰ ਵਿੱਚ ਹੋਇਆ ਇਤਿਹਾਸਕ ਵਿਕਾਸ : ਮੈਡਮ ਸਰਬਜੀਤ ਕੌਰ ਬਲਾਕ ਕੁਆਰਡੀਨੇਟਰ ਸ਼ੋਸ਼ਲ ਮੀਡੀਆ



ਜੰਡਿਆਲਾ ਗੁਰੂ, 16 ਮਾਰਚ ( ਕੁਲਵੰਤ ਸਿੰਘ ਵਿਰਦੀ ) – ਪੰਜਾਬ ਵਿੱਚ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਜੀ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਚਾਰ ਸਾਲ ਪੂਰੇ ਹੋਣ ਮੌਕੇ ਆਮ ਆਦਮੀ ਪਾਰਟੀ ਹਲਕਾ ਜੰਡਿਆਲਾ ਗੁਰੂ ਤੋਂ ਮੈਡਮ ਸਰਬਜੀਤ ਕੌਰ ਬਲਾਕ ਕੁਆਰਡੀਨੇਟਰ ਸ਼ੋਸ਼ਲ ਮੀਡੀਆ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਦੇ ਚਾਰ ਸਾਲ ਪੰਜਾਬ ਲਈ ਇਤਿਹਾਸਕ ਸਾਬਤ ਹੋਏ ਹਨ। ਇਨ੍ਹਾਂ ਚਾਰ ਸਾਲਾਂ ਦੌਰਾਨ ਸਿਹਤ, ਸਿੱਖਿਆ, ਰੋਜ਼ਗਾਰ, ਕਿਸਾਨੀ, ਮਹਿਲਾ ਭਲਾਈ, ਉਦਯੋਗਿਕ ਵਿਕਾਸ ਅਤੇ ਬੁਨਿਆਦੀ ਢਾਂਚੇ ਦੇ ਖੇਤਰ ਵਿੱਚ ਵੱਡੇ ਬਦਲਾਅ ਆਏ ਹਨ। ਮੈਡਮ ਸਰਬਜੀਤ ਕੌਰ ਨੇ ਦੱਸਿਆ ਕਿ ਸਿਹਤ ਖੇਤਰ ਵਿੱਚ ਸਰਕਾਰ ਵੱਲੋਂ ਲੋਕਾਂ ਨੂੰ ਵੱਡੀ ਰਾਹਤ ਦਿੱਤੀ ਗਈ ਹੈ। ਆਮ ਆਦਮੀ ਕਲੀਨਿਕਾਂ ਵਿੱਚ ਮੁਫ਼ਤ ਦਵਾਈਆਂ ਅਤੇ ਟੈਸਟ ਦੀ ਸਹੂਲਤ ਦਿੱਤੀ ਜਾ ਰਹੀ ਹੈ ਅਤੇ ਹੁਣ ਤੱਕ 2,661 ਡਾਕਟਰ, ਪੈਰਾਮੈਡੀਕਲ ਸਟਾਫ ਅਤੇ ਕਲੀਨਿਕਲ ਸਟਾਫ ਦੀ ਭਰਤੀ ਕੀਤੀ ਗਈ ਹੈ। ਇਸ ਤੋਂ ਇਲਾਵਾ "ਮੁੱਖ ਮੰਤਰੀ ਸਿਹਤ ਯੋਜਨਾ" ਤਹਿਤ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਦਿੱਤਾ ਜਾ ਰਿਹਾ ਹੈ ਉਨ੍ਹਾਂ ਕਿਹਾ ਕਿ ਸਿੱਖਿਆ ਖੇਤਰ ਵਿੱਚ ਪੰਜਾਬ ਨੇ ਦੇਸ਼ ਵਿੱਚ ਮਿਸਾਲ ਕਾਇਮ ਕੀਤੀ ਹੈ। ਨੈਸ਼ਨਲ ਅਚੀਵਮੈਂਟ ਸਰਵੇ ਵਿੱਚ ਪੰਜਾਬ ਦੇਸ਼ ਵਿੱਚ ਨੰਬਰ-1 ਰਿਹਾ ਹੈ। ਸਰਕਾਰੀ ਸਕੂਲਾਂ ਦੇ 305ਵਿਦਿਆਰਥੀਆਂ ਨੇ ਅਤੇ 845 ਵਿਦਿਆਰਥੀਆਂ ਨੇ ਪਰੀਖਿਆ ਪਾਸ ਕੀਤੀ ਹੈ। ਸਿੱਖਿਆ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ 15,000 ਤੋਂ ਵੱਧ ਅਧਿਆਪਕਾਂ ਦੀ ਭਰਤੀ ਕੀਤੀ ਗਈ ਹੈ ਅਤੇ 12,000 ਤੋਂ ਵੱਧ ਅਧਿਆਪਕਾਂ ਨੂੰ ਤਰੱਕੀ ਦਿੱਤੀ ਗਈ ਹੈ। ਸਕੂਲਾਂ ਵਿੱਚ ਆਧੁਨਿਕ ਲੈਬੋਰਟਰੀਆਂ, ਲਾਇਬ੍ਰੇਰੀਆਂ ਅਤੇ ਬੁਨਿਆਦੀ ਢਾਂਚੇ ਨੂੰ ਵੀ ਵੱਡੇ ਪੱਧਰ 'ਤੇ ਮਜ਼ਬੂਤ ਕੀਤਾ ਗਿਆ ਹੈ। ਮੈਡਮ ਸਰਬਜੀਤ ਕੌਰ ਨੇ ਕਿਹਾ ਕਿ ਰੋਜ਼ਗਾਰ ਦੇ ਮੋਰਚੇ 'ਤੇ ਵੀ ਮਾਨ ਸਰਕਾਰ ਨੇ ਵੱਡੀ ਕਾਮਯਾਬੀ ਹਾਸਲ ਕੀਤੀ ਹੈ। ਹੁਣ ਤੱਕ 65,264 ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਚੁੱਕੀਆਂ ਹਨ ਅਤੇ ਨੌਜਵਾਨਾਂ ਲਈ 5 ਲੱਖ ਤੋਂ ਜਿਆਦਾ ਪ੍ਰਾਈਵੇਟ ਸੈਕਟਕ ਵਿੱਚ ਨੌਕਰੀਆਂ ਦਿੱਤੀਆਂ ਗਈਆਂ ਹਨ। ਮੈਡਮ ਸਰਬਜੀਤ ਕੌਰ ਬਲਾਕ ਕੁਆਰਡੀਨੇਟਰ ਨੇ ਦੱਸਿਆ ਕਿ ਮਹਿਲਾਵਾਂ ਦੀ ਆਰਥਿਕ ਮਜ਼ਬੂਤੀ ਲਈ "ਮੁੱਖ ਮੰਤਰੀ ਮਾਂਵਾਂ ਧੀਆਂ ਸਤਿਕਾਰ ਯੋਜਨਾ" ਸ਼ੁਰੂ ਕੀਤੀ ਗਈ ਹੈ ਜਿਸ ਤਹਿਤ ਹਰ ਮਹਿਲਾ ਨੂੰ 1,000 ਰੁਪਏ ਪ੍ਰਤੀ ਮਹੀਨਾ ਅਤੇ ਐਸਸੀ ਵਰਗ ਦੀਆਂ ਮਹਿਲਾਵਾਂ ਨੂੰ 1,500 ਰੁਪਏ ਪ੍ਰਤੀ ਮਹੀਨਾ ਦਿੱਤੇ ਜਾ ਰਹੇ ਹਨ। ਇਸ ਦੇ ਨਾਲ ਹੀ ਸ਼ਹੀਦਾਂ ਦੀਆਂ ਧੀਆਂ ਨੂੰ 1 ਕਰੋੜ ਰੁਪਏ ਦੀ ਸਨਮਾਨ ਰਾਸ਼ੀ ਦੇ ਕੇ ਸਰਕਾਰ ਵੱਲੋਂ ਉਨ੍ਹਾਂ ਦੇ ਪਰਿਵਾਰਾਂ ਦਾ ਸਨਮਾਨ ਕੀਤਾ ਜਾ ਰਿਹਾ ਹੈ ਉਨ੍ਹਾਂ ਕਿਹਾ ਕਿ ਉਦਯੋਗਿਕ ਵਿਕਾਸ ਨੂੰ ਤਰੱਕੀ ਦੇਣ ਲਈ ਪੰਜਾਬ ਵਿੱਚ ਪਿਛਲੇ ਚਾਰ ਸਾਲਾਂ ਦੌਰਾਨ 1.55 ਲੱਖ ਕਰੋੜ ਰੁਪਏ ਤੋਂ ਵੱਧ ਦਾ ਉਦਯੋਗਿਕ ਨਿਵੇਸ਼ ਆਇਆ ਹੈ ਜਿਸ ਨਾਲ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਹੋਏ ਹਨ। ਉਦਯੋਗਿਕ ਅਤੇ ਵਪਾਰਕ ਵਿਕਾਸ ਲਈ ਇੰਡਸਟਰੀਅਲ ਐਂਡ ਬਿਜ਼ਨਸ ਡਿਵੈਲਪਮੈਂਟ ਪਾਲਿਸੀ-2026 ਵੀ ਲਾਗੂ ਕੀਤੀ ਗਈ ਹੈ ਤੇ ਖੇਡਾਂ ਦੇ ਵਿਕਾਸ ਲਈ ਸਰਕਾਰ ਵੱਲੋਂ 3,100 ਨਵੇਂ ਖੇਡ ਮੈਦਾਨ ਬਣਾਏ ਗਏ ਹਨ ਅਤੇ ਮੈਡਮ ਸਰਬਜੀਤ ਕੌਰ ਨੇ ਦੱਸਿਆ ਕਿ ਮਾਨ ਸਰਕਾਰ ਵੱਲੋਂ ਲੋਕਾਂ ਨੂੰ ਵੱਡੀ ਰਾਹਤ ਦੇਣ ਲਈ 90% ਘਰਾਂ ਨੂੰ 600 ਯੂਨਿਟ ਤੱਕ ਮੁਫ਼ਤ ਬਿਜਲੀ ਦਿੱਤੀ ਜਾ ਰਹੀ ਹੈ ਅਤੇ ਪਹਿਲੀ ਵਾਰ ਕਿਸਾਨਾਂ ਨੂੰ ਦਿਨ ਦੇ ਸਮੇਂ ਬਿਨਾਂ ਕਟੌਤੀ ਬਿਜਲੀ ਸਪਲਾਈ ਵੀ ਦਿੱਤੀ ਗਈ ਹੈ ਅੰਤ ਵਿੱਚ ਮੈਡਮ ਸਰਬਜੀਤ ਕੌਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਾਬਤ ਕਰ ਦਿੱਤਾ ਹੈ ਕਿ ਜੇ ਨੀਅਤ ਸਾਫ ਹੋਵੇ ਤਾਂ ਘੱਟ ਸਮੇਂ ਵਿੱਚ ਵੀ ਵੱਡੇ ਬਦਲਾਅ ਲਿਆਂਦੇ ਜਾ ਸਕਦੇ ਹਨ। ਆਉਣ ਵਾਲੇ ਸਮੇਂ ਵਿੱਚ ਵੀ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਨੂੰ ਤਰੱਕੀ ਅਤੇ ਖੁਸ਼ਹਾਲੀ ਦੀ ਨਵੀਂ ਉਚਾਈਆਂ ਤੱਕ ਲਿਜਾਇਆ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

### ਐਚ.ਆਈ.ਜੀ. ਰੇਜ਼ਿਡੈਂਟਸ ਵੈਲਫੇਅਰ ਸੋਸਾਇਟੀ ਵੱਲੋਂ

# 100 ਲੋੜਵੰਦ ਬੱਚਿਆਂ ਨੂੰ ਕਿਤਾਬਾਂ ਵੰਡੀਆਂ ਗਈਆਂ



**ਚੌਕ ਮਹਿਤਾ, 16 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)-** )ਤੇਜ਼ ਮੂਸਲਾਧਾਰ ਮੀਂਹ ਦੇ ਬਾਵਜੂਦ ਐਚ.ਆਈ.ਜੀ. ਰੇਜ਼ਿਡੈਂਟਸ ਵੈਲਫੇਅਰ ਸੋਸਾਇਟੀ ਵੱਲੋਂ ਕਿਤਾਬ ਵੰਡ ਪ੍ਰੋਗਰਾਮ ਦਾ ਸਫਲ ਆਯੋਜਨ ਕੀਤਾ ਗਿਆ। ਇਸ ਮੌਕੇ ਲਗਭਗ 100 ਤੋਂ ਵੱਧ ਲੋੜਵੰਦ ਬੱਚਿਆਂ ਨੂੰ ਉਨ੍ਹਾਂ ਦੀ ਪਸੰਦ ਦੀਆਂ 10-10 ਨਵੀਆਂ ਕਿਤਾਬਾਂ ਪ੍ਰਦਾਨ ਕੀਤੀਆਂ ਗਈਆਂ। ਬੱਚਿਆਂ ਵਿੱਚ ਕਿਤਾਬਾਂ ਪ੍ਰਾਪਤ ਕਰਨ ਲਈ ਖਾਸ ਉਤਸ਼ਾਹ ਦੇਖਣ ਨੂੰ ਮਿਲਿਆ। ਇਹ ਪ੍ਰੋਗਰਾਮ ਸੋਸਾਇਟੀ ਦੀ ਵਾਈਸ ਪ੍ਰੇਜ਼ੀਡੈਂਟ ਅਤੇ ਰਾਸ਼ਟਰਪਤੀ ਪੁਰਸਕਾਰ ਪ੍ਰਾਪਤ ਸਮਾਜਸੇਵੀ ਡਾ. ਸਵਰਾਜ ਗਰੋਵਰ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ। ਇਸ ਮੌਕੇ ਸੈਕਟਰ-ਸੀ ਦੀ ਡੀ.ਏ.ਵੀ. ਕਾਲਜ ਦੀ ਪ੍ਰੋਫੈਸਰ ਡਾ. ਸ਼ੈਲੀ ਜੱਗੀ ਅਤੇ ਸਮਾਜਸੇਵੀ ਰੇਖਾ ਭੱਟੀ ਵੀ ਖਾਸ ਤੌਰ 'ਤੇ ਮੌਜੂਦ ਰਹੇ। ਇਸ ਪ੍ਰੋਗਰਾਮ ਵਿੱਚ ਹੋਲੀ ਹਾਰਟ ਪ੍ਰੇਸੀਡੈਂਸੀ ਸਕੂਲ ਦੀ ਡਾਇਰੈਕਟਰ ਅਤੇ ਸਮਾਜਸੇਵੀ ਸ਼੍ਰੀਮਤੀ ਅੰਜਨਾ ਸੇਠ ਅਤੇ ਪ੍ਰਿੰਸੀਪਲ ਸ਼੍ਰੀਮਤੀ ਸ਼ਿਲਪਾ ਸੇਠ ਦਾ ਖਾਸ ਸਹਿਯੋਗ ਰਿਹਾ। ਸੋਸਾਇਟੀ ਦੀ ਕੋਸ਼ਾਧਿਕਾਰੀ ਰਾਜਦੀਪ ਕੌਰ, ਸਰਗਰਮ ਮੈਂਬਰ ਪ੍ਰਕਾਸ਼ ਕੌਰ ਅਤੇ ਪ੍ਰੀਤੀ ਸਿੰਘ ਨੇ ਕਿਹਾ ਕਿ ਕਿਤਾਬਾਂ ਹੀ ਬੱਚਿਆਂ ਨੂੰ ਕਾਮਯਾਬੀ ਦੀਆਂ ਉੱਚਾਈਆਂ ਤੱਕ ਪਹੁੰਚਾਉਣ ਵਿੱਚ ਮਦਦ ਕਰਦੀਆਂ ਹਨ। ਡਾ. ਸ਼ੈਲੀ ਜੱਗੀ ਨੇ ਕਿਹਾ ਕਿ ਕਿਤਾਬਾਂ ਬੱਚਿਆਂ ਦੀਆਂ ਸੱਚੀਆਂ ਮਿੱਤਰ ਹੁੰਦੀਆਂ ਹਨ ਅਤੇ ਉਹਨਾਂ ਦੇ ਵਿਅਕਤੀਤਵ ਦੇ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। ਡਾ. ਸਵਰਾਜ ਗਰੋਵਰ ਨੇ ਕਿਹਾ ਕਿ ਕਿਤਾਬਾਂ ਗਿਆਨ ਦਾ ਅਮੂਲ ਖਜ਼ਾਨਾ ਹਨ ਅਤੇ ਸਫਲ ਅਤੇ ਸੰਸਕਾਰਵਾਨ ਜੀਵਨ ਦੀ ਮਜ਼ਬੂਤ ਨੀਂਹ ਹਨ। ਰੇਖਾ ਭੱਟੀ ਨੇ ਕਿਹਾ ਕਿ ਕਿਤਾਬਾਂ ਦਾ ਗਿਆਨ ਦੀਵਾ ਵਾਂਗ ਹੈ ਜੋ ਜੀਵਨ ਨੂੰ ਰੌਸ਼ਨ ਕਰਦਾ ਹੈ। ਸਮਾਜਸੇਵੀ ਇੰਦਿਰਾ ਧਵਨ, ਸੋਨੀਆ, ਖੁਸ਼ਬੂ ਅਤੇ ਰੀਵਾ ਨੇ ਵੀ ਇਸ ਉਪਰਾਲੇ ਦੀ ਸਰਾਹਨਾ ਕਰਦਿਆਂ ਕਿਤਾਬਾਂ ਦੀ ਮਹੱਤਤਾ 'ਤੇ ਚਾਨਣ ਪਾਇਆ। ਪ੍ਰੋਗਰਾਮ ਦੇ ਅੰਤ ਵਿੱਚ ਬੱਚਿਆਂ ਨੂੰ ਬਿਸਕੁਟ ਆਦਿ ਵੰਡੇ ਗਏ। ਹਾਜ਼ਰ ਸਾਰੇ ਲੋਕਾਂ ਨੇ ਸੋਸਾਇਟੀ ਦੇ ਇਸ ਸਰਾਹਣਯੋਗ ਉਪਰਾਲੇ ਦੀ ਪ੍ਰਸ਼ੰਸਾ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਹੈਦਰਾਬਾਦ 'ਚ ਗੁਰਦੁਆਰਾ ਸਾਹਿਬ ਦੀ ਜਗ੍ਹਾ 'ਤੇ ਜਬਰੀ ਕਬਜ਼ੇ ਦਾ ਸ਼੍ਰੋਮਣੀ ਕਮੇਟੀ ਨੇ ਲਿਆ ਨੋਟਿਸ

**ਨਵੀਂ ਦਿੱਲੀ, 16 ਮਾਰਚ (ਮਨਪ੍ਰੀਤ ਸਿੰਘ ਖਾਲਸਾ):-** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਹੈਦਰਾਬਾਦ ਵਿਖੇ ਗੁਰਦੁਆਰਾ ਸਾਹਿਬ ਬਰਮਬਾਲਾ ਦੀ ਜਗ੍ਹਾ 'ਤੇ ਸਥਾਨਕ ਪ੍ਰਸ਼ਾਸਨ ਵੱਲੋਂ ਜਬਰੀ ਕਬਜ਼ਾ ਕਰਨ ਦੀ ਕੀਤੀ ਜਾ ਰਹੀ ਕਾਰਵਾਈ 'ਤੇ ਗੰਭੀਰ ਸਵਾਲ ਉਠਾਉਂਦਿਆਂ ਇਸ ਦੀ ਕਰੜੇ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬ ਨਾਲ ਸੰਬੰਧਤ ਜਗ੍ਹਾ 'ਤੇ

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਤਰ੍ਹਾਂ ਦੀ ਜਬਰਦਸਤੀ ਕਰਨੀ ਨਾ ਸਿਰਫ਼ ਦੁਖਦਾਈ ਹੈ, ਸਗੋਂ ਇਹ ਸਿੱਖ ਭਾਈਚਾਰੇ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀ ਵੀ ਹੈ।



ਐਡਵੋਕੇਟ ਧਾਮੀ ਨੇ ਕਿਹਾ ਕਿ ਗੁਰਦੁਆਰਾ ਸਾਹਿਬ ਬਰਮਬਾਲਾ ਨੂੰ ਪੁਰਾਣੇ ਸਮੇਂ ਤੋਂ ਮਿਲੀ ਹੋਈ ਜਗ੍ਹਾ 'ਤੇ ਜਬਰਨ ਕਬਜ਼ਾ ਕਰਨ ਦੀ ਕੋਸ਼ਿਸ਼ ਕਰਨਾ ਕਾਨੂੰਨ ਅਤੇ ਨਿਆਂ ਦੇ ਮੂਲ ਸਿਧਾਂਤਾਂ ਦੇ ਖ਼ਿਲਾਫ਼ ਹੈ। ਗੁਰਦੁਆਰਾ ਸਾਹਿਬ ਨਾਲ ਇਸ ਤਰ੍ਹਾਂ ਦੀ ਧੱਕੇਸ਼ਾਹੀ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ। ਉਨ੍ਹਾਂ ਕਿਹਾ ਕਿ ਸਿੱਖ ਧਰਮ ਵਿਚ ਗੁਰਦੁਆਰਾ ਸਾਹਿਬਾਨ ਸੰਗਤ ਦੀ ਆਸਥਾ ਅਤੇ ਵਿਸ਼ਵਾਸ ਦਾ ਕੇਂਦਰ ਹਨ। ਪ੍ਰਸ਼ਾਸਕੀ ਕਾਰਵਾਈ ਦੇ ਨਾਂ 'ਤੇ ਗੁਰਦੁਆਰਾ ਸਾਹਿਬ ਦੀ ਜਗ੍ਹਾ 'ਤੇ ਜਬਰੀ ਕਬਜ਼ਾ ਕਰਨ ਦੀ ਕੋਸ਼ਿਸ਼ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ 'ਤੇ ਹਮਲਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਇਸ ਧੱਕੇਸ਼ਾਹੀ ਵਾਲੀ ਕਾਰਵਾਈ ਤੋਂ ਤੁਰੰਤ ਪਿੱਛੇ ਹਟੇ।

ਉਨ੍ਹਾਂ ਕੇਂਦਰ ਸਰਕਾਰ ਨੂੰ ਵੀ ਅਪੀਲ ਕੀਤੀ ਕਿ ਇਸ ਮਾਮਲੇ ਵਿਚ ਤੁਰੰਤ ਦਖ਼ਲ ਦੇ ਕੇ ਸਿੱਖ ਭਾਈਚਾਰੇ ਦੀਆਂ ਭਾਵਨਾਵਾਂ ਦਾ ਆਦਰ ਕੀਤਾ ਜਾਵੇ ਅਤੇ ਗੁਰਦੁਆਰਾ ਸਾਹਿਬ ਬਰਮਬਾਲਾ ਨਾਲ ਸਬੰਧਤ ਜਗ੍ਹਾ 'ਤੇ ਕਬਜ਼ਾ ਦੀ ਨੀਅਤ ਨਾਲ ਕੀਤੀ ਜਾ ਰਹੀ ਕਾਰਵਾਈ ਨੂੰ ਮੁਕੰਮਲ ਤੌਰ 'ਤੇ ਰੋਕਣ ਦਾ ਸਥਾਨਕ ਸੂਬੇ ਦੀ ਸਰਕਾਰ ਨੂੰ ਆਦੇਸ਼ ਕਰੇ। ਉਨ੍ਹਾਂ ਸਥਾਨਕ ਸੰਗਤਾਂ ਨੂੰ ਇਸ ਮਾਮਲੇ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਪੂਰਨ ਸਹਿਯੋਗ ਦੀ ਵਚਨਬਧਤਾ ਪ੍ਰਗਟਾਉਂਦਿਆਂ ਕਿਹਾ ਕਿ ਕਿਸੇ ਵੀ ਧੱਕੇਸ਼ਾਹੀ ਵਿਰੁੱਧ ਸਿੱਖ ਸੰਸਥਾ ਪੂਰੇ ਵਿਸ਼ਵ ਦੀਆਂ ਸੰਗਤਾਂ ਨਾਲ ਖੜ੍ਹੀ ਹੈ ਅਤੇ ਖੜ੍ਹੀ ਰਹੇਗੀ।

# ਸੰਤ ਬਾਬਾ ਦਰਸ਼ਨ ਸਿੰਘ ਜੀ ਕੁੱਲੀ ਵਾਲਿਆਂ ਦੀ ਬਰਸੀ ਗੁਰ: ਦੁਖ ਨਿਵਾਰਨ ਸਾਹਿਬ ਮਨਾਈ ਜਾਵੇਗੀ

**ਚੌਕ ਮਹਿਤਾ, 16 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)-** ਗੁਰਦੁਆਰਾ ਦੁਖ ਨਿਵਾਰਨ ਸਾਹਿਬ ਅਸ਼ੋਕ



ਵਿਹਾਰ ਰਾਮ ਤੀਰਥ ਰੋਡ ਮਾਹਲ ਵਿਖੇ ਹਰ ਸਾਲ ਦੀ ਤਰ੍ਹਾਂ ਬ੍ਰਹਮ ਗਿਆਨੀ ਸੱਚਖੰਡ ਵਾਸੀ ਸੰਤ ਬਾਬਾ ਦਰਸ਼ਨ ਸਿੰਘ ਕੁੱਲੀ ਵਾਲਿਆਂ ਜੀ ਦੀ ਸਲਾਨਾ ਬਰਸੀ ਬੜੀ ਸ਼ਰਧਾ ਅਤੇ ਭਾਵਨਾ ਨਾਲ ਕਮੇਟੀ ਅਤੇ ਸੰਗਤਾਂ ਦੇ ਸਹਿਯੋਗ ਨਾਲ ਮਨਾਈ ਜਾਵੇਗੀ। ਗੁਰਦੁਆਰਾ ਦੁਖ ਨਿਵਾਰਨ ਸਾਹਿਬ ਤਪ ਅਸਥਾਨ ਬਾਬਾ ਬਚਨ ਲਾਲ ਸਿੰਘ ਜੀ ਪ੍ਰਬੰਧਕ ਕਮੇਟੀ ਸੇਵਾਦਾਰ ਬਾਬਾ



ਸ਼ਾਮ ਸੁੰਦਰ ਸਿੰਘ ਨੇ ਪ੍ਰੈੱਸ ਨਾਲ ਧਾਰਮਿਕ ਪ੍ਰੋਗਰਾਮ ਦੀ ਜਾਣਕਾਰੀ ਦਿੰਦਿਆਂ ਦੱਸਿਆ ਕਿ 20 ਮਾਰਚ ਸ਼ੁਕਰਵਾਰ ਨੂੰ ਸ਼੍ਰੀ ਅਖੰਡ ਪਾਠ ਸਾਹਿਬ ਆਰੰਭ 22 ਮਾਰਚ ਐਤਵਾਰ ਨੂੰ ਭੋਗ ਸ੍ਰੀ ਅਖੰਡ ਪਾਠ ਸਾਹਿਬ ਜੀ ਉਪਰੰਤ ਦੀਵਾਨ ਸਜਾਈ ਜਾਣਗੇ ਧਾਰਮਿਕ ਪੰਡਾਲ ਵਿੱਚ ਹਜੂਰੀ ਰਾਗੀ ਭਾਈ ਸਾਹਿਲ ਪ੍ਰੀਤ ਸਿੰਘ ਗਿਆਨੀ ਹਰਪਾਲ ਸਿੰਘ ਭਾਈ ਅਵਤਾਰ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਭਾਈ ਸਤਨਾਮ ਸਿੰਘ ਬੱਲੋਵਾਲੀਆ ਕਵੀਸ਼ਰੀ ਜਥਾ ਵੱਲੋਂ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰਦੇ ਆਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਜੋੜਿਆ ਜਾਵੇਗਾ ਫਰੀ ਮੈਡੀਕਲ ਕੈਂਪ ਸਮੇਤ ਗੁਰੂ ਘਰ ਦੇ ਅਤੁੱਟ ਲੰਗਰ ਵਰਤਾਏ ਜਾਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

## ਪ੍ਰੈੱਸ ਕਲੱਬ ਅੰਮ੍ਰਿਤਸਰ ਦੀ ਚੋਣ ਸਬੰਧੀ ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ ਨੇ 17 ਮਾਰਚ ਨੂੰ ਦੁਪਹਿਰ 01:00 ਵਜੇ ਜ਼ਿਲ੍ਹੇ ਦੇ ਸਮੂਹ ਪੱਤਰਕਾਰਾਂ ਅਤੇ ਵੱਖ-ਵੱਖ ਪੱਤਰਕਾਰ ਐਸੋਸੀਏਸ਼ਨਾਂ/ਯੂਨੀਅਨਾਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਰੱਖੀ

# ਚੋਣ ਨਿਯਮਾਂ ਅਤੇ ਪੱਤਰਕਾਰਾਂ ਦੀ ਵੋਟਰ ਸੂਚੀ ਤਿਆਰ ਕਰਨ ਸਬੰਧੀ ਕੀਤੀ ਜਾਵੇਗੀ ਵਿਚਾਰ

ਜੰਡਿਆਲਾ ਗੁਰੂ 16 ਮਾਰਚ (ਕੁਲਵੰਤ ਸਿੰਘ ਵਿਰਦੀ ) – ਜ਼ਿਲ੍ਹਾ ਅੰਮ੍ਰਿਤਸਰ ਦੀਆਂ ਵੱਖ-ਵੱਖ ਪੱਤਰਕਾਰ ਐਸੋਸੀਏਸ਼ਨਾਂ/ਯੂਨੀਅਨਾਂ ਵੱਲੋਂ ਪ੍ਰੈੱਸ ਕਲੱਬ, ਅੰਮ੍ਰਿਤਸਰ ਦੀਆਂ ਚੋਣਾਂ ਕਰਵਾਉਣ ਲਈ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਅਤੇ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ ਨੂੰ ਮੰਗ ਪੱਤਰ ਦਿੱਤੇ ਗਏ ਸਨ। ਇਨ੍ਹਾਂ ਮੰਗ ਪੱਤਰਾਂ ਦੇ ਅਧਾਰ 'ਤੇ ਡਿਪਟੀ ਕਮਿਸ਼ਨਰ, ਅੰਮ੍ਰਿਤਸਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ ਅੰਮ੍ਰਿਤਸਰ ਨੂੰ ਪ੍ਰੈੱਸ ਕਲੱਬ ਅੰਮ੍ਰਿਤਸਰ ਦੀਆਂ ਨਿਰਪੱਖ ਅਤੇ ਅਜ਼ਾਦਾਨਾਂ ਚੋਣਾਂ ਕਰਵਾਉਣ ਲਈ ਕਾਰਵਾਈ ਅਰੰਭ ਕਰਨ ਦੇ ਨਿਰਦੇਸ਼ ਦਿੱਤੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ ਇੰਦਰਜੀਤ ਸਿੰਘ ਨੇ ਦੱਸਿਆ ਕਿ ਪ੍ਰੈੱਸ ਕਲੱਬ ਦੀਆਂ ਚੋਣਾਂ ਕਰਵਾਉਣ ਲਈ ਸਭ ਤੋਂ ਪਹਿਲਾਂ ਚੋਣ ਨਿਯਮ ਅਤੇ ਚੋਣਾਂ ਵਿੱਚ ਭਾਗ ਲੈਣ ਵਾਲੇ ਪੱਤਰਕਾਰਾਂ ਦੀ ਵੋਟਰ ਸੂਚੀ ਤਿਆਰ ਕਰਨੀ ਬੇਹੱਦ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਪ੍ਰੈੱਸ ਕਲੱਬ ਅੰਮ੍ਰਿਤਸਰ ਦੀਆਂ ਚੋਣਾਂ ਸਬੰਧੀ ਚੋਣ ਨਿਯਮਾਂ ਨੂੰ ਤਿਆਰ ਕਰਨ ਅਤੇ ਵੋਟਰ ਸੂਚੀ ਬਣਾਉਣ ਲਈ ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ ਵੱਲੋਂ ਜ਼ਿਲ੍ਹੇ ਦੇ ਸਮੂਹ ਪੱਤਰਕਾਰਾਂ ਅਤੇ ਵੱਖ-ਵੱਖ ਪੱਤਰਕਾਰ/ਪ੍ਰੈੱਸ ਫੋਟੋਗ੍ਰਾਫ਼ਰ/ਇਲੈਕਟ੍ਰਾਨਿਕ ਮੀਡੀਆ ਐਸੋਸੀਏਸ਼ਨਾਂ/ਯੂਨੀਅਨਾਂ ਦੇ ਨੁਮਾਇੰਦਿਆਂ ਨਾਲ ਮਿਤੀ 17 ਮਾਰਚ 2026 ਨੂੰ ਦੁਪਹਿਰ 01:00 ਵਜੇ ਪ੍ਰੈੱਸ ਕਲੱਬ ਅੰਮ੍ਰਿਤਸਰ ਵਿਖੇ ਇੱਕ ਜ਼ਰੂਰੀ ਮੀਟਿੰਗ ਕੀਤੀ ਜਾਵੇਗੀ। ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ ਇੰਦਰਜੀਤ ਸਿੰਘ ਨੇ ਜ਼ਿਲ੍ਹੇ ਦੇ ਸਮੂਹ ਪੱਤਰਕਾਰਾਂ ਅਤੇ ਵੱਖ-ਵੱਖ ਪੱਤਰਕਾਰ ਐਸੋਸੀਏਸ਼ਨਾਂ/ਯੂਨੀਅਨਾਂ ਦੇ ਨੁਮਾਇੰਦਿਆਂ ਨੂੰ ਅਪੀਲ ਕੀਤੀ ਹੈ ਕਿ ਉਹ ਦਿੱਤੇ ਸਮੇਂ ਉੱਪਰ ਇਸ ਮੀਟਿੰਗ ਵਿੱਚ ਜ਼ਰੂਰ ਪਹੁੰਚਣ ਤਾਂ ਜੋ ਇਸ ਸਬੰਧੀ ਵਿਚਾਰ ਵਟਾਂਦਰਾ ਕਰਕੇ ਅਗਲੇਰੀ ਕਾਰਵਾਈ ਅਰੰਭ ਕੀਤੀ ਜਾ ਸਕੇ।



ਆਵਾਜ਼ਿ ਕੌਮ AWAZE QAUM International Newspaper & WEB TV

### ਹੈਦਰਾਬਾਦ ਦੇ ਇਤਿਹਾਸਕ ਗੁਰਦੁਆਰੇ ਦੀ ਜ਼ਮੀਨ ’ਤੇ

# ਤੋੜਫੋੜ ਅਤੇ ਵਿਵਾਦ ਚਿੰਤਾਜਨਕ: ਸਰਨਾ



ਨਵੀਂ ਦਿੱਲੀ, 16 ਮਾਰਚ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਅਕਾਲੀ ਨੇਤਾ ਪਰਮਜੀਤ ਸਿੰਘ ਸਰਨਾ ਨੇ ਹੈਦਰਾਬਾਦ ਵਿੱਚ ਗੁਰਦੁਆਰਾ ਸਾਹਿਬ ਬਰੰਬਾਲਾ ਨਾਲ ਸੰਬੰਧਿਤ ਜ਼ਮੀਨ ਦੇ ਆਲੇ ਦੁਆਲੇ ਲਗਾਈ ਗਈ ਸੁਰੱਖਿਆ ਫੈਂਸਿੰਗ ਨੂੰ ਢਾਹੇ ਜਾਣ ‘ਤੇ ਗੰਭੀਰ ਚਿੰਤਾ ਪ੍ਰਗਟ ਕੀਤੀ ਹੈ।ਉਨ੍ਹਾਂ ਨੇ ਤੇਲਾਂਗਾਨਾ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਅਦਾਲਤੀ ਹੁਕਮਾਂ ਦਾ ਸਤਿਕਾਰ ਕੀਤਾ ਜਾਵੇ ਅਤੇ ਇਲਾਕੇ ਵਿੱਚ ਸਿੱਖ ਭਾਈਚਾਰੇ ਦੀ ਸਦੀਆਂ ਪੁਰਾਣੀ ਮੌਜੂਦਗੀ ਨੂੰ ਮੰਨਤਾ ਦਿੱਤੀ ਜਾਵੇ।ਆਪਣੇ ਬਿਆਨ ਵਿੱਚ ਸਰਨਾ ਨੇ ਕਿਹਾ ਕਿ ਇਹ ਵਿਵਾਦ ਅਟਾਪੁਰ ਦੇ ਸਿੱਖ ਚਾਵਨੀਆਤ ਵਿੱਚ ਸਥਿਤ ਜ਼ਮੀਨ ਨਾਲ ਜੁੜਿਆ ਹੋਇਆ ਹੈ। ਸਿੱਖ ਭਾਈਚਾਰਾ ਇਸ ਇਲਾਕੇ ਵਿੱਚ ਆਪਣੀ ਮੌਜੂਦਗੀ ਦਾ ਇਤਿਹਾਸ ਸਾਲ 1832 ਤੱਕ ਜੋੜਦਾ ਹੈ, ਜਦੋਂ ਹੈਦਰਾਬਾਦ ਦੇ ਨਿਜ਼ਾਮ ਨੇ ਕਾਨੂੰਨ-ਵਿਵਸਥਾ ਕਾਇਮ ਰੱਖਣ ਲਈ ਮਦਦ ਦੀ ਬੇਨਤੀ ਕਰਦਿਆਂ ਮਹਾਰਾਜਾ ਰਣਜੀਤ ਸਿੰਘ ਕੋਲ ਸਿੱਖ ਫੌਜੀ ਦਸਤੇ ਭੇਜਣ ਦੀ ਅਰਜ਼ੀ ਕੀਤੀ ਸੀ। ਇਸ ਤੋਂ ਬਾਅਦ ਇਹ ਥਾਂ ਉਨ੍ਹਾਂ ਸਿੱਖ ਸਿਪਾਹੀਆਂ ਦੀਆਂ ਅਗਲੀ ਪੀੜ੍ਹੀਆਂ ਦਾ ਨਿਵਾਸ ਸਥਾਨ ਬਣ ਗਈ।ਸਥਾਨਕ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਿੱਤੀ ਗਈ ਜਾਣਕਾਰੀ ਮੁਤਾਬਕ, ਇਸ ਵੇਲੇ ਲਗਭਗ 1,200 ਸਿੱਖ ਪਰਿਵਾਰ ਇਸ ਇਲਾਕੇ ਵਿੱਚ ਰਹਿ ਰਹੇ ਹਨ। ਕਈ ਪੀੜ੍ਹੀਆਂ ਦੌਰਾਨ ਇੱਥੇ ਘਰ, ਗੁਰਦੁਆਰੇ, ਸਿੱਖਿਆ ਸੰਸਥਾਵਾਂ ਅਤੇ ਖੇਡ ਮੈਦਾਨ ਤਿਆਰ ਕੀਤੇ ਗਏ ਹਨ।ਸਰਨਾ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਹਿਲਾਂ ਕੀਤੇ ਗਏ ਸਰਵੇਖਣਾਂ ਵਿੱਚ ਵੀ ਇਹ ਮੰਨਿਆ ਗਿਆ ਸੀ ਕਿ ਸਿੱਖ ਭਾਈਚਾਰਾ ਲਗਭਗ ਦੋ ਸਦੀਆਂ ਤੋਂ ਇਸ ਜ਼ਮੀਨ ‘ਤੇ ਰਹਿ ਰਿਹਾ ਹੈ। ਅਧਿਕਾਰੀਆਂ ਵੱਲੋਂ ਪੇਸ਼ ਕੀਤੀਆਂ ਗਈਆਂ ਰਿਪੋਰਟਾਂ ਵਿੱਚ ਇਹ ਸਿਫ਼ਾਰਸ਼ ਵੀ ਕੀਤੀ ਗਈ ਸੀ ਕਿ ਰਹਾਇਸ਼ੀ ਪਲਾਟਾਂ ਨੂੰ ਨਾਮਾਤਰ ਕੀਮਤ ‘ਤੇ ਨਿਯਮਿਤ ਕੀਤਾ ਜਾਵੇ ਅਤੇ ਧਾਰਮਿਕ ਤੇ ਸਿੱਖਿਆ ਸੰਬੰਧੀ ਵਰਤੋਂ ਵਾਲੀ ਜ਼ਮੀਨ ਸੰਬੰਧਤ ਸੰਸਥਾਵਾਂ ਨੂੰ ਮੁਫ਼ਤ ਦਿੱਤੀ ਜਾਵੇ।ਉਨ੍ਹਾਂ ਨੇ ਇਹ ਵੀ ਦਰਸਾਇਆ ਕਿ ਤੇਲਾਂਗਾਨਾ ਹਾਈ ਕੋਰਟ ਨੇ ਅਧਿਕਾਰੀਆਂ ਨੂੰ ਜ਼ਮੀਨ ਦੀ ਨਿਯਮਿਤਤਾ ਦੇ ਮਾਮਲੇ ‘ਤੇ ਵਿਚਾਰ ਕਰਨ ਦਾ ਹੁਕਮ ਦਿੱਤਾ ਸੀ ਅਤੇ ਸਿੱਖ ਭਾਈਚਾਰੇ ਦੀ ਸ਼ਾਂਤਮਈ ਕਬਜ਼ੇਦਾਰੀ ਵਿੱਚ ਦਖਲਅੰਦਾਜ਼ੀ ਨਾ ਕਰਨ ਲਈ ਆਦੇਸ਼ ਜਾਰੀ ਕੀਤਾ ਸੀ। ਇਸ ਦੇ ਬਾਵਜੂਦ 15 ਮਾਰਚ ਨੂੰ ਸਥਾਨਕ ਅਧਿਕਾਰੀਆਂ ਅਤੇ ਪੁਲਿਸ ਵੱਲੋਂ ਨਿਸ਼ਾਨ ਸਾਹਿਬ ਦੇ ਨੇੜੇ ਲਗਭਗ 6,044 ਵਰਗ ਗਜ਼ ਜ਼ਮੀਨ ਦੇ ਹਿੱਸੇ ‘ਤੇ ਲਗਾਈ ਗਈ ਅਸਥਾਈ ਫੈਂਸਿੰਗ ਨੂੰ ਢਾਹ ਦਿੱਤਾ ਗਿਆ।ਗੁਰਦੁਆਰਾ ਕਮੇਟੀ ਦੇ ਅਨੁਸਾਰ ਇਹ ਫੈਂਸਿੰਗ ਸਥਾਨ ਦੀ ਪਵਿੱਤਰਤਾ ਨੂੰ ਕਾਇਮ ਰੱਖਣ ਅਤੇ ਗੈਰ-ਸਮਾਜਿਕ ਤੱਤਾਂ ਵੱਲੋਂ ਇਸ ਥਾਂ ਦੇ ਗਲਤ ਇਸਤੇਮਾਲ ਨੂੰ ਰੋਕਣ ਲਈ ਲਗਾਈ ਗਈ ਸੀ। ਕਮੇਟੀ ਦਾ ਕਹਿਣਾ ਹੈ ਕਿ ਇਹ ਅਸਥਾਈ ਢਾਂਚਾ ਸੀ ਅਤੇ ਇਸ ਦਾ ਮਕਸਦ ਨਿਸ਼ਾਨ ਸਾਹਿਬ ਦੇ ਨੇੜੇ ਕੂੜਾ ਸੁੱਟਣ, ਗੈਰਕਾਨੂੰਨੀ ਪਾਰਕਿੰਗ ਅਤੇ ਹੋਰ ਗਲਤ ਗਤੀਵਿਧੀਆਂ ਨੂੰ ਰੋਕਣਾ ਸੀ।ਸਰਨਾ ਨੇ ਕਿਹਾ ਕਿ ਇਸ ਤੋੜਫੋੜ ਨਾਲ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚੀ ਹੈ ਅਤੇ ਉਨ੍ਹਾਂ ਨੇ ਤੇਲੰਗਾਨਾ ਦੇ ਮੁੱਖ ਮੰਤਰੀ ਰੇਵਾਂਥ ਰੈਡੀ ਨੂੰ ਮਾਮਲੇ ਵਿੱਚ ਤੁਰੰਤ ਦਖਲ ਦੇਣ ਦੀ ਅਪੀਲ ਕੀਤੀ ਹੈ। ਉਨ੍ਹਾਂ ਨੇ ਰਾਜ ਸਰਕਾਰ ਨੂੰ ਅਪੀਲ ਕੀਤੀ ਕਿ ਅਧਿਕਾਰੀ ਸਿੱਖ ਭਾਈਚਾਰੇ ਦੇ ਕਬਜ਼ੇ ਵਿੱਚ ਦਖਲ ਨਾ ਕਰਨ ਅਤੇ ਜ਼ਮੀਨ ਦੀ ਨਿਯਮਿਤਤਾ ਦੀ ਲੰਬੇ ਸਮੇਂ ਤੋਂ ਬਕਾਇਆ ਪ੍ਰਕਿਰਿਆ ਨੂੰ ਜਲਦੀ ਪੂਰਾ ਕੀਤਾ ਜਾਵੇ, ਨਾਲ ਹੀ ਫੈਂਸਿੰਗ ਨੂੰ ਮੁੜ ਸਥਾਪਿਤ ਕੀਤਾ ਜਾਵੇ।ਸਰਨਾ ਨੇ ਕਿਹਾ ਸਿੱਖ ਭਾਈਚਾਰਾ ਕਈ ਪੀੜ੍ਹੀਆਂ ਤੋਂ ਇਸ ਇਲਾਕੇ ਵਿੱਚ ਸ਼ਾਂਤੀਪੂਰਵਕ ਵੱਸਦਾ ਆ ਰਿਹਾ ਹੈ ਅਤੇ ਹੈਦਰਾਬਾਦ ਦੇ ਸਮਾਜਿਕ ਅਤੇ ਸਿੱਖਿਆਕ ਜੀਵਨ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ। ਉਨ੍ਹਾਂ ਦੀ ਇਤਿਹਾਸਕ ਮੌਜੂਦਗੀ ਨੂੰ ਮੰਨਤਾ ਮਿਲਣੀ ਚਾਹੀਦੀ ਹੈ ਅਤੇ ਉਨ੍ਹਾਂ ਦੇ ਅਧਿਕਾਰਾਂ ਦੀ ਪੂਰੀ ਰੱਖਿਆ ਹੋਣੀ ਚਾਹੀਦੀ ਹੈ।

### ਐਲਪੀਜੀ ਦੀ ਘਾਟ ਦੇ ਬਾਵਜੂਦ, ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੁਨੀਆਂ ਦੇ

# ਦੂਜੇ ਸਭ ਤੋਂ ਵੱਡੇ ਸਿੱਖ ਧਾਰਮਿਕ ਸਥਾਨ ’ਤੇ ਨਿਰਵਿਘਨ ਜਾਰੀ ਹੈ ਲੰਗਰ ਸੇਵਾ



ਨਵੀਂ ਦਿੱਲੀ 16 ਮਾਰਚ (ਮਨਪ੍ਰੀਤ ਸਿੰਘ ਖਾਲਸਾ):- ਐਲਪੀਜੀ ਦੀ ਘਾਟ ਦੇ ਬਾਵਜੂਦ, ਦੁਨੀਆ ਦੇ ਦੂਜੇ ਸਭ ਤੋਂ ਵੱਡੇ ਸਿੱਖ ਧਾਰਮਿਕ ਸਥਾਨ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ਲੰਗਰ ਸੇਵਾ ਨਿਰਵਿਘਨ ਜਾਰੀ ਹੈ।ਪ੍ਰਬੰਧਕ ਕਮੇਟੀ ਦੇ ਚੇਅਰਮੈਨ ਸਰਦਾਰ ਜਗਜੋਤ ਸਿੰਘ ਸੋਹੀ ਨੇ ਐਤਵਾਰ ਨੂੰ ਕਿਹਾ ਕਿ ਇੰਡੀਅਨ ਆਇਲ ਕੰਪਨੀ ਦੇ ਡਾਇਰੈਕਟਰ ਜਨਰਲ ਨੇ ਭਰੋਸਾ ਦਿੱਤਾ ਹੈ ਕਿ ਲੰਗਰ ਸੇਵਾ ਲਈ ਸਿਲੰਡਰਾਂ ਦੀ ਕੋਈ ਕਮੀ ਨਹੀਂ ਹੋਵੇਗੀ। ਚੇਅਰਮੈਨ ਨੇ ਕਿਹਾ ਕਿ ਗੁਰੂ ਦੇ ਦਰਬਾਰ ਵਿਖੇ ਲੰਗਰ ਸੇਵਾ ਦੀ ਕਦੇ ਵੀ ਕੋਈ ਕਮੀ ਨਹੀਂ ਹੋਵੇਗੀ। ਗੁਰੂ ਦਾ ਲੰਗਰ ਸ਼ਰਧਾਲੂਆਂ ਲਈ 24 ਘੰਟੇ ਖੁੱਲ੍ਹਾ ਰਹਿੰਦਾ ਹੈ। ਹਾਲ ਵਿੱਚ ਇੱਕ ਸਮੇਂ 500 ਸ਼ਰਧਾਲੂਆਂ ਦੀ ਸਹੂਲਤ ਹੈ। ਹਰ ਰੋਜ਼, 15,000 ਤੋਂ 20,000 ਸ਼ਰਧਾਲੂ ਕਤਾਰਾਂ ਵਿੱਚ ਲੰਗਰ ਛਕ ਰਹੇ ਹਨ।ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਲੰਗਰ ਇੰਚਾਰਜ ਤੇਜਿੰਦਰ ਸਿੰਘ ਬੰਟੀ ਨੇ ਐਤਵਾਰ ਦੁਪਹਿਰ ਨੂੰ ਦੱਸਿਆ ਕਿ ਇਸ ਵੇਲੇ ਸ਼ਰਧਾਲੂਆਂ ਨੂੰ ਸਵੇਰੇ 6:00 ਵਜੇ ਤੋਂ 11:00 ਵਜੇ ਤੱਕ ਨਾਸ਼ਤਾ, ਸਵੇਰੇ 11:30 ਵਜੇ ਤੋਂ ਸ਼ਾਮ 5:00 ਵਜੇ ਤੱਕ ਲੰਗਰ, ਸ਼ਾਮ 5:00 ਵਜੇ ਤੋਂ 7:00 ਵਜੇ ਤੱਕ ਚਾਹ ਅਤੇ ਪਾਣੀ ਦਿੱਤਾ ਜਾਂਦਾ ਹੈ, ਅਤੇ ਲੰਗਰ ਸੇਵਾ ਸ਼ਾਮ 7:30 ਵਜੇ ਤੋਂ ਸਵੇਰ ਤੱਕ ਜਾਰੀ ਰਹਿੰਦੀ ਹੈ। ਲੰਗਰ ਇੰਚਾਰਜ ਨੇ ਦੱਸਿਆ ਕਿ ਐਲਪੀਜੀ ਦੀ ਘਾਟ ਤੋਂ ਬਾਅਦ, ਸਥਾਨਕ ਸ਼ਰਧਾਲੂਆਂ ਦੀ ਗਿਣਤੀ ਵਿੱਚ ਵੀ ਵਾਧਾ ਹੋਇਆ ਹੈ। ਲੰਗਰ ਇੰਚਾਰਜ ਨੇ ਦੱਸਿਆ ਕਿ ਪਹਿਲਾਂ, ਲਗਭਗ 14,000 ਤੋਂ 15,000 ਸ਼ਰਧਾਲੂ ਰੋਜ਼ਾਨਾ ਕਤਾਰ ਵਿੱਚ ਬੈਠ ਕੇ ਲੰਗਰ ਛਕਦੇ ਸਨ। ਗੈਸ ਦੀ ਘਾਟ ਤੋਂ ਬਾਅਦ, ਇਹ ਗਿਣਤੀ ਤਿੰਨ ਤੋਂ ਚਾਰ ਹਜ਼ਾਰ ਹੋ ਗਈ ਹੈ।ਸੁਪਰਡੈਂਟ ਦਲਜੀਤ ਸਿੰਘ ਨੇ ਦੱਸਿਆ ਕਿ ਲੰਗਰ ਸੇਵਾ ਵਿੱਚ ਰੋਜ਼ਾਨਾ 25 ਸਿਲੰਡਰ ਦੀ ਖਪਤ ਹੋ ਰਹੀ ਹੈ। ਖਪਤ ਦੇ ਅਨੁਪਾਤ ਵਿੱਚ ਗੈਸ ਸਿਲੰਡਰ ਵੀ ਰੋਜ਼ਾਨਾ ਆ ਰਹੇ ਹਨ। ਐਤਵਾਰ ਨੂੰ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਲੰਗਰ ਹਾਲ ਵਿੱਚ ਇੱਕ ਭਾਵੁਕ ਦ੍ਰਿਸ਼ ਦੇਖਣ ਨੂੰ ਮਿਲਿਆ। ਕਾਲੀਸਥਾਨ ਦੀ ਰਹਿਣ ਵਾਲੀ ਗੁੜੀਆ ਆਪਣੇ ਤਿੰਨ ਬੱਚਿਆਂ ਅਤੇ ਪਤੀ ਨਾਲ ਕਤਾਰ ਵਿੱਚ ਬੈਠੀ ਲੰਗਰ ਛਕਦੀ ਹੋਈ ਮਿਲੀ। ਗੁੜੀਆ ਨੇ ਦੱਸਿਆ ਕਿ ਹੋਲੀ ਦੇ ਤਿਉਹਾਰ ਦੌਰਾਨ ਬਾਹਰੋਂ ਮਹਿਮਾਨ ਆਏ ਸਨ। “ਪੂਆ” ਪਕਵਾਨ ਤਿਆਰ ਕਰਨ ਲਈ ਗੈਸ ਦੀ ਖਪਤ ਵਧ ਗਈ। ਸਿਲੰਡਰ, ਜੋ ਕਿ 25 ਦਿਨਾਂ ਤੱਕ ਚੱਲਣ ਵਾਲਾ ਸੀ, ਸਿਰਫ 19 ਦਿਨਾਂ ਵਿੱਚ ਖਤਮ ਹੋ ਗਿਆ। ਉਹ ਕਈ ਦਿਨਾਂ ਤੋਂ ਨਵਾਂ ਸਿਲੰਡਰ ਬੁੱਕ ਕਰਨ ਦੀ ਕੋਸ਼ਿਸ਼ ਕਰ ਰਹੀ ਸੀ, ਪਰ ਸਰਵਰ ਡਾਊਨ ਸੀ।ਏਜੰਸੀ ਦੇ ਲੋਕ ਇਹ ਕਹਿ ਕੇ ਇਸਨੂੰ ਮੁਲਤਵੀ ਕਰ ਰਹੇ ਹਨ ਕਿ 25 ਦਿਨਾਂ ਬਾਅਦ ਨੰਬਰ ’ਤੇ ਕਾਲ ਕੀਤੀ ਜਾਵੇਗੀ। ਮੈਂ ਆਪਣੇ ਬੱਚਿਆਂ ਨੂੰ ਭੁੱਖਾ ਨਹੀਂ ਦੇਖ ਸਕਦੀ।ਆਪਣੀ ਬੇਵਸੀ ਵਿੱਚ, ਗੁਰੂਘਰ ਹੀ ਇੱਕੋ ਇੱਕ ਸਹਾਰਾ ਸੀ। ਪਿਛਲੇ ਛੇ ਦਿਨਾਂ ਤੋਂ, ਮੈਂ ਗੁਰੂਘਰ ਦੇ ਲੰਗਰ ਵਿੱਚ ਆਪਣੇ ਪਤੀ ਅਤੇ ਬੱਚਿਆਂ ਨਾਲ ਦਿਨ ਵਿੱਚ ਦੋ ਵਾਰ ਖਾਣਾ ਖਾ ਰਹੀ ਹਾਂ।

> **ਐਲਪੀਜੀ ਦੀ ਘਾਟ ਤੋਂ ਬਾਅਦ, ਲੰਗਰ ਹਾਲ ਅੰਦਰ ਸਥਾਨਕ ਸ਼ਰਧਾਲੂਆਂ ਦੀ ਗਿਣਤੀ ਵਿੱਚ ਹੋਇਆ ਵਾਧਾ**

# ਐਨ.ਆਰ.ਆਈ ਵਿਜੇ ਪਾਲ ਜਗਪਾਲ ਨੇ ਸੋਸਾਇਟੀ ਨੂੰ ਭੇਂਟ ਕੀਤੀ 25,000 ਰੁਪਏ ਦੀ ਦਾਨ ਰਾਸ਼ੀ

ਹੁਸ਼ਿਆਰਪੁਰ, 16 ਮਾਰਚ (ਬਲਵੀਰ ਸਿੰਘ ਸੈਣੀ)-ਰੋਟਰੀ ਆਈ ਬੈਂਕ ਅਤੇ ਕੋਰਨੀਅਲ ਟ੍ਰਾਂਸਪਲਾਂਟੇਸ਼ਨ ਸੋਸਾਇਟੀ ਵੱਲੋਂ ਕੁਝ ਦਿਨ ਪਹਿਲਾਂ 3 ਸਾਲਾ ਇਕ ਬੱਚੇ ਦਾ ਕੋਰਨੀਆ ਟ੍ਰਾਂਸਪਲਾਂਟ ਕਰਵਾ ਕੇ ਉਸ ਨੂੰ ਨਵੀਂ ਰੌਸ਼ਨੀ ਪ੍ਰਦਾਨ ਕੀਤੀ ਗਈ ਸੀ। ਇਸ ਕਾਰਜ ਤੋਂ ਪ੍ਰਭਾਵਿਤ ਹੋ ਕੇ ਐਨ.ਆਰ. ਆਈ.ਵਿਜੇ ਪਾਲ ਜਗਪਾਲ ਅਤੇ ਉਨ੍ਹਾਂ ਦੀ ਧਰਮਪਤਨੀ ਰਜਿੰਦਰ ਕੌਰ ਜਗਪਾਲ ਨੇ ਸੋਸਾਇਟੀ ਨੂੰ 25,000 ਰੁਪਏ ਦੀ ਦਾਨ ਰਾਸ਼ੀ ਭੇਂਟ ਕੀਤੀ।ਇਸ ਮੌਕੇ ਪ੍ਰਧਾਨ ਜੇ.ਬੀ. ਬਹਲ ਨੇ ਉਨ੍ਹਾਂ ਨੂੰ ਸੋਸਾਇਟੀ ਦੇ ਕੰਮਕਾਜ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੋਸਾਇਟੀ ਵੱਲੋਂ ਹੁਣ ਤੱਕ 4162 ਲੋਕਾਂ ਦੇ ਕੋਰਨੀਆ ਟ੍ਰਾਂਸਪਲਾਂਟ ਕਰਵਾ ਕੇ ਉਨ੍ਹਾਂ ਨੂੰ ਰੌਸ਼ਨੀ ਦਿੱਤੀ ਜਾ ਚੁੱਕੀ ਹੈ। ਇਸ ਮੌਕੇ ਵਿਜੇ ਪਾਲ ਜਗਪਾਲ ਨੇ ਸੋਸਾਇਟੀ ਦੇ ਕੰਮਾਂ ਦੀ ਸਰਾਹਨਾ ਕਰਦਿਆਂ ਕਿਹਾ ਕਿ ਕਿਸੇ ਦੀ ਅੰਧੇਰੀ ਜ਼ਿੰਦਗੀ ਨੂੰ ਰੌਸ਼ਨ ਕਰਨਾ ਸਭ ਤੋਂ ਵੱਡਾ ਪੁੰਨ ਦਾ ਕੰਮ ਹੈ। ਉਨ੍ਹਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਵੀ ਨੇਤਰ ਦਾਨ ਕਰਨ ਲਈ ਪ੍ਰਣ ਪੱਤਰ ਭਰਨ ਤਾਂ ਜੋ ਅੰਧੇਰੀ ਜ਼ਿੰਦਗੀ ਜੀ ਰਹੇ ਲੋਕਾਂ ਦੇ ਜੀਵਨ ਵਿੱਚ ਵੀ ਰੌਸ਼ਨੀ ਆ ਸਕੇ। ਇਸ ਮੌਕੇ ਚੇਅਰਮੈਨ ਬਾਡੀ ਡੋਨੇਸ਼ਨ ਡਾ. ਤਰਸੇਮ ਸਿੰਘ ਨੇ ਸ਼ਰੀਰ ਦਾਨ ਬਾਰੇ ਵਿਸਥਾਰ ਨਾਲ ਜਾਣਕਾਰੀ



ਦਿੰਦਿਆਂ ਦੱਸਿਆ ਕਿ ਹੁਣ ਤੱਕ ਸੋਸਾਇਟੀ ਵੱਲੋਂ ਵੱਖ-ਵੱਖ ਮੈਡੀਕਲ ਕਾਲਜਾਂ ਵਿੱਚ 30 ਸ਼ਰੀਰ ਮਰਨ ਉਪਰੰਤ ਖੋਜ ਵਾਸਤੇ ਭੇਜੇ ਜਾ ਚੁੱਕੇ ਹਨ ਅਤੇ 250 ਲੋਕਾਂ ਵੱਲੋਂ ਸ਼ਰੀਰ ਦਾਨ ਕਰਨ ਲਈ ਪ੍ਰਣ ਪੱਤਰ ਭਰੇ ਜਾ ਚੁੱਕੇ ਹਨ। ਇਸ ਮੌਕੇ ਡਾ. ਲਖਵਿੰਦਰ ਕੁਮਾਰ, ਪ੍ਰੋ. ਦਲਜੀਤ ਸਿੰਘ, ਮਦਨ ਲਾਲ ਮਹਾਜਨ, ਅਸ਼ਵਨੀ ਕੁਮਾਰ ਦੱਤਾ, ਕ੍ਰਿਸ਼ਨ ਕਿਸ਼ੋਰ, ਬਲਵਿੰਦਰ ਕੁਮਾਰੀ, ਹਰਿਕਿਸ਼ਨ ਗਾਂਗਰ, ਓਂਕਾਰ ਸਿੰਘ ਚਾਹਿਲਪੁਰੀ, ਡਾ. ਦੀਪਕ, ਰਾਜਨ ਮਲਹਨ, ਹੈਪੀ ਸਾਧੋਵਾਲ, ਹਰਪ੍ਰੀਤ ਸਿੰਘ ਬੈਂਸ, ਸ਼ਿੰਦਾ ਗੋਲੀਆਂ ਆਦਿ ਹਾਜ਼ਰ ਸਨ।

# 5 ਸਾਲਾਂ ਦੀਆਂ ਗਾਰੰਟੀਆਂ ਸਿਰਫ਼ 4 ਸਾਲਾਂ ’ਚ ਪੂਰੀਆਂ ਕਰਨ ਵਾਲੀ ਪਹਿਲੀ ਮਾਨ ਸਰਕਾਰ : ਨਿਸ਼ਾਨ ਸਿੰਘ ਅਰਜਨ ਮਾਂਗਾ



**ਚੌਕ ਮਹਿਤਾ, 16 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਪੰਜਾਬ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਸਰਕਾਰ ਦੇ ਚਾਰ ਸਾਲ ਪੂਰੇ ਹੋਣ ਮੌਕੇ ਆਮ ਆਦਮੀ ਪਾਰਟੀਮਜੀਠਾ ਦੇ ਮੀਡੀਆ ਕੋਆਰਡੀਨੇਟਰ ਨਿਸ਼ਾਨ ਸਿੰਘ ਅਰਜਮਾਂਗਾ ਨੇ ਕਿਹਾ ਕਿ ਮਾਨ ਸਰਕਾਰ ਦੇ ਚਾਰ ਸਾਲ ਪੰਜਾਬ ਲਈ ਇਤਿਹਾਸਕ ਸਾਬਤ ਹੋਏ ਹਨ।ਉਨ੍ਹਾਂ ਕਿਹਾ ਕਿ ਇਹ ਪਹਿਲੀ ਸਰਕਾਰ ਹੈ ਜਿਸ ਨੇ ਪੰਜ ਸਾਲਾਂ ਲਈ ਕੀਤੀਆਂ ਗਾਰੰਟੀਆਂ ਨੂੰ ਸਿਰਫ਼ ਚਾਰ ਸਾਲਾਂ ਵਿੱਚ ਹੀ ਪੂਰਾ ਕਰਕੇ ਦਿਖਾਇਆ ਹੈ।ਅਰਜਮਾਂਗਾ ਨੇ ਦੱਸਿਆ ਕਿ ਸਿਹਤ ਖੇਤਰ ਵਿੱਚ ਸਰਕਾਰ ਵੱਲੋਂ ਲੋਕਾਂ ਨੂੰ ਵੱਡੀ ਰਾਹਤ ਦਿੱਤੀ ਗਈ ਹੈ। ਸੂਬੇ ਵਿੱਚ 881 ਆਮ ਆਦਮੀ ਕਲੀਨਿਕਾਂ ਵਿੱਚ ਲੋਕਾਂ ਨੂੰ ਮੁਫ਼ਤ ਦਵਾਈਆਂ ਅਤੇ ਟੈਸਟ ਦੀ ਸਹੂਲਤ ਦਿੱਤੀ ਜਾ ਰਹੀ ਹੈ ਅਤੇ ਹੁਣ ਤੱਕ 2,661 ਡਾਕਟਰਾਂ, ਪੈਰਾਮੈਡੀਕਲ ਅਤੇ ਕਲੀਨਿਕਲ ਸਟਾਫ ਦੀ ਭਰਤੀ ਕੀਤੀ ਗਈ ਹੈ। ਇਸ ਤੋਂ ਇਲਾਵਾ “ਮੁੱਖ ਮੰਤਰੀ ਸਿਹਤ ਯੋਜਨਾ” ਤਹਿਤ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦੀ ਸਹੂਲਤ ਦਿੱਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਸਿੱਖਿਆ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ 15,000 ਤੋਂ ਵੱਧ ਅਧਿਆਪਕਾਂ ਦੀ ਭਰਤੀ ਕੀਤੀ ਗਈ ਹੈ ਅਤੇ 12,000 ਤੋਂ ਵੱਧ ਅਧਿਆਪਕਾਂ ਨੂੰ ਤਰੱਕੀਆਂ ਦਿੱਤੀਆਂ ਗਈਆਂ ਹਨ।ਸਕੂਲਾਂ ਵਿੱਚ ਆਧੁਨਿਕ ਲੈਬੋਰਟਰੀਆਂ, ਲਾਇਬ੍ਰੇਰੀਆਂ ਅਤੇ ਬੁਨਿਆਦੀ ਢਾਂਚੇ ਨੂੰ ਵੱਡੇ ਪੱਧਰ ‘ਤੇ ਮਜ਼ਬੂਤ ਕੀਤਾ ਗਿਆ ਹੈ।ਅਰਜਮਾਂਗਾ ਨੇ ਕਿਹਾ ਕਿ ਮਾਨ ਸਰਕਾਰ ਦੇ ਸਮੇਂ ਦੌਰਾਨ ਹੁਣ ਤੱਕ 65,264 ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਚੁੱਕੀਆਂ ਹਨ, ਜਦਕਿ ਨੌਜਵਾਨਾਂ ਲਈ 5 ਲੱਖ ਤੋਂ ਵੱਧ ਨੌਕਰੀਆਂ ਪ੍ਰਾਈਵੇਟ ਸੈਕਟਰ ਵਿੱਚ ਵੀ ਮੁਹੱਈਆ ਕਰਵਾਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਮਹਿਲਾਵਾਂ ਦੀ ਆਰਥਿਕ ਮਜ਼ਬੂਤੀ ਲਈ “ਮੁੱਖ ਮੰਤਰੀ ਮਾਂਵਾਂ ਧੀਆਂ ਸਤਿਕਾਰ ਯੋਜਨਾ” ਸ਼ੁਰੂ ਕੀਤੀ ਗਈ ਹੈ, ਜਿਸ ਤਹਿਤ ਹਰ ਮਹਿਲਾ ਨੂੰ 1,000 ਰੁਪਏ ਪ੍ਰਤੀ ਮਹੀਨਾ ਅਤੇ ਐਸ.ਸੀ. ਵਰਗ ਦੀਆਂ ਮਹਿਲਾਵਾਂ ਨੂੰ 1,500 ਰੁਪਏ ਪ੍ਰਤੀ ਮਹੀਨਾ ਦਿੱਤੇ ਜਾ ਰਹੇ ਹਨ। ਅਰਜਨ ਮਾਂਗਾ ਨੇ ਕਿਹਾ ਕਿ ਉਦਯੋਗਿਕ ਵਿਕਾਸ ਨੂੰ ਤਰੱਕੀ ਦੇਣ ਲਈ ਪਿਛਲੇ ਚਾਰ ਸਾਲਾਂ ਦੌਰਾਨ ਪੰਜਾਬ ਵਿੱਚ 1.55 ਲੱਖ ਕਰੋੜ ਰੁਪਏ ਤੋਂ ਵੱਧ ਦਾ ਉਦਯੋਗਿਕ ਨਿਵੇਸ਼ ਆਇਆ ਹੈ, ਜਿਸ ਨਾਲ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਹੋਏ ਹਨ। ਉਨ੍ਹਾਂ ਦੱਸਿਆ ਕਿ ਕਾਨੂੰਨ-ਵਿਵਸਥਾ ਨੂੰ ਮਜ਼ਬੂਤ ਬਣਾਉਣ ਲਈ ਨਸ਼ਿਆਂ ਖ਼ਿਲਾਫ਼ ਵੱਡੀ ਮੁਹਿੰਮ ਚਲਾਈ ਗਈ ਹੈ, ਜਿਸ ਤਹਿਤ ਹੁਣ ਤੱਕ 50,238 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ ਅਤੇ 32,620 ਕਿੱਲੋ ਨਸ਼ਾ ਜ਼ਬਤ ਕੀਤਾ ਗਿਆ ਹੈ। ਇਸ ਦੇ ਨਾਲ ਹੀ ਸੜਕ ਹਾਦਸਿਆਂ ਵਿੱਚ ਵੱਡੀ ਕਮੀ ਆਈ ਹੈ ਅਤੇ ਮੌਤ ਦਰ ਵਿੱਚ 50.12% ਦੀ ਘਟਾਓ ਦਰਜ ਕੀਤੀ ਗਈ ਹੈ ਅਤੇ 47,000 ਲੋਕਾਂ ਨੂੰ ਮਦਦ ਪਹੁੰਚਾਈ ਗਈ ਹੈ। ਖੇਡਾਂ ਦੇ ਵਿਕਾਸ ਲਈ ਸਰਕਾਰ ਵੱਲੋਂ 3,100 ਨਵੇਂ ਖੇਡ ਮੈਦਾਨ ਬਣਾਏ ਗਏ ਹਨ ਅਤੇ ਖਿਡਾਰੀਆਂ ਨੂੰ ਅੰਤਰਰਾਸ਼ਟਰੀ ਪੱਧਰ ਦੀਆਂ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ। ਇਸ ਦੇ ਨਾਲ ਹੀ “ਮੇਰੀ ਰਸੋਈ ਯੋਜਨਾ” ਤਹਿਤ ਗਰੀਬ ਪਰਿਵਾਰਾਂ ਨੂੰ ਸਹਾਇਤਾ ਦਿੱਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਮਾਨ ਸਰਕਾਰ ਵੱਲੋਂ ਲੋਕਾਂ ਨੂੰ ਵੱਡੀ ਰਾਹਤ ਦੇਣ ਲਈ 90% ਘਰਾਂ ਨੂੰ 600 ਯੂਨਿਟ ਤੱਕ ਮੁਫ਼ਤ ਬਿਜਲੀ ਦਿੱਤੀ ਜਾ ਰਹੀ ਹੈ ਅਤੇ ਪਹਿਲੀ ਵਾਰ ਕਿਸਾਨਾਂ ਨੂੰ ਦਿਨ ਦੇ ਸਮੇਂ ਬਿਨਾਂ ਕਟੌਤੀ ਬਿਜਲੀ ਸਪਲਾਈ ਵੀ ਦਿੱਤੀ ਗਈ ਹੈ। ਅੰਤ ਵਿੱਚ ਨਿਸ਼ਾਨ ਸਿੰਘ ਅਰਜਨ ਮਾਂਗਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਾਬਤ ਕਰ ਦਿੱਤਾ ਹੈ ਕਿ ਜੇ ਨੀਅਤ ਸਾਫ ਹੋਵੇ ਤਾਂ ਘੱਟ ਸਮੇਂ ਵਿੱਚ ਵੀ ਵੱਡੇ ਬਦਲਾਅ ਲਿਆਂਦੇ ਜਾ ਸਕਦੇ ਹਨ।ਆਉਣ ਵਾਲੇ ਸਮੇਂ ਵਿੱਚ ਵੀ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਨੂੰ ਤਰੱਕੀ ਅਤੇ ਖੁਸ਼ਹਾਲੀ ਦੀ ਨਵੀਂ ਦਿਸ਼ਾ ਮਿਲਦੀ ਰਹੇਗੀ।

# ਡੀ.ਟੀ.ਐੱਫ. ਵਲੋਂ ਪ੍ਰੀਖਿਆਵਾਂ ਦੇ ਦਿਨਾਂ ਵਿੱਚ ਅਧਿਆਪਕਾਵਾਂ ਦੀਆਂ ਟ੍ਰੇਨਿੰਗਾਂ ਲਗਾਉਣ ਦਾ ਵਿਰੋਧ



**ਹੁਸ਼ਿਆਰਪੁਰ, 16 ਮਾਰਚ (ਆਵਾਜ਼ਿ ਕੌਮ ਬਿਊਰੋ)**-ਡੈਮੋਕ੍ਰੈਟਿਕ ਟੀਚਰਜ਼ ਫਰੰਟ ਪੰਜਾਬ (ਡੀ.ਟੀ.ਐੱਫ.) ਨੇ ਸਿੱਖਿਆ ਵਿਭਾਗ ਵਲੋਂ ਵਿਦਿਆਰਥੀਆਂ ਦੀਆਂ ਪ੍ਰੀਖਿਆਵਾਂ ਦੇ ਦਿਨਾਂ ਵਿੱਚ ਅਧਿਆਪਕਾਂ ਦੀਆਂ ਟ੍ਰੇਨਿੰਗਾਂ ਲਗਾਉਣ ਦੀ ਨਿੰਦਾ ਕੀਤੀ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਜਥੇਬੰਦੀ ਦੇ ਸੂਬਾ ਪ੍ਰਧਾਨ ਵਿਕਰਮਦੇਵ ਸਿੰਘ, ਜਨਰਲ ਸਕੱਤਰ ਮਹਿੰਦਰ ਕੌੜਿਆਂਵਾਲੀ, ਸੂਬਾ ਮੀਤ ਪ੍ਰਧਾਨ ਜਗਪਾਲ ਬੰਗੀ, ਸੂਬਾ ਜੁਆਇੰਟ ਸਕੱਤਰ ਮੁਕੇਸ਼ ਗੁਜਰਾਤੀ, ਜ਼ਿਲ੍ਹਾ ਪ੍ਰਧਾਨ ਸੁਖਦੇਵ ਡਾਨਸੀਵਾਲ, ਜਨਰਲ ਸਕੱਤਰ ਇੰਦਰ ਸੁਖਦੀਪ ਸਿੰਘ ਓਢਰਾ ਅਤੇ ਵਿੱਤ ਸਕੱਤਰ ਮਨਜੀਤ ਸਿੰਘ ਦਸੂਹਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਜ 16 ਮਾਰਚ ਤੋਂ ਪੰਜਾਬ ਭਰ ਦੇ ਸਾਰੇ ਪ੍ਰਾਇਮਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੀਆਂ ਸਾਲਾਨਾ ਪ੍ਰੀਖਿਆਵਾਂ ਸ਼ੁਰੂ ਹੋ ਰਹੀਆਂ ਹਨ। ਵਿਭਾਗ ਨੇ ਅੱਜ ਦੇ ਦਿਨ ਤੋਂ ਹੀ ਅਗਲੇ ਤਿੰਨ ਦਿਨਾਂ ਲਈ ਅਧਿਆਪਕਾਂ ਦੀਆਂ ਟ੍ਰੇਨਿੰਗਾਂ ਸ਼ੁਰੂ ਕਰ ਦਿੱਤੀਆਂ ਹਨ, ਇਸ ਤੋਂ ਪਤਾ ਲੱਗਦਾ ਹੈ ਕਿ ਸਿੱਖਿਆ ਵਿਭਾਗ ਕੋਲ ਕੋਈ ਨੀਤੀ ਨਹੀਂ ਹੈ। ਪਿਛਲੇ ਸਾਲਾਂ ਵਿੱਚ ਵੀ ਜਦੋਂ ਵਿਦਿਆਰਥੀ ਪ੍ਰੀਖਿਆ ਦੇ ਰਹੇ ਹੁੰਦੇ ਹਨ ਤਾਂ ਉਸ ਸਮੇਂ ਅਧਿਆਪਕਾਂ ਦੀਆਂ ਟ੍ਰੇਨਿੰਗਾਂ ਸ਼ੁਰੂ ਕਰ ਦਿੱਤੀਆਂ ਜਾਂਦੀਆਂ ਹਨ। ਡੀ.ਟੀ.ਐੱਫ. ਵੱਲੋਂ ਪਿਛਲੇ ਸਾਲਾਂ ਵਿੱਚ ਇਸ ’ਤੇ ਇਤਰਾਜ਼ ਦਰਜ਼ ਕਰਾਇਆ ਗਿਆ ਸੀ ਪਰ ਵਿਭਾਗ ਨੇ ਕੁਝ ਸੁਧਾਰ ਕਰਨ ਦੀ ਥਾਂ ਇਸ ਪ੍ਰਕਿਰਿਆ ਨੂੰ ਪਹਿਲਾਂ ਵਾਂਗ ਹੀ ਅੱਗੇ ਜਾਰੀ ਰੱਖਿਆ ਹੋਇਆ ਹੈ। ਡੀ.ਟੀ.ਐੱਫ. ਦੇ ਸੂਬਾ ਆਗੂਆਂ ਨੇ ਦੱਸਿਆ ਕਿ ਇਹ ਦਿਨ ਵਿਦਿਆਰਥੀਆਂ ਦੇ ਨਵੇਂ ਦਾਖ਼ਲੇ ਲਈ ਬਹੁਤ ਅਹਿਮ ਦਿਨ ਹੁੰਦੇ ਹਨ। ਇੰਨ੍ਹਾਂ ਅਹਿਮ ਦਿਨਾਂ ਵਿੱਚ ਬਿਨਾਂ ਕਿਸੇ ਯੋਜਨਾਬੰਦੀ ਦੇ ਮਨ ਚਾਹੇ ਢੰਗ ਨਾਲ ਅਧਿਆਪਕਾਂ ਨੂੰ ਟ੍ਰੇਨਿੰਗਾਂ ਅਤੇ ਸੈਮੀਨਾਰਾਂ ਵਿੱਚ ਭੇਜ ਕੇ ਸਕੂਲਾਂ ਨੂੰ ਖਾਲੀ ਕਰ ਦਿੱਤਾ ਜਾਂਦਾ ਹੈ। ਜਦੋਂ ਬੱਚਿਆਂ ਦੇ ਮਾਤਾ ਪਿਤਾ ਆਪਣੇ ਬੱਚਿਆਂ ਦੇ ਦਾਖਲੇ ਕਰਾਉਣ ਲਈ ਸਰਕਾਰੀ ਸਕੂਲਾਂ ਵਿੱਚ ਆਉਂਦੇ ਹਨ ਅਤੇ ਦੇਖਦੇ ਹਨ ਕਿ ਅਧਿਆਪਕ ਪ੍ਰੀਖਿਆਵਾਂ ਲੈਣ ਲਈ ਸਕੂਲ ਵਿੱਚ ਹਾਜ਼ਰ ਹੀ ਨਹੀਂ। ਇਸ ਤਰ੍ਹਾਂ ਦਾਖਲਾ ਪ੍ਰਕਿਰਿਆ ਉੱਪਰ ਵੀ ਮਾੜਾ ਅਸਰ ਪੈਂਦਾ ਹੈ। ਜੱਥੇਬੰਦੀ ਪਹਿਲਾਂ ਵੀ ਮੰਗ ਕਰਦੀ ਰਹੀ ਹੈ ਕਿ ਸਿੱਖਿਆ ਵਿਭਾਗ ਵਿਦਿਅਕ ਸੈਸ਼ਨ ਦੇ ਆਰੰਭ ਵਿੱਚ ਵਿੱਦਿਅਕ ਕੈਲੰਡਰ ਜਾਰੀ ਕਰੇ, ਪ੍ਰੰਤੂ ਸਿੱਖਿਆ ਵਿਭਾਗ ਨੇ ਇਸ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ ਹੈ। ਆਗੂਆਂ ਨੇ ਮੰਗ ਕੀਤੀ ਕਿ ਇਹ ਟਰੇਨਿੰਗਾਂ ਰੱਦ ਕਰਕੇ ਅਧਿਆਪਕਾਂ ਨੂੰ ਸਕੂਲਾਂ ਵਿੱਚ ਭੇਜਿਆ ਜਾਵੇ ਤਾਂ ਕਿ ਉਹ ਵਿਦਿਆਰਥੀਆਂ ਦੀਆਂ ਪ੍ਰੀਖਿਆਵਾਂ ਲੈ ਸਕਣ ਅਤੇ ਸਕੂਲ ਵਿੱਚ ਨਵੇਂ ਦਾਖ਼ਲੇ ਲਈ ਮਾਪਿਆਂ ਨੂੰ ਪ੍ਰੇਰਿਤ ਕਰ ਸਕਣ। ਇਸ ਮੌਕੇ ਪ੍ਰਵੀਨ ਸ਼ੇਰਪੁਰ, ਡਾ. ਸੰਜੀਵ ਕਲਸੀ, ਬਲਜੀਤ ਸਿੰਘ ਮਹਿਮੋਵਾਲ, ਨੰਦ ਰਾਮ, ਜਸਮੀਤ ਸਿੰਘ ਮਠਾਰੂ, ਰਜਿੰਦਰ ਹੇਜਮਾਂ, ਬਲਜਿੰਦਰ ਸਹੋਤਾ, ਨਿਰਮਲ ਸਿੰਘ ਨਿਹਾਲਪੁਰ, ਜਸਵੀਰ ਬੋਦਲ, ਮਨਜੀਤ ਸਿੰਘ ਬਾਬਾ, ਰੇਸ਼ਮ ਸਿੰਘ ਧੁੱਗਾ, ਅਸ਼ਨੀ ਕੁਮਾਰ, ਰਜਿੰਦਰ ਸਿੰਘ, ਵਿਨੋ ਕੁਮਾਰ, ਵਰਿੰਦਰ ਸੈਣੀ ਅਤੇ ਰਾਕੇਸ਼ ਕੁਮਾਰ ਆਦਿ ਵੀ ਹਾਜ਼ਰ ਸਨ।




★ ਜਾਰੀ ਕਰਤਾ ★

ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243